ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 9 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੨੬ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੱਛਮੀ ਬੰਗਾਲ ਦੇ ਨਵੇਂ ਮੁੱਖ ਮੰਤਰੀ ਹੋਣਗੇ ਸੁਵੇਂਦੂ ਅਧਿਕਾਰੀ



**ਕੋਲਕਾਤਾ, 8 ਮਈ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਨੇ ਪੱਛਮੀ ਬੰਗਾਲ 'ਚ ਆਪਣੇ ਪਹਿਲੇ ਮੁੱਖ ਮੰਤਰੀ ਦੇ ਨਾਮ ਦਾ ਐਲਾਨ ਕਰ ਦਿੱਤਾ ਹੈ। ਭਾਜਪਾ ਵੱਲੋਂ ਪੱਛਮੀ ਬੰਗਾਲ ਦੇ ਲਾਏ ਗਏ ਆਬਜ਼ਰਵਰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ਼ੁੱਕਰਵਾਰ ਨੂੰ ਸੁਵੇਂਦੂ ਅਧਿਕਾਰੀ ਨੂੰ ਵਿਧਾਇਕ ਦਲ ਦਾ ਨੇਤਾ ਚੁਣਿਆ, ਜਿਸ ਲਈ ਸਾਰੇ ਵਿਧਾਇਕਾਂ ਨੇ ਸਰਬਸੰਮਤੀ ਦਿੱਤੀ। ਜ਼ਿਕਰਯੋਗ ਹੈ ਕਿ ਇਤਿਹਾਸ 'ਚ ਇਹ ਪਹਿਲੀ ਵਾਰ ਹੈ ਜਦੋਂ ਭਾਜਪਾ ਰਾਜ ਵਿੱਚ ਸਰਕਾਰ ਬਣਾਏਗੀ, ਜਿਸ ਨਾਲ ਖੇਤਰੀ ਪਾਰਟੀਆਂ ਅਤੇ ਖੱਬੇ ਪੱਖੀ ਸੰਗਠਨਾਂ ਦੇ ਦਹਾਕਿਆਂ ਤੋਂ ਚੱਲ ਰਹੇ ਦਬਦਬੇ ਨੂੰ ਖਤਮ ਕੀਤਾ ਜਾਵੇਗਾ। ਬੰਗਾਲ ਵਿੱਚ ਨਵੀਂ ਭਾਜਪਾ ਸਰਕਾਰ ਕੱਲ੍ਹ ਕੋਲਕਾਤਾ ਦੇ ਬ੍ਰਿਗੇਡ ਪਰੇਡ ਗਰਾਊਂਡ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਪ੍ਰਧਾਨ ਨਿਤਿਨ ਨਬੀਨ, ਕੇਂਦਰੀ ਮੰਤਰੀਆਂ ਅਤੇ ਭਾਜਪਾ ਸ਼ਾਸਿਤ ਰਾਜਾਂ ਦੇ ਮੁੱਖ ਮੰਤਰੀਆਂ ਦੀ ਮੌਜੂਦਗੀ ਵਿੱਚ ਸਹੁੰ ਚੁੱਕੇਗੀ।

## ਕਰੂਜ਼ 'ਚ 4 ਲੋਕਾਂ ਦੀ ਮੌਤ

# ਹੰਤਾਵਾਇਰਸ ਦਾ ਕਹਿਰ

**ਨਵੀਂ ਦਿੱਲੀ, 8 ਮਈ (ਆਵਾਜ਼ਿ ਕੌਮ ਬਿਊਰੋ)**-ਕੋਰੋਨਾਵਾਇਰਸ ਤੋਂ ਬਾਅਦ ਹੁਣ ਇੱਕ ਨਵੇਂ ਵਾਇਰਸ ਹੰਤਾਵਾਇਰਸ ਦੁਨੀਆ 'ਚ ਦਹਿਸ਼ਤ ਮਚਾਉਣ ਦੀ ਤਿਆਰੀ ਕਰ ਰਿਹਾ ਹੈ। ਇਹ ਖ਼ਤਰਨਾਕ ਵਾਇਰਸ, ਜੋ ਕਿ ਇੱਕ ਕਰੂਜ਼ ਜਹਾਜ਼, ਐਮਵੀ ਹੋਂਡੀਅਸ 'ਤੇ ਫੈਲਣ ਕਾਰਨ ਦੁਨੀਆ ਭਰ ਵਿੱਚ ਹੰਗਾਮਾ ਮੱਚ ਗਿਆ ਹੈ। ਜਹਾਜ਼ ਵਿੱਚ ਸਵਾਰ ਪੰਜ ਲੋਕ ਵਾਇਰਸ ਨਾਲ ਸੰਕਰਮਿਤ ਹੋਏ ਹਨ, ਜਦੋਂ ਕਿ ਕਈ ਹੋਰਾਂ ਨੂੰ ਸ਼ੱਕੀ ਸੂਚੀ ਵਿੱਚ ਰੱਖਿਆ ਗਿਆ ਹੈ। ਇਸ ਦੌਰਾਨ ਇਹ ਗੱਲ ਵੀ ਸਾਹਮਣੇ ਆ ਰਹੀ ਹੈ ਕਿ ਉਕਤ ਜਹਾਜ਼ ਦੇ ਚਾਲਕ ਦਲ ਵਿੱਚ ਦੋ ਭਾਰਤੀ ਵੀ ਹਨ। ਦੱਸ ਦਈਏ ਕਿ ਜਹਾਜ਼ 'ਚ ਵਾਇਰਲ ਦੇ ਪ੍ਰਭਾਵ 'ਚ ਆਉਣ ਕਾਰਨ ਇੱਕ ਡੱਚ ਜੋੜੇ ਸਮੇਤ ਤਿੰਨ





ਲੋਕਾਂ ਦੀ ਮੌਤ ਹੋ ਗਈ ਹੈ। ਇਸ ਲਈ ਹੁਣ ਜਹਾਜ਼ ਵਿੱਚ ਸਵਾਰ ਲੋਕ ਕਿਹੜੇ ਦੇਸ਼ਾਂ 'ਚ ਪਹੁੰਚੇ, ਇਸ ਦਾ ਪਤਾ ਲਗਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ, ਤਾਂ ਜੋ ਇਸ ਨੂੰ ਰੋਕਿਆ ਜਾ ਸਕੇ। ਓਸ਼ਨਵਾਈਡ ਐਕਸਪੀਡੀਸ਼ਨਜ਼ ਵੱਲੋਂ ਸੰਚਾਲਿਤ ਇਹ ਆਲੀਸ਼ਾਨ ਕਰੂਜ਼ ਜਹਾਜ਼ 1 ਅਪ੍ਰੈਲ ਨੂੰ ਅਰਜਨਟੀਨਾ ਤੋਂ ਸਫਰ 'ਤੇ ਨਿਕਲਿਆ ਸੀ ਅਤੇ 10 ਮਈ ਨੂੰ ਸਪੇਨ ਦੇ ਕੈਨਰੀ ਟਾਪੂਆਂ 'ਤੇ ਪੁੱਜ ਸਕਦਾ ਹੈ। ਮੀਡੀਆ ਰਿਪੋਰਟਾਂ ਅਨੁਸਾਰ, ਇਸ ਜਹਾਜ਼ 'ਤੇ 28 ਦੇਸ਼ਾਂ ਦੇ ਲਗਭਗ 150 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸਨ, ਪਰ ਕੁੱਝ ਲੋਕ 24 ਅਪ੍ਰੈਲ ਨੂੰ ਸੇਂਟ ਹੇਲੇਨਾ ਟਾਪੂ 'ਤੇ ਉਤਰ ਗਏ ਸਨ। ਇਨ੍ਹਾਂ ਵਿਚੋਂ 38 ਫਿਲੀਪਾਈਨ, 31 ਯੂਕੇ, 23 ਅਮਰੀਕਾ, 16 ਨੀਦਰਲੈਂਡ, 14 ਸਪੇਨ, 9 ਜਰਮਨੀ, 6 ਕੈਨੇਡਾ ਅਤੇ ਦੋ ਚਾਲਕ ਦਲ ਦੇ ਮੈਂਬਰ ਭਾਰਤ ਤੋਂ ਹਨ। ਉਧਰ, ਵਿਸ਼ਵ ਸਿਹਤ ਸੰਗਠਨ ਨੇ ਵੀ ਵੀਰਵਾਰ ਨੂੰ ਕਿਹਾ ਸੀ ਕਿ ਹੰਤਾਵਾਇਰਸ ਕਾਰਨ 8 ਸ਼ੱਕੀਆਂ ਵਿਚੋਂ 5 ਦੀ ਪੁਸ਼ਟੀ ਹੋਈ ਹੈ, ਜਿਨ੍ਹਾਂ ਵਿਚੋਂ 4 ਦੀ ਮੌਤ ਹੋ ਗਈ ਹੈ। ਇਹ ਵਾਇਰਸ ਆਮ ਤੌਰ 'ਤੇ ਚੂਹਿਆਂ ਤੋਂ ਫੈਲਦਾ ਹੈ, ਪਰ ਤਾਜ਼ਾ ਘਟਨਾਕ੍ਰਮ 'ਚ ਪਹਿਲੀ ਵਾਰ ਲੋਕਾਂ ਵਿਚਕਾਰ ਸੰਚਾਰ ਦਸਤਾਵੇਜ਼ੀ ਰੂਪ ਵਿੱਚ ਦਰਜ ਕੀਤਾ ਗਿਆ ਹੈ।

## ਟ੍ਰਾਈਡੈਂਟ ਗਰੁੱਪ ਨੂੰ ਪੰਜਾਬ-ਹਰਿਆਣਾ ਹਾਈਕੋਰਟ ਤੋਂ ਵੱਡੀ ਰਾਹਤ

**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਰਾਜ ਸਭਾ ਮੈਂਬਰ ਰਾਜਿੰਦਰ ਗੁਪਤਾ ਦੀ ਮਲਕੀਅਤ ਵਾਲੇ ਬਰਨਾਲਾ ਸਥਿਤ ਟ੍ਰਾਈਡੈਂਟ ਗਰੁੱਪ ਨੂੰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (PPCB) ਵੱਲੋਂ ਕੀਤੀ ਗਈ ਛਾਪੇਮਾਰੀ ਦੇ ਮਾਮਲੇ 'ਚ ਅੰਤਰਿਮ ਰਾਹਤ

TRIDENT GROUP® Being different is normal




ਦਿੱਤੀ ਹੈ। ਇਹ ਮਾਮਲਾ ਮੁੱਖ ਜੱਜ ਅਤੇ ਜਸਟਿਸ ਸੰਜੀਵ ਬੇਰੀ ਦੀ ਬੈਂਚ ਦੇ ਸਾਹਮਣੇ ਸੁਣਵਾਈ ਲਈ ਪੇਸ਼ ਹੋਇਆ ਸੀ। ਪਟੀਸ਼ਨ ਕਰਤਾ ਕੰਪਨੀ ਨੇ ਅਦਾਲਤ 'ਚ ਦੋਸ਼ ਲਾਇਆ ਕਿ ਬੋਰਡ ਵੱਲੋਂ ਕੀਤੀ ਗਈ ਇਹ ਕਾਰਵਾਈ ਮਨਮਾਨੀ, ਬਦਲਾਖ਼ੋਰੀ ਅਤੇ ਸਿਆਸੀ ਬਦਲਾਖ਼ੋਰੀ ਤੋਂ ਪ੍ਰੇਰਿਤ ਸੀ। ਮਾਮਲੇ ਦਾ ਨਿਪਟਾਰਾ ਕਰਦਿਆਂ ਹਾਈਕੋਰਟ ਨੇ ਟਿੱਪਣੀ ਕੀਤੀ ਕਿ ਪ੍ਰਦੂਸ਼ਣ ਕੰਟਰੋਲ ਬੋਰਡ ਇਹ ਸਾਬਤ ਕਰਨ 'ਚ ਅਸਫਲ ਰਿਹਾ ਹੈ ਕਿ ਉੱਥੇ ਕੋਈ ਅਜਿਹੀ ਐਮਰਜੈਂਸੀ ਸਥਿਤੀ ਸੀ, ਜਿਸ ਤੋਂ ਇਹ ਸੰਕੇਤ ਮਿਲੇ ਕਿ ਕਿਸੇ ਨਾਲੇ, ਖੂਹ ਜਾਂ ਜ਼ਮੀਨ ਨੂੰ ਜ਼ਹਿਰੀਲੇ ਕੂੜੇ ਨਾਲ ਪ੍ਰਦੂਸ਼ਿਤ ਕੀਤਾ ਜਾ ਰਿਹਾ ਸੀ। ਅਦਾਲਤ ਨੇ ਆਪਣੇ ਫ਼ੈਸਲੇ 'ਚ ਸਪੱਸ਼ਟ ਕੀਤਾ ਕਿ ਬੋਰਡ ਕੰਪਨੀ ਖ਼ਿਲਾਫ਼ ਕੋਈ ਵੀ ਸਖ਼ਤ ਕਾਰਵਾਈ ਉਦੋਂ ਹੀ ਕਰ ਸਕਦਾ ਹੈ, ਜਦੋਂ ਕੰਪਨੀ ਨੂੰ ਕਿਸੇ ਵੀ ਤਰ੍ਹਾਂ ਦੀ ਕਮੀ ਨੂੰ ਦੂਰ ਕਰਨ ਲਈ 30 ਦਿਨਾਂ ਦਾ ਉੱਚਿਤ ਸਮਾਂ ਦਿੱਤਾ ਜਾਵੇ। ਇਸ ਤੋਂ ਇਲਾਵਾ ਅਦਾਲਤ ਨੇ ਇਹ ਵੀ ਕਿਹਾ ਕਿ ਜੇਕਰ ਭਵਿੱਖ 'ਚ ਕੰਪਨੀ ਖ਼ਿਲਾਫ਼ ਕੋਈ ਸਖ਼ਤ ਕਦਮ ਚੁੱਕਿਆ ਜਾਂਦਾ ਹੈ ਤਾਂ ਪਟੀਸ਼ਨ ਕਰਤਾ ਕੰਪਨੀ ਕੋਲ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐੱਨ. ਜੀ. ਟੀ.) ਤੱਕ ਪਹੁੰਚ ਕਰਨ ਦੀ ਆਜ਼ਾਦੀ ਹੋਵੇਗੀ। ਇਸ ਸੁਣਵਾਈ ਦੌਰਾਨ ਟ੍ਰਾਈਡੈਂਟ ਗਰੁੱਪ ਵੱਲੋਂ ਸੀਨੀਅਰ ਐਡਵੋਕੇਟ ਮਨੀਸ਼ਾ ਗਾਂਧੀ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸੀਨੀਅਰ ਐਡਵੋਕੇਟ ਦੀਪਿੰਦਰ ਸਿੰਘ ਪਟਵਾਲੀਆ ਪੇਸ਼ ਹੋਏ।

## ਨਸ਼ਿਆਂ ਕਾਰਨ ਨਹੀਂ ਰੁਕ ਰਿਹਾ ਮੌਤਾਂ ਦਾ ਸਿਲਸਿਲਾ; ਦੂਜੇ ਨੰਬਰ 'ਤੇ ਆਇਆ ਪੰਜਾਬ



**ਚੰਡੀਗੜ੍ਹ 8 ਮਈ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਇੱਕ ਵਾਰ ਫਿਰ ਸੁਰਖੀਆਂ ਵਿੱਚ ਹੈ। ਦੱਸ ਦਈਏ ਕਿ ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਨੇ ਆਪਣੀ ਨਵੀਂ ਰਿਪੋਰਟ ਜਾਰੀ ਕੀਤੀ, ਜਿਸ 'ਚ ਸਾਲ 2024 ਦੇ ਅੰਕੜੇ ਜਾਰੀ ਕੀਤੇ ਗਏ ਹਨ। ਇਸ ਰਿਪੋਰਟ ਦੇ ਅਨੁਸਾਰ, ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਪੰਜਾਬ ਦੇਸ਼ ਦੇ ਮੋਹਰੀ ਰਾਜਾਂ ਵਿੱਚੋਂ ਇੱਕ ਹੈ। ਪਿਛਲੇ ਤਿੰਨ ਸਾਲਾਂ ਤੋਂ ਨਸ਼ੇ ਦੀ ਓਵਰਡੋਜ਼ ਨਾਲ ਹੋਣ ਵਾਲੀਆਂ ਮੌਤਾਂ ਵਿੱਚ ਪੰਜਾਬ ਪਹਿਲੇ ਸਥਾਨ 'ਤੇ ਸੀ, ਪਰ ਹੁਣ 2024 ਵਿੱਚ, ਇਹ ਦੂਜੇ ਸਥਾਨ 'ਤੇ ਆ ਗਿਆ ਹੈ। ਇਹ ਜਾਣਕਾਰੀ ਭਾਰਤ ਵਿੱਚ ਦੁਰਘਟਨਾਤਮਕ ਮੌਤਾਂ ਅਤੇ ਖੁਦਕੁਸ਼ੀਆਂ ਰਿਪੋਰਟ ਵਿੱਚ ਦਿੱਤੀ ਗਈ ਹੈ। ਐਨਸੀਆਰਬੀ ਦੇ ਅਨੁਸਾਰ, 2022 ਵਿੱਚ ਪੰਜਾਬ ਵਿੱਚ ਨਸ਼ੇ ਦੀ ਓਵਰਡੋਜ਼ ਨਾਲ 117 ਮੌਤਾਂ ਹੋਈਆਂ, ਜੋ 2023 ਵਿੱਚ ਘੱਟ ਕੇ 89 ਹੋ ਗਈਆਂ। ਹਾਲਾਂਕਿ, 2024 ਵਿੱਚ ਇਹ ਗਿਣਤੀ ਵੱਧ ਕੇ 106 ਹੋ ਗਈ। ਦੇਸ਼ ਭਰ ਵਿੱਚ, 2022 ਵਿੱਚ ਓਵਰਡੋਜ਼ ਨਾਲ ਹੋਈਆਂ ਮੌਤਾਂ 681 ਅਤੇ 2023 ਵਿੱਚ 654 ਸਨ, ਜੋ 2024 ਵਿੱਚ ਤੇਜ਼ੀ ਨਾਲ ਵਧ ਕੇ 978 ਹੋ ਗਈਆਂ। ਤਾਮਿਲਨਾਡੂ ਵਿੱਚ 2022 ਵਿੱਚ 50 ਅਤੇ 2023 ਵਿੱਚ 65 ਮੌਤਾਂ ਹੋਈਆਂ, ਪਰ 2024 ਵਿੱਚ ਅਚਾਨਕ ਵਾਧਾ ਚਿੰਤਾਜਨਕ ਹੈ। ਪੰਜਾਬ ਦੇ ਗੁਆਂਢੀ ਰਾਜਾਂ ਦੀ ਸਥਿਤੀ ਵੀ ਚਿੰਤਾਜਨਕ ਹੈ। ਹਿਮਾਚਲ ਪ੍ਰਦੇਸ਼ ਵਿੱਚ 2024 ਵਿੱਚ 31 ਮੌਤਾਂ ਦਰਜ ਕੀਤੀਆਂ ਗਈਆਂ, ਜਦੋਂ ਕਿ 2023 ਵਿੱਚ ਇਹ ਗਿਣਤੀ 21 ਸੀ। ਹਰਿਆਣਾ ਵਿੱਚ ਪਿਛਲੇ ਸਾਲ ਜ਼ੀਰੋ ਮੌਤਾਂ ਦਰਜ ਕੀਤੀਆਂ ਗਈਆਂ ਸਨ, ਜੋ ਹੁਣ 2024 ਵਿੱਚ ਘੱਟ ਕੇ 3 ਹੋ ਗਈਆਂ ਹਨ। ਚੰਡੀਗੜ੍ਹ ਵਿੱਚ ਥੋੜ੍ਹੀ ਜਿਹੀ ਗਿਰਾਵਟ ਆਈ ਹੈ, ਮੌਤਾਂ 8 ਤੋਂ ਘੱਟ ਕੇ 7 ਹੋ ਗਈਆਂ ਹਨ। ਦੇਸ਼ ਵਿੱਚ ਕੁੱਲ ਮੌਤਾਂ ਦਾ 15.3 ਫੀਸਦ ਪੰਜਾਬ, ਹਿਮਾਚਲ ਪ੍ਰਦੇਸ਼, ਹਰਿਆਣਾ, ਚੰਡੀਗੜ੍ਹ ਅਤੇ ਜੰਮੂ-ਕਸ਼ਮੀਰ ਵਿੱਚ ਹੈ। ਪੰਜਾਬ ਵਿੱਚ ਮੌਤਾਂ ਘਟੀਆਂ ਹਨ, ਪਰ ਨਸ਼ੇ ਦੀ ਓਵਰਡੋਜ਼ ਦਾ ਖ਼ਤਰਾ ਅਜੇ ਵੀ ਘੱਟ ਨਹੀਂ ਹੋਇਆ ਹੈ। ਐਨਸੀਆਰਬੀ ਅਪਰਾਧ 2024 ਦੀ ਰਿਪੋਰਟ ਦੇ ਅਨੁਸਾਰ, ਪੰਜਾਬ ਵਿੱਚ ਕੁੱਲ 8,973 ਅਪਰਾਧਾਂ ਵਿੱਚੋਂ 6,060 ਮਾਮਲੇ ਤਸਕਰੀ ਦੇ ਉਦੇਸ਼ ਨਾਲ ਨਸ਼ੀਲੇ ਪਦਾਰਥ ਰੱਖਣ ਨਾਲ ਸਬੰਧਤ ਸਨ, ਜਦਕਿ ਉੱਤਰ ਪ੍ਰਦੇਸ਼ ਵਿੱਚ ਇਹ ਗਿਣਤੀ 3,219 ਅਤੇ ਰਾਜਸਥਾਨ ਵਿੱਚ 2,758 ਸੀ। ਤਾਮਿਲਨਾਡੂ ਵਿੱਚ, ਮੁੱਖ ਵਿਰੋਧੀ AIADMK ਪਾਰਟੀ ਨੇ ਇਸ ਵਿਧਾਨ ਸਭਾ ਚੋਣਾਂ ਵਿੱਚ ਨਸ਼ੇ ਦਾ ਮੁੱਦਾ ਉਠਾਇਆ। ਇਹ ਕਾਲਜਾਂ ਅਤੇ ਸਕੂਲਾਂ ਤੱਕ ਪਹੁੰਚ ਗਿਆ ਹੈ।

## ਸ਼੍ਰੀ ਅਕਾਲ ਤਖਤ ਸਾਹਿਬ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਐਕਟ ਮਾਮਲੇ 'ਚ ਪੰਜਾਬ ਸਰਕਾਰ ਨੂੰ 15 ਦਿਨਾਂ ਦਾ ਅਲਟੀਮੇਟਮ

**ਨਵੀਂ ਦਿੱਲੀ 8 ਮਈ (ਮਨਪ੍ਰੀਤ ਸਿੰਘ ਖਾਲਸਾ):**- ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਗਿਆਨੀ ਕੁਲਦੀਪ ਸਿੰਘ ਗੜਗਜ ਵੱਲੋਂ ਪੰਜਾਬ ਸਰਕਾਰ ਨੂੰ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਵਿੱਚੋਂ ਇਤਰਾਜ਼ਯੋਗ ਮੱਦਾਂ ਹਟਾਉਣ ਲਈ 15 ਦਿਨਾਂ ਦਾ ਅਲਟੀਮੇਟਮ ਦਿੱਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ

### 15 ਦਿਨਾਂ ਵਿੱਚ ਸੋਧ ਨਾ ਹੋਈ ਤਾਂ ਪੰਜ ਸਿੰਘ ਸਾਹਿਬਾਨ ਵੱਲੋਂ ਹੋਵੇਗੀ ਸਖ਼ਤ ਕਾਰਵਾਈ

ਕਮੇਟੀ ਦੀ ਸਹਿਮਤੀ ਤੋਂ ਬਗੈਰ ਪਾਸ ਕੀਤੇ ਜਾਣ ਸਬੰਧੀ ਅਤੇ ਇਸ ਕਾਨੂੰਨ ਉੱਤੇ ਸਿੱਖਾਂ ਵੱਲੋਂ ਪ੍ਰਗਟਾਏ ਜਾ ਰਹੇ ਖ਼ਦਸ਼ਿਆਂ ਤੇ ਇਤਰਾਜ਼ਾਂ ਬਾਰੇ ਵਿਚਾਰ ਕਰਨ ਲਈ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ ਅਨੁਸਾਰ ਉਨ੍ਹਾਂ ਦੇ ਸਨਮੁਖ ਪੇਸ਼ ਹੋਏ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੀ ਮੌਜੂਦ ਸਨ। ਇਸ ਦੌਰਾਨ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਦੋਵਾਂ ਵਿਚਕਾਰ ਕਾਨੂੰਨ ਸਬੰਧੀ ਮਦ-ਦਰ-ਮਦ ਵਿਚਾਰਾਂ ਹੋਈਆਂ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸਿੱਖ ਸੰਸਥਾਵਾਂ, ਪੰਥਕ ਵਿਦਵਾਨਾਂ, ਕਾਨੂੰਨੀ ਮਾਹਰਾਂ, ਸਿੰਘ ਸਭਾਵਾਂ, ਗ੍ਰੰਥੀ ਸਭਾਵਾਂ ਅਤੇ ਹੋਰ ਸਿੱਖ ਅਦਾਰਿਆਂ ਵੱਲੋਂ ਬਣਾਏ ਗਏ ਕਾਨੂੰਨ ਸਬੰਧੀ ਕੀਤਾ ਇਤਰਾਜ਼ਾਂ ਬਾਰੇ ਸਪੀਕਰ ਪਾਸੋਂ ਜਵਾਬ ਮੰਗੇ।

ਗਿਆਨੀ ਕੁਲਦੀਪ ਸਿੰਘ ਗੜਗਜ ਨੇ ਕਿਹਾ ਕਿ ਐਕਟ ਵਿੱਚ ਕੁਝ ਅਜਿਹੀਆਂ ਧਾਰਾਵਾਂ ਹਨ ਜੋ ਸਿੱਖ ਭਾਵਨਾਵਾਂ, ਖ਼ਾਲਸਾ ਪੰਥ ਦੀ ਰਵਾਇਤ ਅਤੇ ਸਿੱਖ ਸੰਸਥਾਵਾਂ ਦੀ ਖੁਦਮੁਖਤਿਆਰੀ ਦੇ ਵਿਰੁੱਧ ਹਨ। ਉਨ੍ਹਾਂ ਦੇ ਅਨੁਸਾਰ ਸਰਕਾਰ ਨੇ ਇਹ ਕਾਨੂੰਨ ਬਿਨਾਂ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ




ਸਾਹਿਬ ਨਾਲ ਸਲਾਹ-ਮਸ਼ਵਰਾ ਕੀਤੇ ਪਾਸ ਕੀਤਾ। ਸਿੱਖ ਜਥੇਬੰਦੀਆਂ ਨੂੰ ਖ਼ਾਸ ਇਤਰਾਜ਼ ਇਸ ਗੱਲ 'ਤੇ ਹੈ ਕਿ ਗ੍ਰੰਥੀ, ਪਾਠੀ, ਗੁਰਦੁਆਰਾ ਕਮੇਟੀਆਂ ਅਤੇ ਸੰਗਤ ਨੂੰ ਵੀ ਕਾਨੂੰਨੀ ਦਾਇਰੇ ਵਿੱਚ ਲਿਆਂਦਾ ਗਿਆ ਹੈ, ਜਿਸਨੂੰ "ਸਿੱਖ ਮਾਮਲਿਆਂ ਵਿੱਚ ਸਰਕਾਰੀ ਦਖ਼ਲ" ਵਜੋਂ ਵੇਖਿਆ ਜਾ ਰਿਹਾ ਹੈ। ਇੱਕ ਵੱਡਾ ਇਤਰਾਜ਼ ਇਹ ਵੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਪਾਵਨ ਬੀੜਾਂ ਦਾ ਰਿਕਾਰਡ ਅਤੇ ਉਹ ਕਿਸ ਕੋਲ ਹਨ, ਇਸ ਦੀ ਜਾਣਕਾਰੀ ਜਨਤਕ ਕਰਨ ਦੀ ਗੱਲ ਕੀਤੀ ਗਈ, ਜਿਸ ਨਾਲ ਨਿੱਜਤਾ ਅਤੇ ਸੁਰੱਖਿਆ ਸੰਬੰਧੀ ਚਿੰਤਾਵਾਂ ਉੱਠੀਆਂ ਹਨ। ਜਥੇਦਾਰ ਨੇ ਸਪੱਸ਼ਟ ਕੀਤਾ ਕਿ ਬੇਅਦਬੀ ਕਰਨ ਵਾਲਿਆਂ ਲਈ ਸਖ਼ਤ ਸਜ਼ਾਵਾਂ 'ਤੇ ਕੋਈ ਇਤਰਾਜ਼ ਨਹੀਂ, ਪਰ ਸਿੱਖ ਧਾਰਮਿਕ ਪ੍ਰਬੰਧ 'ਤੇ ਸਰਕਾਰੀ ਨਿਗਰਾਨੀ ਮਨਜ਼ੂਰ ਨਹੀਂ। ਜੇ 15 ਦਿਨਾਂ ਵਿੱਚ ਸੋਧ ਨਾ ਹੋਈ ਤਾਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ "ਸਖ਼ਤ ਕਾਰਵਾਈ" ਕਰਨ ਦੀ ਚੇਤਾਵਨੀ ਦਿੱਤੀ ਗਈ। ਜਥੇਦਾਰ ਗੜਗੱਜ ਨੇ ਸਪੀਕਰ ਸੰਧਵਾਂ ਨੂੰ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਪੰਜਾਬ ਸਰਕਾਰ ਨੂੰ ਸਿੱਖ ਕਾਨੂੰਨੀ ਮਾਹਰਾਂ ਤੇ ਜੱਜਾਂ ਦਾ ਇੱਕ ਪੈਨਲ ਦਵੇਗਾ, ਜਿਸ ਰਾਹੀਂ ਸਰਕਾਰ ਗੱਲਬਾਤ ਕਰਕੇ ਕਾਨੂੰਨ ਸਬੰਧੀ ਸਹਿਮਤੀ ਬਣਾਏ। ਉਨ੍ਹਾਂ ਕਿਹਾ ਕਿ ਜਦੋਂ ਤੱਕ ਇਸ ਮਾਮਲੇ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀ ਸਹਿਮਤੀ ਨਹੀਂ ਦਿੰਦੇ ਉਦੋਂ ਤੱਕ ਇਸ ਕਾਨੂੰਨ ਨੂੰ ਸਿੱਖ ਤੇ ਖ਼ਾਲਸਾ ਪੰਥ ਪ੍ਰਵਾਨ ਨਹੀਂ ਕਰਨਗੇ। ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਇਹ ਸੂਬਾ ਸਰਕਾਰ ਨਾਲ ਸਬੰਧਤ ਮਾਮਲਾ ਹੈ ਇਸ ਲਈ ਉਹ ਸਰਕਾਰ ਨਾਲ ਗੱਲਬਾਤ ਕਰਨਗੇ। ਜਥੇਦਾਰ ਨੇ ਇਹ ਵੀ ਦੋਸ਼ ਲਾਇਆ ਕਿ ਸਰਕਾਰ ਨੇ ਕਾਨੂੰਨ ਦਾ ਪੰਜਾਬੀ ਮਸੌਦਾ ਜਨਤਕ ਨਹੀਂ ਕੀਤਾ ਅਤੇ ਬਿਨਾਂ ਵਿਆਪਕ ਵਿਚਾਰ-ਵਟਾਂਦਰੇ ਦੇ ਸੋਧ ਪਾਸ ਕਰ ਦਿੱਤੀ। ਨਾਲ ਹੀ, 2015 ਬੇਅਦਬੀ ਮਾਮਲਿਆਂ ਅਤੇ ਗੁਰਮੀਤ ਰਾਮ ਰਹੀਮ ਖ਼ਿਲਾਫ਼ ਕਾਰਵਾਈ 'ਤੇ ਵੀ ਸਰਕਾਰ ਦੀ ਆਲੋਚਨਾ ਕੀਤੀ ਗਈ। ਇਹ ਮਾਮਲਾ ਹੁਣ ਧਾਰਮਿਕ ਅਧਿਕਾਰਤਾ, ਸਿੱਖ ਸੰਸਥਾਵਾਂ ਦੀ ਸਵੈ-ਨਿਰਭਰਤਾ ਅਤੇ ਸਰਕਾਰੀ ਕਾਨੂੰਨੀ ਦਖ਼ਲ ਦੇ ਵਿਚਕਾਰ ਵੱਡੇ ਟਕਰਾਅ ਵਜੋਂ ਦੇਖਿਆ ਜਾ ਰਿਹਾ ਹੈ।

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| ਮਿਤੀ | ਦਿਨ | ਸਥਾਨ | ਸਮਾਂ |
|---|---|---|---|
| 1 ਮਈ | ਸ਼ੁੱਕਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ਨੀਵਾਰ | ਹਯਾਤ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਐਤਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਮੰਗਲਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ / ਨਿੱਕੇ ਘੁੰਮਣ | ਸਵੇਰੇ 12 ਤੋਂ 2 ਵਜੇ ਤੱਕ / ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਬੁੱਧਵਾਰ | ਚੋਣੇ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਵੀਰਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਸ਼ੁੱਕਰਵਾਰ | ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ਨੀਵਾਰ | ਅਬਦਾਲ ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਮੰਗਲਵਾਰ | ਭਲਾਈਪੁਰ ਪੂਰਬਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਬੁੱਧਵਾਰ | ਖਲੈਹਿਰਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਵੀਰਵਾਰ | ਜਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਸ਼ੁੱਕਰਵਾਰ | ਲਾਲਪੁਰਾ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ਨੀਵਾਰ | ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਐਤਵਾਰ | ਗੜ੍ਹੀ ਗੁਰਦਾਸ ਨੰਗਲ ਗੁ: ਗ੍ਰਿਫਤਾਰੀ ਸਾਹਿਬ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਸੋਮਵਾਰ | ਝਲਾੜੀ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਮੰਗਲਵਾਰ | ਗੱਗੜਭਾਣਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਵੀਰਵਾਰ | ਵੀਲਾ / ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਸ਼ੁੱਕਰਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ਨੀਵਾਰ | ਖੱਬੇਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਐਤਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਸੋਮਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਬੁੱਧਵਾਰ | ਬੁਤਾਲਾ (ਨਿਪਸ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਵੀਰਵਾਰ | ਗੁ: ਰਾਮ ਥੰਮਣ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਸ਼ੁੱਕਰਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ਨੀਵਾਰ | ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਐਤਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ: ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)


ਸਿੱਖ ਵਿਦਿਆਰਥੀਆਂ ਦੇ
ਦਿਲਾਂ ਦੀ ਧੜਕਣ,
ਰੌਸ਼ਨ ਦਿਮਾਗ
ਸ਼ਹੀਦ ਭਾਈ
ਹਰਮਿੰਦਰ ਸਿੰਘ ਸੰਧੂ
ਦਾ ਜੀਵਨ ਅਤੇ ਪੰਥਕ ਸੰਘਰਸ਼
ਵਿੱਚ ਯੋਗਦਾਨ
ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ)
ਸਿੱਖ ਵਿਦਵਾਨਾਂ ਅਤੇ ਸਰਗਰਮ
ਚਿੰਤਕਾਂ ਨਾਲ
ਸੈਮੀਨਾਰ ਅਤੇ ਖੁੱਲ੍ਹੀ ਚਰਚਾ
ਸ਼ਨੀਵਾਰ ,9 ਮਈ 2026
ਸਮਾਂ 11 ਵਜੇ ਤੋਂ 2 ਵਜੇ ਤੱਕ
ਗੁਰਦੁਆਰਾ 13 ਸਿੰਘ ਸ਼ਹੀਦ, ਬੀ-ਬਲਾਕ,
ਰੇਲਵੇ ਕਲੋਨੀ, ਸ੍ਰੀ ਅੰਮ੍ਰਿਤਸਰ ਸਾਹਿਬ
ਆਵਾਜ਼ਿ ਕੌਮ
AWAZE QAUM
International Newspaper & WEB TV
ਭਾਈ ਹਰਮਿੰਦਰ ਸਿੰਘ ਸੰਧੂ ਦਾ ਵਿਰੋਧ ਕਰਨ ਵਾਲ਼ੇ ਵੀਰਾਂ ਨੂੰ ਵੀ ਅਪੀਲ ਹੈ ਕਿ ਉਹ
ਵੀ ਹਾਜ਼ਰੀ ਭਰਨ ਅਤੇ ਆਪਣੇ ਵਿਚਾਰਾਂ ਦੇ ਹੱਕ ਵਿੱਚ ਸਬੂਤ ਸੰਗਤ ਦੇ ਸਾਹਮਣੇ ਰੱਖਣ
ਉਡੀਕਵਾਨ :
ਸ. ਸਿਮਰਨਜੀਤ ਸਿੰਘ ਮਾਨ
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ )
ਇਮਾਨ ਸਿੰਘ ਮਾਨ
ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ)
ਅਤੇ ਸਮੁੱਚੀ ਪਾਰਟੀ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਮਹਾਨ ਸਿੱਖ ਜਰਨੈਲ
ਬਾਬਾ ਬੰਦਾ ਸਿੰਘ ਬਹਾਦੁਰ ਜੀ
ਦੇ ਸਰਹੰਦ ਫਤਹਿ ਦਿਵਸ ਨੂੰ ਸਮਰਪਿਤ
ਜਪੁਜੀ ਸਾਹਿਬ ਕੰਠ ਮੁਕਾਬਲੇ
ਮਿਤੀ: 10 ਮਈ 2026 (ਐਤਵਾਰ)
ਸਮਾਂ: ਸਵੇਰੇ 9 ਵਜੇ
ਸਥਾਨ: ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪਿੰਡ ਸੌਂਕੜਾ ਕਰਨਾਲ
ਇਨਾਮ ਵੰਡ ਸਮਾਰੋਹ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸਤਿਕਾਰਯੋਗ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸਮੇਤ
ਵਿਸੇਸ਼ ਤੌਰ 'ਤੇ ਪੁੱਜ ਰਹੇ ਹਨ
ਸਰਬੱਤ ਸਿੱਖ ਸੰਗਤਾਂ ਨੂੰ ਬੇਨਤੀ ਹੈ ਕਿ
ਸਮੇਂ ਸਿਰ ਪੁੱਜ ਕੇ ਨਾਮ ਬਾਣੀ ਦਾ ਲਾਹਾ ਪ੍ਰਾਪਤ ਕਰੋ ਜੀ
ਸਰਦਾਰ ਭੁਪਿੰਦਰ ਸਿੰਘ ਲਾਡੀ ਸੌਂਕੜਾ
ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ -
ਸਰਦਾਰ ਭੁਪਿੰਦਰ ਸਿੰਘ ਸੌਂਕੜਾ ਲਾਡੀ ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ
ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਥੀ ਨਗਰ ਨਿਵਾਸੀ
ਸੰਪਰਕ ਨੰਬਰ: 8814855000 | 9416335342 | 9896885015 | 9896857513


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਮਹਾਨ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦੁਰ ਜੀ ਦੇ
ਸਰਹੰਦ ਫਤਹਿ ਦਿਵਸ ਨੂੰ ਸਮਰਪਿਤ
ਜਪੁਜੀ ਸਾਹਿਬ ਕੰਠ ਮੁਕਾਬਲੇ
ਮਿਤੀ 10 ਮਈ 2026 ਦਿਨ ਐਤਵਾਰ ਸਵੇਰੇ 9 ਵਜੇ
ਸਥਾਨ - ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ,ਪਿੰਡ ਸ਼ੌਂਕੜਾ ਕਰਨਾਲ
ਇਨਾਮ ਵੰਡ ਸਮਾਰੋਹ
ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਤਿਕਾਰਯੋਗ
ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸਮੇਤ ਵਿਸ਼ੇਸ਼ ਤੌਰ ਤੇ ਪੁੱਜ ਰਹੇ ਹਨ।
ਸਰਬੱਤ ਸਿੱਖ ਸੰਗਤਾਂ ਸਮੇਂ ਸਿਰ ਪੁੱਜ ਕੇ ਨਾਮ ਬਾਣੀ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ - ਸਰਦਾਰ ਭੁਪਿੰਦਰ ਸਿੰਘ ਸੌਂਕੜਾ
ਲਾਡੀ ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ ਮੈਂਬਰ ਪ੍ਰਤੀਨਿਧ
ਬੀਬੀ ਕਪੂਰ ਕੌਰ ਸੌਂਕੜਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਅਤੇ ਸਾਥੀ ਨਗਰ ਨਿਵਾਸੀ
ਮੋਬਾ : 8814855000, 9416335342, 9896885015, 9896857513
ਆਵਾਜ਼ਿ ਕੌਮ AWAZE QAUM
International Newspaper & WEB TV


ੴ
ਲੜੀਵਾਰ
ਗੁਰਬਾਣੀ
ਕਥਾ ਵਿਚਾਰ
ਗੁਰਦੁਆਰਾ
ਸੀਸਗੰਜ ਸਾਹਿਬ
9 ਮਈ 2026
ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵੱਜੇ ਤੱਕ
Live on PTC ਸਿਮਰਨ
ਆਵਾਜ਼ਿ ਕੌਮ
AWAZE QAUM
International Newspaper & WEB TV
ਗੁਰਦੁਆਰਾ
ਬੰਗਲਾ ਸਾਹਿਬ
10 ਮਈ 2026
ਐਤਵਾਰ ਨੂੰ
ਸਵੇਰੇ 7:30 ਤੋਂ 8:30
ਵੱਜੇ ਤੱਕ
Live on CHARDIKLA TIME TV
ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਸੰਪਰਕ ਨੰ. 9356060960, 9814015740

ਅੱਜ 9 ਮਈ ਨੂੰ ਬਰਸੀ 'ਤੇ ਵਿਸ਼ੇਸ਼

# .ਗਦਰ ਲਹਿਰ ਦੇ ਪ੍ਰਮੁੱਖ ਆਗੂ-ਬਾਬਾ ਜਵਾਲਾ ਸਿੰਘ ਨੂੰ ਯਾਦ ਕਰਦਿਆਂ



ਦੇਸ਼ ਦੀ ਅਜ਼ਾਦੀ ਲਈ ਚੱਲੀਆਂ ਲਹਿਰਾਂ ਵਿੱਚੋਂ ਪ੍ਰਮੁੱਖ ਲਹਿਰ ਗ਼ਦਰ ਲਹਿਰ ਹੈ । ਇਸ ਲਹਿਰ ਨੇ ਅਨੇਕਾਂ ਕ੍ਰਾਂਤੀਕਾਰੀ ਸੂਰਬੀਰਾਂ ਨੂੰ ਜਨਮ ਦਿੱਤਾ । ਜਿਨ੍ਹਾਂ ਜਾਨ ਜੋਖਮ ਵਿੱਚ ਪਾ ਕੇ ਕੁਰਬਾਨੀਆਂ ਦੀ ਝੜੀ ਲਾ ਦਿੱਤੀ । ਇਸ ਲਹਿਰ ਦੇ ਦਿਮਾਗ ਸਮਝੇ ਜਾਣ ਵਾਲੇ ਪ੍ਰਮੁੱਖ ਆਗੂਆਂ ਵਿੱਚੋਂ ਇਕ ਸਨ ਬਾਬਾ ਜਵਾਲਾ ਸਿੰਘ ਠੱਠੀਆਂ । ਇਸ ਬਹਾਦਰ ਗ਼ਦਰੀ ਬਾਬੇ ਨੂੰ ਇਸ ਲਹਿਰ ਦਾ ਦਿਮਾਗ ਕਿਹਾ ਜਾਂਦਾ ਸੀ ।ਬਾਬਾ ਜਵਾਲਾ ਸਿੰਘ ਦਾ ਜਨਮ 1866 ਈ: ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਠੱਠੀਆਂ ਵਿਖੇ ਸ: ਕਨ੍ਹਈਆ ਸਿੰਘ ਦੇ ਗ੍ਰਹਿ ਵਿਖੇ ਹੋਇਆ ।ਤੰਗੀਆਂ ਤੁਰਸ਼ੀਆਂ ਵਾਲੇ ਜੀਵਨ ਤੋਂ ਛੁਟਕਾਰਾ ਪਾਉਣ ਲਈ ਵੱਡੇ ਸੁਪਨਿਆਂ ਨੂੰ ਸਾਕਾਰ ਕਰਨ ਲਈ 40 ਕੁ ਸਾਲ ਦੀ ਉਮਰ ਵਿੱਚ ਘਰ ਛੱਡ ਕੇ ਵਿਦੇਸ਼ ਵੱਲ ਨੂੰ ਚੱਲ ਪਿਆ ।ਚੀਨ,ਪਨਾਮਾ ਅਤੇ ਮੈਕਸੀਕੋ ਹੁੰਦਾ ਹੋਇਆ 1908 ਈ: ਵਿੱਚ ਕੈਲੇਫੋਰਨੀਆਂ (ਅਮਰੀਕਾ) ਪਹੁੰਚ ਗਿਆ । ਇਥੇ ਪਹੁੰਚ ਕੇ ਇਨ੍ਹਾਂ ਦਾ ਮਿਲਾਪ ਬਾਬਾ ਵਿਸਾਖਾ ਸਿੰਘ ਨਾਲ ਹੋਇਆ ।ਇਨ੍ਹਾਂ ਦੋਵੇਂ ਸਿਰੜੀ ਜੀਊੜਿਆਂ ਨੇ ਰੱਲ ਕੇ ਆਪ ਪਿਤਾ ਪੁਰਖੀ ਕਿੱਤਾ ਖੇਤੀਬਾੜੀ ਕਰਨ ਦੀ ਸੋਚ ਨੂੰ ਪੂਰਿਆਂ ਕਰਨ ਦੀ ਖਾਤਰ ਇਥੇ ਪੰਜ ਸੌ ਏਕੜ ਦਾ ਫਾਰਮ ਠੇਕੇ ਉੱਤੇ ਲੈ ਕੇ ਆਲੂ ਦੀ ਖੇਤੀ ਸ਼ੁਰੂ ਕੀਤੀ ।ਧਾਰਮਿਕ,ਸੱਭਿਆਚਾਰ,ਸਮਾਜਿਕ ਭੁੱਖ ਨੂੰ ਦੂਰ ਕਰਨ ਲਈ ਇਹ ਫਾਰਮ ਹੌਲੀ-ਹੌਲੀ ਪ੍ਰਵਾਸੀ ਭਾਰਤੀਆਂ ਖਾਸ ਕਰਕੇ ਪੰਜਾਬੀਆਂ ਦੇ ਮੇਲ-ਜੋਲ ਦਾ ਕੇਂਦਰ ਬਣ ਗਿਆ ।

ਇਨ੍ਹਾਂ ਸਾਰੇ ਪ੍ਰਵਾਸੀਆਂ ਨੇ ਆਪਣੇ ਸਾਥੀ ਆਗੂਆਂ ਦੇ ਸਹਿਯੋਗ ਨਾਲ ਸਿੱਖਾਂ ਦੀਆਂ ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਲੋੜਾਂ ਦੀ ਪੂਰਤੀ ਲਈ ਕੈਲੇਫੋਰਨੀਆ ਦੇ ਸ਼ਹਿਰ ਸਟਾਕਟਨ ਵਿਖੇ ਗੁਰਦੁਆਰਾ ਸਾਹਿਬ ਦੇ ਰੂਪ ਵਿੱਚ ਕੇਂਦਰ ਸਥਾਪਿਤ ਕੀਤਾ । ਜੋ ਸਮਾਂ ਆਉਣ 'ਤੇ ਗ਼ਦਰ ਲਹਿਰ ਦੀਆਂ ਕ੍ਰਾਂਤੀਕਾਰੀ ਸਰਗਰਮੀਆਂ ਦਾ ਕੇਂਦਰ ਬਣ ਗਿਆ ।ਉਨ੍ਹਾਂ ਨੇ ਬਾਬਾ ਵਿਸਾਖਾ ਸਿੰਘ ਨਾਲ ਮਿਲ ਕੇ ਪ੍ਰਵਾਸੀ ਭਾਰਤੀਆਂ ਨੂੰ ਉਚੇਰੀ ਤਾਲੀਮ ਦੇਣ ਲਈ ਗੁਰੂ ਨਾਨਕ ਐਜੂਕੇਸ਼ਨਲ ਸੁਸਾਇਟੀ ਦੀ ਸਥਾਪਨਾ ਕਰਕੇ ਅਮਰੀਕਾ ਦੀਆਂ ਵੱਡੀਆਂ ਯੂਨੀਵਰਸਿਟੀਆਂ ਵਿੱਚ ਪੜ੍ਹਨ ਲਈ ਚਾਰ ਵਿੱਦਿਆਰਥੀਆਂ ਨੂੰ ਸੱਦਾ-ਪੱਤਰ ਭੇਜੇ ।ਇਨ੍ਹਾਂ ਸਾਰੇ ਆਗੂਆਂ ਦੀ ਇਕੋ ਸੋਚ ਸੀ, ਸਿੱਖਿਆਂ ਤੋਂ ਬਿਨਾਂ ਗੁਲਾਮੀ ਤੇ ਗਰੀਬੀ ਤੋਂ ਕਦੇ ਵੀ ਛੁਟਕਾਰਾ ਨਹੀਂ ਮਿਲ ਸਕਦਾ ।1913 ਈ: ਵਿੱਚ ਬਾਬਾ ਜਵਾਲਾ ਸਿੰਘ ਨੂੰ ਇੰਡੀਅਨ ਐਸੋਸੀਏਸ਼ਨ ਦੀ ਕੈਲੇਫੋਰਨੀਆ ਸ਼ਾਖਾ ਦਾ ਮੀਤ ਪ੍ਰਧਾਨ ਬਣਾਇਆ ਗਿਆ ।

ਇਸ ਤੋਂ ਛੇਤੀ ਪਿੱਛੋਂ ਪਹਿਲਾ ਵਿਸ਼ਵ ਯੁੱਧ ਸ਼ੁਰੂ ਹੋ ਗਿਆ । ਹੁਣ ਬਾਬਾ ਜਵਾਲਾ ਸਿੰਘ ਨੇ ਆਪਣੇ ਸਾਥੀਆਂ ਬਾਬਾ ਵਸਾਖਾ ਸਿੰਘ, ਬਾਬਾ ਸੋਹਣ ਸਿੰਘ ਭਕਣਾ, ਲਾਲਾ ਹਰਦਿਆਲ ਸਿੰਘ ਨਾਲ ਜੁੜ ਕੇ ਪੈਸੇਫ਼ਿਕ ਸਮੁੰਦਰ ਤੱਟ ਦੇ ਨਾਲ ਵੱਸਦੇ ਪ੍ਰਵਾਸੀ ਭਰਾਵਾਂ ਨਾਲ ਅੰਗ੍ਰੇਜ਼ ਹਕੂਮਤ ਤੋਂ ਆਪਣਾ ਦੇਸ਼ ਅਜ਼ਾਦ ਕਰਵਾਉਣ ਲਈ ਹੱਲਾਸ਼ੇਰੀ ਦੇਣ ਲਈ ਅਤੇ ਜਾਗਰੂਕ ਕਰਨ ਲਈ ਪ੍ਰਚਾਰ ਦੌਰਾ ਸ਼ੁਰੂ ਕੀਤਾ । ਸ਼ਸਤਰ ਬੱਧ ਕ੍ਰਾਂਤੀ ਲਈ ਗ਼ਦਰ ਲਹਿਰ ਦੀ ਸਥਾਪਨਾ ਕੀਤੀ । ਉਨ੍ਹਾਂ ਦੀ ਸੋਚ ਸੀ ਨੌਜਵਾਨਾਂ ਨੂੰ ਹਥਿਆਰਬੰਦ ਕਰਕੇ ਗੋਰੀ ਹਕੂਮਤ ਨਾਲ ਦੋ-ਹੱਥ ਕਰਨੇ ਪੈਣਗੇ । ਇਸ ਕਾਰਨ ਲਈ ਗ਼ਦਰ ਲਹਿਰ ਨਾਂਅ ਦਾ ਮੈਗਜ਼ੀਨ ਅੰਗ੍ਰੇਜ਼ੀ, ਪੰਜਾਬੀ ਤੋਂ ਇਲਾਵਾ ਹੋਰ ਦੇਸੀ ਭਾਸ਼ਾਵਾਂ ਵਿੱਚ ਵੀ ਛਾਪਣਾ ਸ਼ੁਰੂ ਕੀਤਾ । ਬਾਬਾ ਜਵਾਲਾ ਸਿੰਘ ਬਾਕੀ ਗ਼ਦਰੀ ਬਾਬਿਆਂ ਨਾਲ 29 ਅਗਸਤ, 1914 ਈ: ਨੂੰ ਸੈਨਫਰਾਂਸਿਸਕੋ ਤੋਂ ਜਪਾਨ, ਹਾਂਗਕਾਂਗ, ਸਿੰਗਾਪੁਰ ਹੁੰਦੇ ਹੋਏ ਭਾਰਤ ਪੁੱਜੇ । ਜਦੋਂ ਬਾਬਾ ਜਵਾਲਾ ਸਿੰਘ 29 ਅਕਤੂਬਰ, 1914 ਈ: ਨੂੰ ਕਲਕੱਤੇ ਪੁੱਜੇ ਤਾਂ ਉਤਰਦਿਆਂ ਹੀ ਅੰਗ੍ਰੇਜ਼ ਹਕੂਮਤ ਨੇ ਬਾਕੀ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ।ਉਨ੍ਹਾਂ ਉੱਪਰ ਵੀ ਪਹਿਲੇ ਲਾਹੌਰ ਸਾਜਿਸ਼ ਕੇਸ ਅਧੀਨ ਮੁਕੱਦਮਾ ਚਲਾਇਆ ਗਿਆ ।

ਇਸ ਮਹਾਨ ਯੋਧੇ ਨੂੰ 13 ਸਤੰਬਰ, 1915 ਈ: ਨੂੰ ਜੀਵਨ ਭਰ ਲਈ ਕਾਲੇ ਪਾਣੀ ਦੀ ਸਜ਼ਾ ਸੁਣਾਈ ਗਈ ।ਨਾਲ ਹੀ ਸਾਰੀ ਜਾਇਦਾਦ ਵੀ ਜ਼ਬਤ ਕਰ ਲਈ ਗਈ । 18 ਸਾਲ ਤੱਕ ਜੇਲ੍ਹ ਦੇ ਸਖਤ ਤਸੀਹੇ ਝੱਲਦਿਆਂ ਬਤੀਤ ਕੀਤੇ । ਉਮਰ ਦਾ ਬੇਸ਼ਕੀਮਤੀ ਅਰਸਾ ਗ਼ਦਰ-ਲਹਿਰ ਨੂੰ ਭੇਟ ਕੀਤਾ । ਇਕੋ ਇਕ ਖਾਹਿਸ਼ ਲੈ ਕੇ ਚੱਲੇ ਸਨ, ਦੇਸ਼ ਨੂੰ ਸਦੀਆਂ ਤੋਂ ਗੁਲਾਮੀ ਦੀਆਂ ਜੰਜੀਰਾਂ ਤੋਂ ਅਜ਼ਾਦ ਕਰਵਾਉਣਾ । ਹੁਣ ਜਦੋਂ 1933 ਵਿੱਚ ਰਿਹਾਅ ਹੋਏ, ਸਦੀਆਂ ਤੋਂ ਨਪੀੜੇ ਜਾ ਰਹੇ ਕਿਸਾਨ ਹਿਤਾਂ ਲਈ ਸੰਘਰਸ਼ ਵਿੱਚ ਜੁੱਟ ਗਏ ।ਪੰਜਾਬੀ ਪੱਤ੍ਰਿਕਾ ਕਿਰਤੀ ਲਈ ਕਾਰਜਸ਼ੀਲ ਵੀ ਰਹੇ ।ਪੰਜਾਬ ਕਿਸਾਨ ਸਭਾ ਦੇ ਪ੍ਰਧਾਨ ਵੀ ਬਣਾਏ ਗਏ ।

1935 ਈ: ਵਿੱਚ ਮੁੜ ਕਿਸਾਨ ਅੰਦੋਲਨ ਵਿੱਚ ਗ੍ਰਿਫਤਾਰ ਕਰਕੇ ਇਕ ਸਾਲ ਲਈ ਮੁੜ ਜੇਲ੍ਹ ਭੇਜ ਦਿੱਤਾ ਗਿਆ । ਜ਼ਿੰਦਗੀ ਦਾ ਵੱਡਾ ਹਿੱਸਾ ਤਸੀਹੇ ਝੱਲ ਕੇ, ਉਹ ਚਾਹੁੰਦੇ ਸਨ ਆਪਣੇ ਜੀਵਨ ਦਾ ਪਲ-ਪਲ ਲੋਕ ਹਿੱਤਾਂ ਲਈ ਬਤੀਤ ਕੀਤਾ ਜਾਵੇ । 9 ਮਈ, 1938 ਈ: ਨੂੰ ਇਹ ਮਹਾਨ ਕ੍ਰਾਂਤੀਕਾਰੀ ਯੋਧਾ ਸਰਬਹਿੰਦ ਕਿਸਾਨ ਕਾਨਫਰੰਸ ਵਿੱਚ ਸ਼ਾਮਿਲ ਹੋਣ ਲਈ ਬੰਗਾਲ ਜਾ ਰਿਹਾ ਸੀ, ਰਸਤੇ ਵਿੱਚ ਜਾਂਦਿਆਂ ਇਕ ਗੰਭੀਰ ਹਾਦਸਾ ਵਾਪਰ ਗਿਆ । ਇਸ ਹਾਦਸੇ ਵਿੱਚ ਇਹ ਮਹਾਨ ਕ੍ਰਾਂਤੀਕਾਰੀ ਗ਼ਦਰੀ ਬਾਬਾ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਆਖ ਗਿਆ । ਇਸ ਮਹਾਨ ਯੋਧੇ ਦੇ ਕ੍ਰਾਂਤੀਕਾਰੀ ਤੇ ਸੰਘਰਸ਼ਸ਼ੀਲ ਜੀਵਨ ਨੂੰ ਸਾਡਾ ਪ੍ਰਣਾਮ। ••

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



# ਸਾਦਗੀ ਤੋਂ ਦਿਖਾਵੇ ਤੱਕ: ਕਿਵੇਂ ਬਦਲ ਰਿਹਾ ਹੈ ਸ਼ਹੀਦੀ ਦਿਹਾੜੇ ਦਾ ਸਰੂਪ: ਭਾਈ ਸਰਬਜੀਤ ਸਿੰਘ ਪਟਨਾ ਸਾਹਿਬ

☛ **ਸ਼ਹੀਦੀ ਦਿਹਾੜਾ ਜਾਂ ਮੇਲਾ..? ਛਬੀਲਾਂ ਅਤੇ ਲੰਗਰਾਂ ਦੇ ਬਦਲਦੇ ਰੂਪ 'ਤੇ ਉੱਠੇ ਸਵਾਲ**

☛ **"ਤੇਰਾ ਕੀਆ ਮੀਠਾ ਲਾਗੈ" ਦੇ ਸੰਦੇਸ਼ ਤੋਂ ਦੂਰ ਹੁੰਦੀ ਸ਼ਹੀਦੀ ਦਿਹਾੜੇ ਦੀ ਪਰੰਪਰਾ**



ਨਵੀਂ ਦਿੱਲੀ 8 ਮਈ (ਮਨਪ੍ਰੀਤ ਸਿੰਘ ਖਾਲਸਾ):- ਜੇਠ ਦੀ ਤਪਦੀ ਗਰਮੀ ਵਿੱਚ ਹਰ ਸਾਲ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਸਮੇਤ ਦੇਸ਼-ਵਿਦੇਸ਼ ਵਿੱਚ ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਅਤੇ ਲੰਗਰ ਲਗਾਏ ਜਾਂਦੇ ਹਨ। ਇਹ ਪ੍ਰੰਪਰਾ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਅਤੇ "ਤੇਰਾ ਕੀਆ ਮੀਠਾ ਲਾਗੈ" ਦੇ ਉੱਚੇ ਆਤਮਕ ਸੰਦੇਸ਼ ਨੂੰ ਯਾਦ ਕਰਨ ਲਈ ਸ਼ੁਰੂ ਹੋਈ ਸੀ। ਇੰਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪੰਥ ਪ੍ਰਸਿੱਧ ਰਾਗੀ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲਿਆਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਸਿੱਖ ਇਤਿਹਾਸ ਅਨੁਸਾਰ ਗੁਰੂ ਅਰਜਨ ਦੇਵ ਜੀ ਨੇ ਜੇਠ ਮਹੀਨੇ ਦੀ ਭਿਆਨਕ ਗਰਮੀ ਵਿੱਚ ਤੱਤੀ ਤਵੀ 'ਤੇ ਬੈਠ ਕੇ ਵੱਖ-ਵੱਖ ਕਿਸਮ ਦੇ ਤਸੀਹੇ ਨੂੰ ਸਹਾਰਦੇ ਹੋਏ ਸ਼ਾਂਤੀ ਅਤੇ ਸਮਰਪਣ ਨਾਲ ਸ਼ਹਾਦਤ ਦਿੱਤੀ ਸੀ। ਇਹ ਸਿੱਖ ਇਤਿਹਾਸ ਦੀ ਪਹਿਲੀ ਮਹਾਨ ਸ਼ਹਾਦਤ ਮੰਨੀ ਜਾਂਦੀ ਹੈ, ਜਿਸ ਨੇ ਸਿੱਖ ਕੌਮ ਨੂੰ ਜ਼ੁਲਮ ਵਿਰੁੱਧ ਡਟਣ ਅਤੇ ਸੱਚ ਦੇ ਰਾਹ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ। ਇਸੇ ਕਾਰਨ ਸ਼ਹੀਦੀ ਦਿਹਾੜੇ ਮੌਕੇ ਸੰਗਤਾਂ ਵੱਲੋਂ ਛਬੀਲਾਂ ਲਗਾ ਕੇ ਰਾਹਗੀਰਾਂ ਨੂੰ ਠੰਢਾ ਜਲ ਪਿਲਾਇਆ ਜਾਂਦਾ ਹੈ। ਇਹ ਸੇਵਾ ਕੇਵਲ ਪਾਣੀ ਵੰਡਣ ਤੱਕ ਸੀਮਿਤ ਨਹੀਂ, ਸਗੋਂ ਮਨੁੱਖਤਾ ਦੀ ਨਿਸ਼ਕਾਮ ਸੇਵਾ, ਨਿਮਰਤਾ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਮੰਨੀ ਜਾਂਦੀ ਹੈ। ਪ੍ਰੰਤੂ ਸਮੇਂ ਦੇ ਨਾਲ ਇਸ ਪਰੰਪਰਾ ਦਾ ਰੂਪ ਕਾਫ਼ੀ ਬਦਲਦਾ ਨਜ਼ਰ ਆ ਰਿਹਾ ਹੈ। ਕਈ ਥਾਵਾਂ 'ਤੇ ਸਾਦਗੀ ਅਤੇ ਸਿਮਰਨ ਦੀ ਥਾਂ ਦਿਖਾਵਾ ਅਤੇ ਆਡੰਬਰ ਵਧਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਸ਼ਹੀਦੀ ਦਿਹਾੜੇ ਮੌਕੇ ਸਮੋਸੇ, ਚਾਉਮੀਨ, ਫਾਸਟ ਫੂਡ, ਮੈਂਗੋ ਸ਼ੇਕ, ਕੋਲਡ ਡਰਿੰਕ, ਆਈਸਕ੍ਰੀਮ ਅਤੇ ਮਹਿੰਗੇ ਵਿਸ਼ੇਸ਼ ਪਕਵਾਨਾਂ ਦੇ ਲੰਗਰ ਲਗਾਉਣ ਦਾ ਰੁਝਾਨ ਤੇਜ਼ੀ ਨਾਲ ਵਧਿਆ ਹੈ, ਜਦਕਿ ਸ਼ਹੀਦੀ ਦਿਹਾੜਾ ਵੈਰਾਗ, ਗੁਰਬਾਣੀ ਕੀਰਤਨ, ਸਿਮਰਨ ਅਤੇ ਗੁਰੂ ਸਾਹਿਬ ਦੀ ਕੁਰਬਾਨੀ ਨੂੰ ਯਾਦ ਕਰਨ ਦਾ ਦਿਨ ਹੈ, ਨਾ ਕਿ ਖਾਣ-ਪੀਣ ਦੇ ਜਸ਼ਨ ਮਨਾਉਣ ਦਾ। ਵੱਡੇ ਪੱਧਰ 'ਤੇ ਲੱਗਦੇ ਲੰਗਰਾਂ ਕਾਰਨ ਕਈ ਵਾਰ ਟ੍ਰੈਫਿਕ ਜਾਮ, ਗੰਦਗੀ ਅਤੇ ਪ੍ਰਬੰਧਕੀ ਸਮੱਸਿਆਵਾਂ ਵੀ ਪੈਦਾ ਹੋ ਜਾਂਦੀਆਂ ਹਨ, ਜੋ ਇਸ ਪਵਿੱਤਰ ਦਿਹਾੜੇ ਦੀ ਗੰਭੀਰਤਾ ਨਾਲ ਮੇਲ ਨਹੀਂ ਖਾਂਦੀਆਂ ।ਉਨ੍ਹਾਂ ਦਸਿਆ ਸ਼ਹੀਦੀ ਦਿਹਾੜੇ ਵਰਗੇ ਗੰਭੀਰ ਅਤੇ ਸਤਿਕਾਰ ਵਾਲੇ ਦਿਨਾਂ 'ਤੇ ਬਹੁਤ ਉੱਚੀ ਆਵਾਜ਼ ਵਾਲੇ ਡੀਜੇ ਲਗਾਉਣ ਦੇ ਨਾਲ ਜਿੱਥੇ ਸ਼ਹੀਦਾਂ ਦੀ ਕੁਰਬਾਨੀ ਦੀ ਗੰਭੀਰਤਾ ਅਤੇ ਆਦਰ ਘਟਦਾ ਹੈ ਓਥੇ ਗੁਰਬਾਣੀ, ਕੀਰਤਨ ਅਤੇ ਵਿਚਾਰ ਸੁਣਨ ਦੀ ਥਾਂ ਮਾਹੌਲ ਮੇਲੇ ਜਾਂ ਦਿਖਾਵੇ ਵਾਂਗ ਬਣ ਜਾਂਦਾ ਹੈ। ਜਦਕਿ ਛਬੀਲ ਦਾ ਅਸਲ ਮਕਸਦ ਗੁਰੂ ਸਾਹਿਬ ਦੇ ਉਸ ਸੰਦੇਸ਼ ਨੂੰ ਜੀਵਨ ਵਿੱਚ ਅਪਣਾਉਣਾ ਹੈ, ਜਿਸ ਵਿੱਚ ਹਰ ਹਾਲਤ ਵਿੱਚ ਅਕਾਲ ਪੁਰਖ ਦੇ ਭਾਣੇ ਨੂੰ ਮਿੱਠਾ ਕਰਕੇ ਮੰਨਣ ਅਤੇ ਮਨੁੱਖਤਾ ਦੀ ਨਿਸ਼ਕਾਮ ਸੇਵਾ ਕਰਨ ਦੀ ਪ੍ਰੇਰਣਾ ਦਿੱਤੀ ਗਈ ਹੈ। ਲੰਗਰ ਅਤੇ ਛੱਬੀਲ ਸੇਵਾ ਸਿੱਖ ਧਰਮ ਦੀ ਮਹਾਨ ਪਰੰਪਰਾ ਹੈ, ਜੋ ਬਰਾਬਰੀ ਅਤੇ ਸੇਵਾ ਦਾ ਪ੍ਰਤੀਕ ਹੈ। ਪਰ ਨਾਲ ਹੀ, ਜੇ ਕੌਮ ਆਪਣੀ ਜਵਾਨੀ ਨੂੰ ਪੜ੍ਹਾਈ, ਵਿਗਿਆਨ, ਪ੍ਰਸ਼ਾਸਨ, ਕਾਰੋਬਾਰ ਅਤੇ ਨੇਤ੍ਰਿਤਵ ਵਿੱਚ ਅੱਗੇ ਲਿਆਵੇਗੀ ਤਾਂ ਸਮਾਜ ਹੋਰ ਮਜ਼ਬੂਤ ਬਣੇਗਾ। ਇਸ ਨਾਲ ਸੇਵਾ ਵੀ ਰਹੇਗੀ, ਤੇ ਸਿੱਖਿਆ ਅਤੇ ਉੱਚੀ ਸੋਚ ਵੀ ਵਧੇਗੀ । ਕਿਉਕਿ ਸੇਵਾ ਦੇ ਨਾਲ ਸਿੱਖਿਆ ਵੀ ਜ਼ਰੂਰੀ ਹੈ, ਲੰਗਰ ਕੌਮ ਨੂੰ ਜੋੜਦਾ ਹੈ ਤੇ ਪੜ੍ਹਾਈ ਕੌਮ ਨੂੰ ਉੱਚਾਈਆਂ ਤੱਕ ਲੈ ਜਾਂਦੀ ਹੈ। ਉਨ੍ਹਾਂ ਕਿਹਾ ਸਿਰਫ਼ ਲੰਗਰਾਂ ਦੇ ਸੁਆਦ ਅਤੇ ਰਸਮਾਂ ਵਿੱਚ ਹੀ ਨਾ ਫਸ ਕੇ, ਸਾਨੂੰ ਆਪਣੀ ਨਵੀਂ ਪੀੜ੍ਹੀ ਦੀ ਸਿੱਖਿਆ, ਤਰੱਕੀ ਅਤੇ ਉੱਚ ਅਹੁਦਿਆਂ ਤੱਕ ਪਹੁੰਚ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਸ਼ਹੀਦੀ ਦਿਹਾੜੇ ਦਾ ਮਕਸਦ ਸ਼ੋਰ ਨਹੀਂ, ਸਿਮਰਨ, ਸੇਵਾ, ਇਤਿਹਾਸ ਤੋਂ ਸਿੱਖਿਆ ਅਤੇ ਚੰਗੇ ਵਿਚਾਰਾਂ ਨੂੰ ਅਪਣਾਉਣਾ ਹੋਣਾ ਚਾਹੀਦਾ ਹੈ। ਇਸ ਲਈ ਅੱਜ ਲੋੜ ਇਸ ਗੱਲ ਦੀ ਹੈ ਕਿ ਸ਼ਹੀਦੀ ਦਿਹਾੜੇ ਦੀ ਰੂਹਾਨੀ ਅਤੇ ਇਤਿਹਾਸਕ ਮਹੱਤਤਾ ਨੂੰ ਸਮਝਦਿਆਂ ਸਾਦਗੀ, ਸੇਵਾ ਅਤੇ ਸਿਮਰਨ ਨਾਲ ਗੁਰੂ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਭੇਟ ਕੀਤੀ ਜਾਵੇ। ਕਿਉਕਿ ਸ਼ਹੀਦੀ ਦਿਹਾੜੇ ਸ਼ੋਰ ਨਾਲ ਨਹੀਂ, ਸਿਮਰਨ, ਸੇਵਾ ਅਤੇ ਸਤਿਕਾਰ ਨਾਲ ਮਨਾਏ ਜਾਣੇ ਚਾਹੀਦੇ ਹਨ।

# ਨਿਊਯਾਰਕ ਤੋਂ ਪੰਜਵੜ ਤੱਕ: ਡਾਇਸਪੋਰਾ ਸਮਝੇ, ਸਿੱਖਾਂ ਨੇ ਖਾਲਿਸਤਾਨ ਨਹੀਂ ਅਮਨ ਤੇ ਲੋਕਤੰਤਰ ਚੁਣਿਆ

ਵਿਚਾਰ ਆਪੋ-ਆਪਣਾ

ਪੰਜਾਬ ਦੀ ਕਹਾਣੀ ਸਿਰਫ਼ ਜ਼ਖ਼ਮਾਂ ਦੀ ਨਹੀਂ, ਸਗੋਂ ਉਨ੍ਹਾਂ ਜ਼ਖ਼ਮਾਂ ਵਿੱਚੋਂ ਮੁੜ ਖੜ੍ਹੇ ਹੋਣ ਦੀ ਕਹਾਣੀ ਹੈ।ਵੀਹਵੀਂ ਸਦੀ ਦੇ ਆਖ਼ਰੀ ਦਹਾਕਿਆਂ 'ਚ ਖਾਲਿਸਤਾਨ ਦੇ ਨਾਮ 'ਤੇ ਹੋਈ ਹਿੰਸਾ ਨੇ ਪੰਜਾਬ ਦੀ ਰੂਹ ਨੂੰ ਗਹਿਰਾ ਜ਼ਖ਼ਮ ਦਿੱਤਾ। ਪਰ ਇਹ ਤਸੱਲੀ ਵਾਲੀ ਗੱਲ ਸੀ ਕਿ ਪੰਜਾਬ ਦੇ ਲੋਕਾਂ ਨੇ ਡਰ, ਵੱਖਵਾਦ ਅਤੇ ਗੋਲੀਆਂ ਦੀ ਰਾਜਨੀਤੀ ਨੂੰ ਰੱਦ ਕਰਕੇ ਲੋਕਤੰਤਰ, ਅਮਨ, ਤਰੱਕੀ ਅਤੇ ਭਾਰਤ ਦੇ ਸੰਵਿਧਾਨਕ ਢਾਂਚੇ ਅੰਦਰ ਰਹਿਣ ਦਾ ਰਾਹ ਚੁਣਿਆ। ਭਾਰਤ 'ਚ ਰਹਿ ਰਿਹਾ ਸਿੱਖ ਭਾਈਚਾਰਾ ਵਾਰ-ਵਾਰ ਇਹ ਸਾਬਤ ਕਰ ਚੁੱਕਾ ਹੈ ਕਿ ਉਨ੍ਹਾਂ ਦੀ ਆਸਥਾ ਗੁਰੂ ਸਾਹਿਬਾਨ ਦੀ ਬਾਣੀ, ਸੇਵਾ, ਨਿਆਂ, ਸੱਚ ਅਤੇ ਕਮਜ਼ੋਰਾਂ ਦੀ ਰੱਖਿਆ ਨਾਲ ਜੁੜਿਆ ਹੋਇਆ ਹੈ—ਨਾ ਕਿ ਹਿੰਸਾ, ਵੱਖਵਾਦ ਜਾਂ ਦਹਿਸ਼ਤਗਰਦੀ ਨਾਲ। ਇਹੀ ਕਾਰਨ ਹੈ ਕਿ ਖਾਲਿਸਤਾਨੀ ਹਿੰਸਾ ਦੇ ਖ਼ੂਨੀ ਦੌਰ ਤੋਂ ਬਾਅਦ ਪੰਜਾਬ ਨੇ ਆਪਣੇ ਆਪ ਨੂੰ ਲੋਕਤੰਤਰਿਕ ਪ੍ਰਕਿਰਿਆਵਾਂ ਅਤੇ ਸਮੂਹਕ ਸਮਾਜਕ ਸਹਿਮਤੀ ਰਾਹੀਂ ਮੁੜ ਖੜ੍ਹਾ ਕੀਤਾ।

1978 ਤੋਂ 1995 ਦੇ ਦਰਮਿਆਨ ਪੰਜਾਬ ਨੂੰ ਜਕੜ ਲੈਣ ਵਾਲੀ ਹਿੰਸਾ ਨੂੰ ਖ਼ਤਮ ਕਰਨ ਲਈ ਰਾਜ ਮਸ਼ੀਨਰੀ ਨੇ ਬੇਸ਼ੱਕ ਕੜੀ ਕਾਰਵਾਈ ਕੀਤੀ, ਪਰ ਅਸਲ ਵਿੱਚ ਇਸ ਦਾ ਅੰਤ ਲੋਕਾਂ ਵੱਲੋਂ ਇਸ ਨੂੰ ਨਕਾਰ ਦੇਣ ਨਾਲ ਹੀ ਸੰਭਵ ਹੋਇਆ। ਪੰਜਾਬ ਦੇ ਲੋਕਾਂ ਨੇ ਵੱਖਰੇ ਖਾਲਿਸਤਾਨ ਦੀ ਮੰਗ ਨੂੰ ਬਹੁਮਤ ਵਿੱਚ ਰੱਦ ਕੀਤਾ ਅਤੇ ਅਮਨ, ਵਿਕਾਸ ਤੇ ਭਾਰਤੀ ਲੋਕਤੰਤਰ ਵਿੱਚ ਪੂਰੀ ਭਾਗੀਦਾਰੀ ਦਾ ਰਾਹ ਚੁਣਿਆ। ਪਰ ਅਫ਼ਸੋਸ ਦੀ ਗੱਲ ਹੈ ਕਿ ਭਾਰਤ ਅਤੇ ਵਿਦੇਸ਼ੀ ਸਿੱਖ ਡਾਇਸਪੋਰਾ ਵਿੱਚ ਹਾਸ਼ੀਏ 'ਤੇ ਰਹਿੰਦੇ ਕੁਝ ਕੱਟੜਪੰਥੀ ਤੱਤ ਅਜੇ ਵੀ ਉਸ ਕਾਲੇ ਦੌਰ ਨਾਲ ਜੁੜੀਆਂ ਯਾਦਾਂ ਤੇ ਵਿਅਕਤੀਆਂ ਦੀਆਂ ਬਰਸੀਆਂ ਮਨਾ ਕੇ ਆਪਣੀ ਹੋਂਦ ਜਤਾਉਣ ਦੀ ਕੋਸ਼ਿਸ਼ ਕਰਦੇ ਹਨ ।ਇਸ ਵਰਤਾਰੇ ਵਿੱਚ ਆਪਣੀ ਸਿਆਸੀ ਸਾਖ ਗਵਾ ਚੁੱਕੇ ਅਕਾਲੀ ਦਲ ਬਾਦਲ ਦੀ ਇੱਛਾ ਪੂਰਤੀ ਲਈ ਸ਼੍ਰੋਮਣੀ ਕਮੇਟੀ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਭੂਮਿਕਾ ਵਰਤੇ ਜਾਣ ਨੂੰ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ।

ਹਾਲ ਹੀ ਵਿੱਚ ਪਰਮਜੀਤ ਸਿੰਘ ਪੰਜਵੜ, ਜੋ ਖਾਲਿਸਤਾਨ ਕਮਾਂਡੋ ਫੋਰਸ ਦਾ ਮੁਖੀ ਸੀ ਅਤੇ 6 ਮਈ 2023 ਨੂੰ ਲਾਹੌਰ, ਪਾਕਿਸਤਾਨ ਦੇ ਜੌਹਰ ਟਾਊਨ ਦੀ ਸਨ-ਫਲਾਵਰ ਹਾਊਸਿੰਗ ਸੋਸਾਇਟੀ ਵਿੱਚ ਸੈਰ ਕਰਦੇ ਸਮੇਂ ਦੋ ਅਣਪਛਾਤੇ ਬੰਦੂਕਧਾਰੀਆਂ ਵੱਲੋਂ ਗੋਲੀਆਂ ਮਾਰ ਕੇ ਮਾਰਿਆ ਗਿਆ ਸੀ, ਦੀ ਬਰਸੀ 'ਤੇ ਤਰਨਤਾਰਨ ਜ਼ਿਲ੍ਹੇ ਦੇ ਪੰਜਵੜ ਪਿੰਡ ਅਤੇ ਨਿਊਯਾਰਕ ਵਿੱਚ ਕੁਝ ਛੋਟੇ ਸਮਾਗਮ ਕੀਤੇ ਗਏ। ਇਨ੍ਹਾਂ ਸਮਾਗਮਾਂ ਵਿੱਚ ਉਸ ਨੂੰ ਸ਼ਰਧਾਂਜਲੀਆਂ ਦਿੱਤੀਆਂ ਗਈਆਂ, ਜਿਨ੍ਹਾਂ ਨੂੰ ਡਾਇਸਪੋਰਾ ਮੀਡੀਆ ਦੇ ਕੁਝ ਹਿੱਸਿਆਂ ਵੱਲੋਂ ਵਧਾ-ਚੜ੍ਹਾ ਕੇ ਪੇਸ਼ ਕੀਤਾ ਗਿਆ।

ਇਸੇ ਸੰਦਰਭ ਵਿੱਚ 13 ਜੁਲਾਈ 2024 ਨੂੰ ਅਕਾਲ ਤਖ਼ਤ ਸਾਹਿਬ ਦੇ ਤਤਕਾਲੀ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪਰਮਜੀਤ ਸਿੰਘ ਪੰਜਵੜ ਦੀ ਤਸਵੀਰ ਸ੍ਰੀ ਹਰਿਮੰਦਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਉਣ ਦੀ ਹਦਾਇਤ ਇਹ ਸਾਫ਼ ਦਰਸਾਉਂਦੀ ਹੈ ਕਿ ਇਹ ਕਦਮ ਸ਼੍ਰੋਮਣੀ ਕਮੇਟੀ 'ਤੇ ਪੂਰਾ ਕੰਟਰੋਲ ਰੱਖਣ ਵਾਲੇ ਅਕਾਲੀ ਦਲ ਵੱਲੋਂ ਸਿੱਖ ਭਾਈਚਾਰੇ ਵਿੱਚ ਆਪਣੀ ਛਵੀ ਮੁੜ ਬਹਾਲ ਕਰਨ ਦੀ ਰਣਨੀਤੀ ਦਾ ਹਿੱਸਾ ਸੀ। ਬੇਸ਼ੱਕ ਪੰਜਵੜ ਦੀ ਤਸਵੀਰ ਲਗਾਉਣ ਦੇ ਮੁੱਦੇ 'ਤੇ ਵੱਖ-ਵੱਖ ਰਾਏ ਸਾਹਮਣੇ ਆਏ। ਉਸ ਵੇਲੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ- ਮਾਨ) ਦੇ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ, ਰਾਜਸਥਾਨ ਸਥਿਤ ਸਿੱਖ ਆਗੂ ਤੇਜਿੰਦਰਪਾਲ ਸਿੰਘ ਟਿੰਮਾ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਸੀਨੀਅਰ ਆਗੂ ਸਵਰਨ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਇੱਕ ਵਫ਼ਦ ਨੇ ਪੰਜਵੜ ਦੀ ਤਸਵੀਰ ਲਗਾਉਣ ਦਾ ਵਿਰੋਧ ਕੀਤਾ ਅਤੇ ਜਥੇਦਾਰ ਨੂੰ ਮੰਗ ਪੱਤਰ ਸੌਂਪਦਿਆਂ ਆਪਣੇ ਫ਼ੈਸਲੇ 'ਤੇ ਮੁੜ ਵਿਚਾਰ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।



ਉਨ੍ਹਾਂ ਦਾ ਤਰਕ ਸੀ ਕਿ ਪੰਜਵੜ ਦਾ ਨਾਮ ਭਾਰਤੀ ਲੋਕਤੰਤਰ ਪ੍ਰਣਾਲੀ ਵਿੱਚ ਵਿਸ਼ਵਾਸ ਰੱਖਣ ਵਾਲੇ ਅਤੇ ਸਿੱਖ ਪੰਥ ਦੇ ਰੋਸ਼ਨ ਦਿਮਾਗ. ਮੰਨੇ ਜਾਂਦੇ ਏਆਈਐਸਐਸਐਫ ਦੇ ਤਤਕਾਲੀ ਜਨਰਲ ਸਕੱਤਰ ਹਰਮਿੰਦਰ ਸਿੰਘ ਸੰਧੂ ਵਰਗੇ ਨੌਜਵਾਨ ਸਿੱਖ ਆਗੂਆਂ ਦੀ ਹੱਤਿਆ ਅਤੇ ਅੰਦਰੂਨੀ ਖ਼ੂਨੀ ਟਕਰਾਵਾਂ ਨਾਲ ਜੁੜਿਆ ਰਿਹਾ ਹੈ। ਉਸ 'ਤੇ ਇਹ ਵੀ ਦੋਸ਼ ਲੱਗੇ ਕਿ ਪੰਜਾਬ ਵਿੱਚ 1992 ਦੀਆਂ ਵਿਧਾਨ ਸਭਾ ਚੋਣਾਂ ਦਾ ਬਾਈਕਾਟ ਯਕੀਨੀ ਬਣਾਉਣ ਲਈ ਕਈ ਉਮੀਦਵਾਰਾਂ ਦੇ ਕਤਲ ਕੀਤੇ ਗਏ। ਗੱਲ ਇੱਥੇ ਹੀ ਨਹੀਂ ਮੁੱਕਦੀ, ਅਕਾਲੀ ਆਗੂ ਉਪਕਾਰ ਸਿੰਘ ਸੰਧੂ ਨੇ ਇੱਥੋਂ ਤੱਕ ਕਿਹਾ ਕਿ ਪੰਜਵੜ ਨੇ ਪਾਕਿਸਤਾਨ ਵਿੱਚ ਬੈਠ ਕੇ ਨਸ਼ੇ ਦੀ ਤਸਕਰੀ ਕੀਤੀ ਅਤੇ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈਐਸਆਈ ਦੀਆਂ ਹਦਾਇਤਾਂ ਮੁਤਾਬਕ ਸਰਹੱਦ ਪਾਰੋਂ ਨਸ਼ਾ ਤੇ ਹਥਿਆਰ ਪੰਜਾਬ ਵਿੱਚ ਪਹੁੰਚਾ ਕੇ ਪੰਜਾਬ ਦੀ ਨੌਜਵਾਨੀ ਨੂੰ ਕੁਰਾਹੇ ਪਾਉਣ ਦਾ ਗੁਨਾਹ ਵੀ ਕੀਤਾ। ਪਰਮਜੀਤ ਸਿੰਘ ਪੰਜਵੜ ਕੋਈ ਲੁਕਿਆ ਹੋਇਆ ਆਮ ਵਿਅਕਤੀ ਨਹੀਂ ਸੀ ।ਉਹ ਪਾਕਿਸਤਾਨੀ ਸੁਰੱਖਿਆ ਢਾਂਚੇ ਦੀ ਜਾਣਕਾਰੀ ਅਤੇ ਸਹੂਲਤਾਂ ਨਾਲ ਉਥੇ ਰਹਿ ਰਿਹਾ ਸੀ ਅਤੇ ਭਾਰਤ ਵਿਰੋਧੀ ਗਤੀਵਿਧੀਆਂ ਨਾਲ ਜੁੜਿਆ ਰਿਹਾ ਸੀ । ਭਾਰਤੀ ਸੁਰੱਖਿਆ ਏਜੰਸੀਆਂ ਦੇ ਅਨੁਸਾਰ, ਪੰਜਵੜ ਆਈਐਸਆਈ ਦੀ ਸਰਪ੍ਰਸਤੀ ਹੇਠ ਕੰਮ ਕਰਦਾ ਰਿਹਾ ।ਜਿਸ ਨੇ ਸਿੱਖ ਖਾੜਕੂ ਗਰੁੱਪਾਂ ਨੂੰ ਸਿਖਲਾਈ, ਹਥਿਆਰ, ਸੁਰੱਖਿਅਤ ਪਨਾਹਗਾਹ ਅਤੇ ਲੌਜਿਸਟਿਕ ਸਹਾਇਤਾ ਦਿੱਤੀ ।ਪੰਜਵੜ ਪਾਕਿਸਤਾਨੀ ਤਸਕਰਾਂ ਅਤੇ ਸਰਹੱਦੀ ਨੈੱਟਵਰਕ ਦੀ ਮਦਦ ਨਾਲ ਭਾਰਤ ਵਿੱਚ ਆਪਣੇ ਸਾਥੀਆਂ ਨੂੰ ਹਥਿਆਰ, ਗੋਲਾ-ਬਾਰੂਦ ਅਤੇ ਨਸ਼ਾ ਪਹੁੰਚਾਉਂਦਾ ਰਿਹਾ ਅਤੇ ਪੰਜਾਬ ਵਿੱਚ ਆਪਣੇ ਨੈੱਟਵਰਕ ਨੂੰ ਮੁੜ ਸਰਗਰਮ ਕਰਨ ਦੀਆਂ ਕੋਸ਼ਿਸ਼ਾਂ ਵਿੱਚ ਸ਼ਾਮਲ ਦੱਸਿਆ ਜਾਂਦਾ ਰਿਹਾ ।ਪਾਕਿਸਤਾਨ ਅਤੇ ਵਿਦੇਸ਼ਾਂ ਵਿੱਚ ਸਥਿਤ ਖਾਲਿਸਤਾਨ ਪੱਖੀ ਸਮੂਹ ਅਜੇ ਵੀ ਪੰਜਾਬ ਵਿੱਚ ਭਾਰਤ ਵਿਰੋਧੀ ਤੱਤਾਂ ਨੂੰ ਪਾਲਣ-ਪੋਸ਼ਣ ਅਤੇ ਸਮਰਥਨ ਦੇਣ ਦੀ ਕੋਸ਼ਿਸ਼ ਕਰਦੇ ਹਨ ।ਇਹ ਤੱਥ ਹੋਰ ਵੀ ਵਿਡੰਬਨਾਪੂਰਨ ਹੈ ਕਿ ਪਾਕਿਸਤਾਨ ਵਿੱਚ ਸਿੱਖ ਭਾਈਚਾਰਾ ਖ਼ੁਦ ਧਾਰਮਿਕ ਘੱਟ ਗਿਣਤੀ ਵਜੋਂ ਦਬਾਅ ਅਤੇ ਅੱਤਿਆਚਾਰਾਂ ਦਾ ਸਾਹਮਣਾ ਕਰਦਾ ਹੈ। ਗੁਰਦੁਆਰਿਆਂ 'ਤੇ ਹਮਲੇ, ਸਿੱਖ ਸ਼ਰਧਾਲੂਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਘਟਨਾਵਾਂ, ਸਿੱਖ ਕੁੜੀਆਂ ਦੇ ਅਗਵਾ ਅਤੇ ਜ਼ਬਰਦਸਤੀ ਧਰਮ ਪਰਿਵਰਤਨ ਵਰਗੇ ਮਾਮਲੇ ਪਾਕਿਸਤਾਨ ਵਿੱਚ ਸਿੱਖ ਭਾਈਚਾਰੇ ਲਈ ਗੰਭੀਰ ਚਿੰਤਾ ਦਾ ਕਾਰਨ ਹਨ ।ਅਜਿਹੇ ਅੱਤਿਆਚਾਰਾਂ ਦੇ ਬਾਵਜੂਦ ਇਹ ਸਮਝਣਾ ਮੁਸ਼ਕਲ ਹੈ ਕਿ ਪੰਜਵੜ ਵਰਗੇ ਲੋਕ ਪਾਕਿਸਤਾਨ ਦੇ ਭਾਰਤ ਵਿਰੋਧੀ ਪ੍ਰਚਾਰ ਨਾਲ ਹਮਦਰਦੀ ਕਿਉਂ ਰੱਖਦੇ ਰਹੇ ਅਤੇ ਆਈਐਸਆਈ ਵੱਲੋਂ ਪ੍ਰਦਾਨ ਕੀਤੀ ਗਈ ਪਨਾਹ ਦਾ ਆਨੰਦ ਕਿਉਂ ਮਾਣਦੇ ਰਹੇ। ਖਾਲਿਸਤਾਨ ਕਮਾਂਡੋ ਫੋਰਸ, ਜਿਸ ਵਿੱਚ ਪੰਜਵੜ ਵਰਗੇ ਆਗੂ ਸ਼ਾਮਲ ਸਨ, ਖਾੜਕੂਵਾਦ ਦੇ ਦੌਰਾਨ ਕਈ ਵੱਡੀਆਂ ਹਿੰਸਕ ਘਟਨਾਵਾਂ ਲਈ ਜ਼ਿੰਮੇਵਾਰ ਮੰਨੀ ਜਾਂਦੀ ਰਹੀ। 1995 ਵਿੱਚ ਪੰਜਾਬ ਦੇ ਮੁੱਖ ਮੰਤਰੀ ਬੇਅੰਤ ਸਿੰਘ ਦੀ ਆਤਮਘਾਤੀ ਹਮਲੇ ਨਾਲ ਹੱਤਿਆ ਦੌਰਾਨ ਹੋਰ 16 ਲੋਕ ਵੀ ਮਾਰੇ ਗਏ। 1989 ਵਿੱਚ ਪਟਿਆਲਾ ਦੇ ਥਾਪਰ ਇੰਜੀਨੀਅਰਿੰਗ ਕਾਲਜ ਵਿੱਚ 19 ਵਿਦਿਆਰਥੀਆਂ ਦੀ ਹੋਸਟਲ ਵਿੱਚ ਗੋਲੀ ਮਾਰ ਕੇ ਹੱਤਿਆ ਅਤੇ 1991 ਵਿੱਚ ਰੋਪੜ ਦੇ ਸਿਆਲਬਾ ਮਜਰੀ ਕਤਲੇਆਮ ਵਿੱਚ 27 ਨਾਗਰਿਕਾਂ ਦੀ ਹੱਤਿਆ ਵਰਗੀਆਂ ਘਟਨਾਵਾਂ ਪੰਜਾਬ ਦੀ ਯਾਦ ਵਿੱਚ ਅੱਜ ਵੀ ਦਰਦਨਾਕ ਘਟਨਾਵਾਂ ਵਜੋਂ ਮੌਜੂਦ ਹਨ। ਇਹ ਹਮਲੇ ਸਿਰਫ਼ ਰਾਜਨੀਤਿਕ ਹਿੰਸਾ ਨਹੀਂ ਸਨ; ਇਹ ਪੰਜਾਬ ਦੀ ਸਮਾਜਕ ਸਾਂਝ, ਭਾਈਚਾਰਕ ਏਕਤਾ ਅਤੇ ਮਨੁੱਖਤਾ 'ਤੇ ਹਮਲੇ ਸਨ। ਇਨ੍ਹਾਂ ਵਿੱਚ ਜ਼ਿਆਦਾਤਰ ਪੀੜਤ ਸਿੱਖ ਨਾਗਰਿਕ, ਬੁੱਧੀਜੀਵੀ ਅਤੇ ਸੁਰੱਖਿਆ-ਕਰਮੀ ਸਨ। ਇਸ ਲਈ ਅਜਿਹੇ "ਸ਼ਹੀਦੀ" ਸਮਾਗਮ ਵੱਡੇ ਸਿੱਖ ਸਮਾਜ ਦੀ ਭਾਵਨਾ ਦਾ ਪ੍ਰਤੀਬਿੰਬ ਨਹੀਂ ਹਨ। ਸਰਕਾਰੀ ਅੰਕੜਿਆਂ ਮੁਤਾਬਕ 1981 ਤੋਂ 1993 ਤੱਕ ਲਗਭਗ 21,000 ਮੌਤਾਂ ਹੋਈਆਂ, ਜਿਨ੍ਹਾਂ ਵਿੱਚ ਵੱਡੀ ਗਿਣਤੀ ਸਿੱਖਾਂ ਦੀ ਸੀ। ਸਾਊਥ ਏਸ਼ੀਆ ਟੈਰਰਿਜ਼ਮ ਪੋਰਟਲ ਦੇ ਅੰਕੜਿਆਂ ਅਨੁਸਾਰ 11,694 ਨਾਗਰਿਕ ਮਾਰੇ ਗਏ, ਜਿਨ੍ਹਾਂ ਵਿੱਚੋਂ 7,139 ਸਿੱਖ ਸਨ। ਇਹ ਅੰਕੜੇ ਦੱਸਦੇ ਹਨ ਕਿ ਅਖੌਤੀ ਖਾਲਿਸਤਾਨੀ ਲਹਿਰ ਨੇ ਸਭ ਤੋਂ ਵੱਡਾ ਨੁਕਸਾਨ ਉਸੇ ਸਿੱਖ ਸਮਾਜ ਨੂੰ ਪਹੁੰਚਾਇਆ, ਜਿਸ ਦੇ ਨਾਮ 'ਤੇ ਇਹ ਹਿੰਸਕ ਰਾਜਨੀਤੀ ਚਲਾਈ ਗਈ। 1993 ਤੱਕ ਟਾਰਗੈਟ ਕਿਲਿੰਗ ਅਤੇ ਹਿੰਸਕ ਘਟਨਾਵਾਂ ਵਿੱਚ ਵੱਡੀ ਕਮੀ ਆ ਗਈ। ਇਹ ਸਿਰਫ਼ ਪੁਲਿਸ ਜਾਂ ਪ੍ਰਸ਼ਾਸਨ ਦੀ ਕਾਰਵਾਈ ਕਰਕੇ ਨਹੀਂ ਸੀ, ਸਗੋਂ ਪੰਜਾਬ ਦੇ ਆਮ ਲੋਕਾਂ—ਕਿਸਾਨਾਂ, ਮਜ਼ਦੂਰਾਂ, ਮਾਵਾਂ, ਨੌਜਵਾਨਾਂ ਅਤੇ ਸੰਗਤ ਦੇ ਸਹਿਯੋਗ ਸਦਕਾ ਸੰਭਵ ਹੋਇਆ, ਜਿਨ੍ਹਾਂ ਨੇ ਹਿੰਸਾ ਦੀ ਥਾਂ ਅਮਨ ਦਾ ਪੱਖ ਲਿਆ। 2022 ਦੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਵੱਖਵਾਦੀ ਵਿਚਾਰਧਾਰਾ ਨਾਲ ਜੁੜੇ ਉਮੀਦਵਾਰਾਂ ਨੂੰ 3 ਫ਼ੀਸਦੀ ਤੋਂ ਘੱਟ ਵੋਟ ਮਿਲੇ, ਜਦਕਿ ਮੁੱਖ ਧਾਰਾ ਦੀਆਂ ਪਾਰਟੀਆਂ ਨੂੰ ਭਾਰੀ ਸਮਰਥਨ ਮਿਲਿਆ। ਬਾਅਦ ਦੀਆਂ ਚੋਣਾਂ ਵਿੱਚ ਵੋਟਿੰਗ ਪ੍ਰਤੀਸ਼ਤ ਨੇ ਵੀ ਦਰਸਾਇਆ ਕਿ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਬੰਦੂਕ ਵਿੱਚ ਨਹੀਂ, ਬੈਲਟ ਵਿੱਚ ਹੈ; ਵੱਖਵਾਦ ਵਿੱਚ ਨਹੀਂ, ਲੋਕਤੰਤਰ ਵਿੱਚ ਹੈ ।ਸਿੱਖ ਸੰਸਥਾਵਾਂ ਨੇ ਧਾਰਮਿਕ ਸਮਾਗਮਾਂ, ਗੁਰਦੁਆਰਾ ਪ੍ਰਬੰਧਨ, ਸਿੱਖਿਆ ਅਤੇ ਸਮਾਜਕ ਸੇਵਾ 'ਤੇ ਧਿਆਨ ਕੇਂਦਰਿਤ ਕੀਤਾ ਹੈ। ਇਹ ਰਾਹ ਸਿੱਖ ਧਰਮ ਦੇ ਨਿਆਂ, ਸੇਵਾ ਅਤੇ ਹਿੰਮਤ ਦੇ ਅਸਲ ਸਿਧਾਂਤਾਂ ਨਾਲ ਜੁੜਿਆ ਹੈ। ਸਿੱਖੀ ਦੀ ਮਹਾਨਤਾ ਲੰਗਰ ਵਿੱਚ ਹੈ, ਜਿੱਥੇ ਹਰ ਰੋਜ਼ ਲੱਖਾਂ ਲੋਕਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਭੋਜਨ ਮਿਲਦਾ ਹੈ; ਸੇਵਾ ਵਿੱਚ ਹੈ; ਸਰਬੱਤ ਦੇ ਭਲੇ ਵਿੱਚ ਹੈ—ਨਾ ਕਿ ਬੇਗੁਨਾਹਾਂ ਦੇ ਖ਼ੂਨ ਨੂੰ ਜਾਇਜ਼ ਠਹਿਰਾਉਣ ਵਿੱਚ। ਇਤਿਹਾਸਕ ਤੌਰ 'ਤੇ ਸਿੱਖਾਂ ਨੇ ਭਾਰਤ ਲਈ ਅਸਾਧਾਰਨ ਯੋਗਦਾਨ ਦਿੱਤਾ ਹੈ। ਆਜ਼ਾਦੀ ਦੀ ਲੜਾਈ ਵਿੱਚ 121 ਵਿੱਚੋਂ 93 ਫਾਂਸੀ ਚੜ੍ਹੇ ਸੂਰਮੇ ਸਿੱਖ ਸਨ ਅਤੇ 2,626 ਵਿੱਚੋਂ 2,147 ਨੂੰ ਉਮਰ ਕੈਦ ਹੋਈ। 1919 ਦੇ ਜੱਲਿਆਂਵਾਲਾ ਬਾਗ. ਕਤਲੇਆਮ ਵਿੱਚ ਲਗਭਗ 1,300 ਵਿੱਚੋਂ 799 ਸ਼ਹੀਦ ਸਿੱਖ ਸਨ। ਸਿੱਖਾਂ ਨੇ ਗ.ਦਰ ਅੰਦੋਲਨ, ਅਕਾਲੀ ਅੰਦੋਲਨ ਅਤੇ ਆਜ਼ਾਦ ਹਿੰਦ ਫ਼ੌਜ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਆਜ਼ਾਦੀ ਤੋਂ ਬਾਅਦ ਵੀ ਸਿੱਖਾਂ ਨੇ ਫ਼ੌਜ, ਖੇਤੀਬਾੜੀ, ਖੇਡਾਂ, ਵਪਾਰ ਅਤੇ ਸਰਕਾਰੀ ਸੇਵਾਵਾਂ ਵਿੱਚ ਵੱਡੀਆਂ ਕਾਮਯਾਬੀਆਂ ਹਾਸਲ ਕੀਤੀਆਂ। ਗੁਰੂ ਤੇਗ. ਬਹਾਦਰ ਜੀ, ਜਿਨ੍ਹਾਂ ਨੇ 1675 ਵਿੱਚ ਕਸ਼ਮੀਰੀ ਪੰਡਤਾਂ ਅਤੇ ਹਿੰਦੂਆਂ ਦੀ ਧਾਰਮਿਕ ਆਜ਼ਾਦੀ ਲਈ ਆਪਣੀ ਸ਼ਹਾਦਤ ਦਿੱਤੀ, ਸਿੱਖ ਪਰੰਪਰਾ ਦੇ ਅਸਲ ਮੁੱਲਾਂ ਦੇ ਪ੍ਰਤੀਕ ਹਨ ।ਉਨ੍ਹਾਂ ਦੀ ਸ਼ਹਾਦਤ ਮਨੁੱਖੀ ਆਜ਼ਾਦੀ, ਧਾਰਮਿਕ ਅਧਿਕਾਰ ਅਤੇ ਕਮਜ਼ੋਰਾਂ ਦੀ ਰੱਖਿਆ ਲਈ ਸੀ। ਇਸ ਮਹਾਨ ਵਿਰਸੇ ਦੀ ਤੁਲਨਾ ਕਦੇ ਵੀ ਉਨ੍ਹਾਂ ਲੋਕਾਂ ਦੀਆਂ ਬਰਸੀਆਂ ਨਾਲ ਨਹੀਂ ਕੀਤੀ ਜਾ ਸਕਦੀ ਜੋ ਵਿਦੇਸ਼ੀ ਤਾਕਤਾਂ ਦੀ ਸ਼ਿਹ 'ਤੇ ਪੰਜਾਬ ਵਿੱਚ ਅਮਨ-ਚੈਨ ਨੂੰ ਲਾਂਬੂ ਲਾਉਣ ਵਿੱਚ ਹਿੱਸੇਦਾਰ ਰਹੇ ਹੋਣ। ਪੰਜਾਬ ਦੀ ਕਾਲੇ ਦੌਰ ਤੋਂ ਬਾਅਦ ਦੀ ਤਰੱਕੀ, ਖੇਤੀਬਾੜੀ ਦਾ ਪੁਨਰ ਜਾਗਰਨ, ਉਦਯੋਗਿਕ ਵਿਕਾਸ, ਸਿੱਖਿਆ ਵਿੱਚ ਸੁਧਾਰ ਅਤੇ ਲੋਕਤੰਤਰਿਕ ਭਾਗੀਦਾਰੀ ਇਹ ਸਾਬਤ ਕਰਦੀ ਹੈ ਕਿ ਲੋਕਤੰਤਰ ਅਤੇ ਏਕਤਾ ਦਾ ਰਸਤਾ ਹੀ ਪੰਜਾਬ ਲਈ ਲਾਭਦਾਇਕ ਹੈ ।ਅੱਜ ਭਾਰਤ ਦੇ ਜ਼ਿਆਦਾਤਰ ਸਿੱਖ ਆਪਣੇ ਯੋਗਦਾਨ 'ਤੇ ਮਾਣ ਮਹਿਸੂਸ ਕਰਦੇ ਹਨ। ਪੰਜਾਬ ਦੀ ਲੋਕਤੰਤਰਿਕ ਮੁੜ ਉੱਠਾਣ ਇਹ ਦਰਸਾਉਂਦੀ ਹੈ ਕਿ ਅਸਲ ਤਾਕਤ ਵੱਖਵਾਦ ਵਿੱਚ ਨਹੀਂ, ਸਗੋਂ ਸੱਚ, ਨਿਆਂ, ਸੇਵਾ ਅਤੇ ਸਾਂਝੀ ਰਹਿਣੀ ਵਿੱਚ ਹੈ। ਅਖੀਰ 'ਚ ਮੈਂ ਕਹਿਣਾ ਚਾਹੁੰਦਾ ਹਾਂ ਕਿ ਡਾਇਸਪੋਰਾ ਇਹ ਸਮਝ ਲਵੇ ਕਿ ਪੰਜਾਬ ਦੇ ਸਿੱਖ ਭਾਈਚਾਰੇ ਨੇ ਖਾਲਿਸਤਾਨ ਨਹੀਂ ਅਮਨ, ਤਰੱਕੀ, ਖ਼ੁਸ਼ਹਾਲੀ, ਵਿਕਾਸ ਤੇ ਲੋਕਤੰਤਰ ਨੂੰ ਚੁਣਿਆ ਹੈ। ਇੱਥੇ ਵੱਖਵਾਦ ਅਤੇ ਹਿੰਸਾ ਲਈ ਕੋਈ ਜਾਗਾ ਨਹੀਂ ਹੈ।

-ਪ੍ਰੋ. ਸਰਚਾਂਦ ਸਿੰਘ ਖਿਆਲਾ, ਬੁਲਾਰਾ ਪੰਜਾਬ ਭਾਜਪਾ
ਫ਼ੋਨ : 9781355522

ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਸੰਬੰਧੀ ਐਕਟ ਦੀ ਸ਼ਬਦਾਵਲੀ ਸਿੱਧੇ ਤੌਰ 'ਤੇ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੀ- ਗਿਆਨੀ ਅਮਰਜੀਤ ਸਿੰਘ



**ਅੰਮ੍ਰਿਤਸਰ, 7 ਮਈ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਏ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਦੀ ਸ਼ਬਦਾਵਲੀ ਸਿੱਧੇ ਤੌਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੀ ਹੈ। ਇਹ ਪ੍ਰਗਟਾਵਾ ਗਿਆਨੀ ਅਮਰਜੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਪ੍ਰਚਾਰਕ, ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘ, ਪ੍ਰਬੰਧਕ ਕਮੇਟੀਆਂ ਅਤੇ ਅਖੰਡਪਾਠੀ ਸਭਾਵਾਂ ਦੀ ਵਿਸ਼ੇਸ਼ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ।



ਉਨ੍ਹਾਂ ਕੌਮ ਨੂੰ ਸਰਕਾਰ ਦੀ ਇਸ ਸ਼ਰਾਰਤ ਭਰੀ ਕਾਰਵਾਈ ਤੋਂ ਸੁਚੇਤ ਹੋਣ ਲਈ ਆਖਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਬੰਧੀ ਪਾਸ ਕੀਤੇ ਗਏ ਐਕਟ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਸਟੋਰ ਸ਼ਬਦ ਵਰਤਣਾ ਪੰਥਕ ਭਾਵਨਾਵਾਂ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਸਿੱਖ ਪ੍ਰੰਪਰਾ ਅਤੇ ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਬਿਰਾਜਮਾਨ ਕਰਨ ਲਈ ਸੁਖਆਸਣ ਅਤੇ ਸੱਚਖੰਡ ਅਸਥਾਨ ਸ਼ਬਦਾਂ ਦੀ ਵਰਤੋਂ ਕੀਤੀ ਜਾਂਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜਾਗਤ ਜੋਤ ਗੁਰੂ ਹਨ, ਜਿਸ ਨੂੰ ਸਟੋਰ ਕੀਤੇ ਜਾਣ ਦੀ ਸ਼ਬਦਾਵਲੀ ਕਿਸੇ ਵੀ ਤਰ੍ਹਾਂ ਪ੍ਰਵਾਨ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਐਕਟ ਨੌਜੁਆਨਾਂ ਨੂੰ ਧਾਰਮਿਕ ਜ਼ੁੰਮੇਵਾਰੀਆਂ ਤੋਂ ਦੂਰ ਰੱਖਣ ਦਾ ਕਾਰਨ ਬਣੇਗਾ, ਜੋ ਕੌਮ ਦੇ ਕਦੇ ਵੀ ਹਿੱਤ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਕੁਝ ਹਿੱਸੇ ਨੂੰ ਭਾਵੁਕ ਹੋ ਕੇ ਇਸ ਐਕਟ ਦੀ ਹਰ ਮੱਧ ਦੀ ਪ੍ਰੋੜਤਾ ਨਹੀਂ ਕਰਨੀ ਚਾਹੀਦੀ।

> ☛ ਐਕਟ ਗੁਰੂ ਗ੍ਰੰਥ ਅਤੇ ਗੁਰੂ ਪੰਥ ਨੂੰ ਚੁਣੌਤੀ ਦੇਣ ਵਾਲੀ ਸਿਆਸੀ ਸਾਜ਼ਿਸ਼-ਐਡਵੋਕੇਟ ਧਾਮੀ ☛ ਸ਼੍ਰੋਮਣੀ ਕਮੇਟੀ ਪ੍ਰਧਾਨ ਦੀ ਅਗਵਾਈ 'ਚ ਪ੍ਰਚਾਰਕਾਂ, ਗ੍ਰੰਥੀ ਸਿੰਘਾਂ, ਪ੍ਰਬੰਧਕ ਕਮੇਟੀਆਂ ਅਤੇ ਅਖੰਡਪਾਠੀ ਸਭਾਵਾਂ ਦੀ ਹੋਈ ਇਕੱਤਰਤਾ

ਇਸ ਇਕੱਤਰਤਾ ਦੌਰਾਨ ਸੰਬੋਧਨ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਸ ਕੀਤਾ ਗਿਆ ਇਹ ਕਾਨੂੰਨ ਜਿਥੇ ਸਿੱਖ ਸੰਸਥਾਵਾਂ ਵਿਚ ਸਿੱਧੀ ਦਖ਼ਲਅੰਦਾਜ਼ੀ ਹੈ, ਉਥੇ ਸਿੱਖ ਸੰਗਤਾਂ ਅੰਦਰ ਵੀ ਵੱਡੇ ਸ਼ੰਕੇ ਪੈਦਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਨੀਅਤ ਤਾਂ ਇਸ ਗੱਲ ਤੋਂ ਹੀ ਸਪੱਸ਼ਟ ਹੈ ਕਿ ਪੰਜਾਬੀ ਬੋਲਦੇ ਸੂਬੇ ਅੰਦਰ ਹੀ ਇਸ ਦਾ ਤਰਜ਼ਮਾ ਪੰਜਾਬੀ ਵਿਚ ਮੌਜੂਦ ਨਹੀਂ ਹੈ। ਵੱਖ-ਵੱਖ ਬੁਲਾਰਿਆਂ ਦੇ ਵਿਚਾਰ ਜਾਣਨ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਬਣਾਇਆ ਗਿਆ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੀ ਥਾਂ ਗੁਰੂ ਗ੍ਰੰਥ ਅਤੇ ਗੁਰੂ ਪੰਥ ਨੂੰ ਹੀ ਚੁਣੌਤੀ ਦੇਣ ਵਾਲੀ ਸਿਆਸੀ ਸਾਜ਼ਿਸ਼ ਹੈ। ਖ਼ਾਲਸਾ ਪੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇ ਹੱਕ ਵਿਚ ਹੈ ਅਤੇ ਅਜਿਹੇ ਕਿਸੇ ਵੀ ਕਾਨੂੰਨ ਦਾ ਵਿਰੋਧ ਨਹੀਂ ਕਰਦਾ, ਜੋ ਬੇਅਦਬੀ ਕਰਨ ਵਾਲਿਆਂ ਨੂੰ ਕਰੜੀਆਂ ਸਜ਼ਾਵਾਂ ਦਿੰਦਾ ਹੋਵੇ, ਲੇਕਿਨ ਇਹ ਹਰਗਿਜ਼ ਪ੍ਰਵਾਨ ਨਹੀਂ ਹੈ ਕਿ ਸਰਕਾਰ ਸਿੱਖ ਸੰਸਥਾਵਾਂ, ਗੁਰਦੁਆਰਾ ਕਮੇਟੀਆਂ ਅਤੇ ਪੰਥ ਦੇ ਮਾਮਲਿਆਂ ਵਿਚ ਸਰਕਾਰੀ ਦਖ਼ਲਅੰਦਾਜ਼ੀ ਦਾ ਰਾਹ ਪੱਧਰਾ ਕਰੇ। ਉਨ੍ਹਾਂ ਕਿਹਾ ਕਿ ਅੱਜ ਦੇ ਇਕੱਠ ਨੇ ਸਰਕਾਰ ਦੀ ਇਸ ਸਿਆਸੀ ਚਾਲ ਦਾ ਵਿਰੋਧ ਕਰਦਿਆਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਸ ਬਾਰੇ ਗੰਭੀਰ ਵਿਚਾਰ ਕਰਕੇ ਆਦੇਸ਼ ਦੇਣ ਦੀ ਅਪੀਲ ਕੀਤੀ ਹੈ, ਜੋ ਵੀ ਫੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੀਤਾ ਜਾਵੇਗਾ ਸਮੁੱਚੇ ਖ਼ਾਲਸਾ ਪੰਥ ਨੂੰ ਪ੍ਰਵਾਨ ਹੋਵੇਗਾ।

ਉਨ੍ਹਾਂ ਕਿਹਾ ਕਿ ਇਸ ਐਕਟ ਵਿਚ ਬਹੁਤ ਸਾਰੇ ਸ਼ਬਦ ਸਿੱਖ ਭਾਵਨਾਵਾਂ ਦੇ ਵਿਰੁੱਧ ਹਨ ਅਤੇ ਸਿੱਖ ਭਾਵਨਾਵਾਂ ਦੇ ਮੱਦੇਨਜ਼ਰ ਸਰਕਾਰ ਨੂੰ ਇਸ ਕਾਨੂੰਨ ਬਾਰੇ ਮੁੜ ਪੜਚੋਲ ਕਰਨੀ ਚਾਹੀਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸਿੱਖ ਸੰਸਥਾਵਾਂ ਨਾਲ ਵਿਚਾਰ ਕਰਕੇ ਜ਼ਰੂਰੀ ਸੋਧਾਂ ਕਰਨੀਆਂ ਚਾਹੀਦੀਆਂ ਹਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ, ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਰਾਠੌਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਗ੍ਰੰਥੀ ਸਭਾਵਾਂ ਵੱਲੋਂ ਭਾਈ ਜਸਮੇਰ ਸਿੰਘ ਛਾਜਲਾ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਸੇਵਾ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਵੱਲੋਂ ਨਿਭਾਈ ਗਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਭਾਈ ਅਜੈਬ ਸਿੰਘ ਅਭਿਆਸੀ, ਸ. ਗੁਰਮੀਤ ਸਿੰਘ ਬੂਹ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਕਥਾਵਾਚਕ ਗਿਆਨੀ ਚਰਨਜੀਤ ਸਿੰਘ, ਭਾਈ ਹਰਮਿੱਤਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਗੁਰਪ੍ਰੀਤ ਸਿੰਘ ਰੋਡੇ, ਸ. ਗੁਰਪ੍ਰਤਾਪ ਸਿੰਘ, ਮੈਨੇਜਰ ਸ. ਮਲਕੀਤ ਸਿੰਘ, ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਗੁਰਦੀਪ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਕਾਜ਼ੀ ਕੋਟ 'ਚ ਡਰਾਈ ਡੇ ਮਨਾਇਆ



**ਚੌਂਕ ਮਹਿਤਾ,8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਅੰਮ੍ਰਿਤਸਰ ਡਾ: ਸਤਿੰਦਰਜੀਤ ਸਿੰਘ ਅਤੇ ਐਸਐਮਓ ਮੈਡਮ ਮੋਨਾ ਚਥਰਥ ਤਰਸਿੱਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਹਰਜੀਤ ਕੌਰ ਦੀ ਅਗਵਾਈ ਹੇਠ ਪਿੰਡ ਕਾਜ਼ੀ ਕੋਟ ਵਿਖੇ ਜਿਸ ਵਿਚ ਮਲੇਰੀਆ ਤੋਂ ਬਚਾਅ ਸਬੰਧੀ ਜਾਣਕਾਰੀ ਦਿੰਦਿਆਂ ਅਪਿੰਦਰ ਸਿੰਘ ਐਸਆਈ,ਧਰਮਿੰਦਰਜੀਤ ਐਸਆਈ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਮਾਈਗਰੇਟੀ ਪਾਪੂਲੇਸਨ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿਵੇਂ ਮਲੇਰੀਆ ਤੋਂ ਬਚਿਆ ਜਾ ਸਕਦਾ ਹੈ। ਜਿਵੇਂ ਕਿ ਆਪਣੇ ਆਲੇ ਦੁਆਲੇ ਘਰਾਂ 'ਚ ਟੁੱਟੇ ਭੱਜੇ ਬਰਤਨ, ਪੁਰਾਣੇ ਟਾਇਰ,ਗਮਲੇ ਅਤੇ ਕੂਲਰਾਂ ਵਿਚ ਪਾਣੀ ਆਦਿ ਨਾਂ ਖੜ੍ਹਾ ਹੋਣ ਦਿੱਤਾ ਜਾਵੇ ਅਤੇ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ।ਇਸ ਮੌਕੇ ਸੁਖਚੈਨ ਸਿੰਘ ਹੈਲਥ ਵਰਕਰ, ਹਰਜੀਤ ਸਿੰਘ ਹੈਲਥ ਵਰਕਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਆਲ ਕੇਡਰ ਪੈਨਸ਼ਨਰ ਐਸੋਸੀਏਸ਼ਨ ਦੀ ਹੋਈ ਮੀਟਿੰਗ




**ਚੌਂਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਲ ਕੇਡਰ ਪੈਨਸ਼ਨਰ ਐਸੋਸੀਏਸ਼ਨ ਦੀ ਸਿਟੀ ਸਰਕਲ ਅੰਮ੍ਰਿਤਸਰ ਵਿਖੇ ਮੀਟਿੰਗ ਹੋਈ ਇਹ ਮੀਟਿੰਗ ਸ੍ਰੀ ਮਦਨ ਲਾਲ ਸ਼ਰਮਾ ਜੀ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਪਿਛਲੇ ਦਿਨੀ ਸ੍ਰੀ ਰਜੇਸ਼ ਕੁਮਾਰ ਸਾਬਕਾ ਪ੍ਰਧਾਨ ਗੋਲਡਨ ਟੈਂਪਲ ਸਬ ਡਿਵੀਜ਼ਨ ਅਤੇ ਸ਼੍ਰੀ ਅਸ਼ੋਕ ਕੁਮਾਰ ਅਰੋੜਾ ਜਿਨਾਂ ਦੀ ਅਚਾਨਕ ਮੌਤ ਹੋ ਜਾਣ ਕਾਰਨ ਸਾਰੀ ਐਸੋਸੀਏਸ਼ਨ ਨੇ ਮੀਟਿੰਗ ਦੌਰਾਨ ਦੋ ਮਿੰਟ ਦਾ ਮੌਨ ਰੱਖ ਕੇ ਉਹਨਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਮੌਕੇ ਤੇ ਪੈਨਸ਼ਨਰਾਂ ਦੇ ਕੰਮਾਂ ਦਾ ਨਿਪਟਾਰਾ ਕੀਤਾ ਗਿਆ ਮੀਟਿੰਗ ਵਿੱਚ ਵੱਖ ਵਖ ਆਗੂਆਂ ਨੇ ਸੰਬੋਧਨ ਕਰਦਿਆਂ ਹੋਇਆ ਕਿਹਾ ਕਿ ਪੰਜਾਬ ਸਰਕਾਰ ਨੂੰ ਮੁਲਾਜ਼ਮਾਂ ਦਾ ਬਕਾਇਆ 18% ਡੀਏ ਜਲਦ ਤੋਂ ਜਲਦ ਦੇਣਾ ਚਾਹੀਦਾ ਹੈ ਜਦਕਿ ਮਾਣਯੋਗ ਹਾਈਕੋਰਟ ਨੇ ਵੀ ਪੰਜਾਬ ਸਰਕਾਰ ਨੂੰ ਹੁਕਮ ਦਿੱਤਾ ਹੈ ਕਿ ਉਹ 30 ਜੂਨ ਤੱਕ ਮੁਲਾਜ਼ਮਾਂ ਦਾ ਸਾਰਾ ਪੈਂਡਿੰਗ ਡੀਏ ਉਹਨਾਂ ਨੂੰ ਦੇ ਦਵੇ ਪਰ ਪੰਜਾਬ ਸਰਕਾਰ ਸਟੇਅ ਲੈਣ ਦੇ ਵਿੱਚ ਰੁੱਝੀ ਹੋਈ ਹੈ ਆਲ ਕੇਡਰ ਪੈਨਸ਼ਨਰ ਐਸੋਸੀਏਸ਼ਨ ਦੀ ਇਸ ਮੀਟਿੰਗ ਵਿੱਚ ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੰਜਾਬ ਦਾ ਕੁੱਲ ਪੈਨਸ਼ਨਰ ਅਤੇ ਮੁਲਾਜ਼ਮ ਤਕਰੀਬਨ 7.5 ਲੱਖ ਹੈ ਜੋ ਕਿ ਚੋਣਾਂ ਵੇਲੇ ਇਹਨਾਂ ਦੇ ਵਿਰੁੱਧ ਭੁਗਤੇਗਾ ਜੇਕਰ ਇਹ ਮੁਲਾਜ਼ਮਾਂ ਦੀਆਂ ਮੰਗਾਂ ਨਹੀਂ ਮੰਨਦੇ ਅਤੇ ਉਹਨਾਂ ਨੂੰ ਬਕਾਇਆ ਡੀਏ ਨਹੀਂ ਦਿੰਦੇ। ਹੁਣ ਇਹ ਪੰਜਾਬ ਸਰਕਾਰ ਫੈਸਲਾ ਕਰੇ ਕਿ ਇਸ ਆਮ ਆਦਮੀ ਪਾਰਟੀ ਦੀ ਸਰਕਾਰ ਦੁਬਾਰਾ ਪੰਜਾਬ ਵਿੱਚ ਬਣੇ ਜਾਂ ਨਾ ਬਣੇ ਇਸ ਮੌਕੇ ਮਨਜੀਤ ਸਿੰਘ, ਕੁਲਵੰਤ ਸਿੰਘ, ਬਾਬਾ ਗੁਰਮੀਤ ਸਿੰਘ, ਜਗਦੀਸ਼ ਭਾਰਦਵਾਜ, ਹਰਜੀਤ ਸਿੰਘ, ਰਮੇਸ਼ ਕੁਮਾਰ, ਸ਼ਰਨਜੀਤ ਸਿੰਘ, ਨਰਿੰਦਰ ਕੁਮਾਰ,ਪਵਨ ਕੁਮਾਰ ਅਤੇ ਰਮੇਸ਼ ਖੰਨਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਆਵਾਜ਼ਿ ਕੌਮ AWAZE QAUM

### ਖਿਲਚੀਆਂ ਵਿਖੇ ਦਮਦਮੀ ਟਕਸਾਲ ਵਲੋਂ

# ਮੁੱਖ ਮੰਤਰੀ ਸ਼ੁਕਰਾਨਾ ਯਾਤਰਾ ਦਾ ਭਰਵਾਂ ਸਵਾਗਤ





**ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇੱਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਤੇ ਸਤਿਕਾਰ ਲਈ ਲਿਆ ਗਿਆ ਸਖ਼ਤ ਕਾਨੂੰਨੀ ਫ਼ੈਸਲੇ ਦੇ ਇਤਿਹਾਸਕ ਪ੍ਰਾਪਤੀ ਲਈ ਗੁਰੂ ਚਰਨਾ ਵਿਚ 'ਸ਼ੁਕਰਾਨਾ ਯਾਤਰਾ' ਦਾ ਹਲਕਾ ਬਾਬਾ ਬਕਾਲਾ ਸਾਹਿਬ ਵਿਚ ਪੁੱਜਣ 'ਤੇ ਕਸਬਾ ਖਿਲਚੀਆਂ ਵਿਖੇ ਦਮਦੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ,ਜਥਾ ਭਿੰਡਰਾਂ ਮਹਿਤਾ ਚੌਕ ਦੇ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਦਮਦਮੀ ਟਕਸਾਲ ਦੇ ਗਿਆਨੀ ਸਾਹਿਬ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿਰੋਪਾਓ ਨਾਲ ਸਨਮਾਨ ਕੀਤਾ ਤੇ ਉਨ੍ਹਾਂ ਵਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਹੀ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦਸ਼ਮੇਸ਼ ਪਬਲਿਕ ਸੀ: ਸੈ: ਸਕੂਲ ਤੇ ਦਸ਼ਮੇਸ਼ ਸਕੂਲ ਮਹਿਤਾ ਚੌਂਕ ਵਿੱਦਿਅਕ ਅਦਾਰਿਆਂ ਵਲੋਂ ਵੀ ਮੁੱਖ ਮੰਤਰੀ ਸ਼ੁਕਰਾਨਾ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਿੰ: ਕੁਲਬੀਰ ਸਿੰਘ ਮਾਨ ਤੇ ਪਿੰ: ਹਰਸ਼ਦੀਪ ਸਿੰਘ ਰੰਧਾਵਾ ਨੇ ਰਾਜਦੀਪ ਸਿੰਘ ਘੁੰਮਣ ਓ.ਐੱਸ.ਡੀ. ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚਰਨਦੀਪ ਸਿੰਘ ਹੈਪੀ ਮੈਂਬਰ ਘੱਟ ਗਿਣਤੀਆਂ ਕਮਿਸ਼ਨ ਮਹਾਂਰਾਸ਼ਟਰ, ਜਸਪਾਲ ਸਿੰਘ ਸਿੱਧੂ ਚੇਅਰਮੈਨ ਸਿੱਖ ਕੋਆਰਡੀਨੇਸ਼ਨ ਕਮੇਟੀ ਮਹਾਂਰਾਸ਼ਟਰਾ, ਡਾ: ਅਵਤਾਰ ਸਿੰਘ ਬੁੱਟਰ, ਗਿਆਨੀ ਗੁਰਪ੍ਰੀਤ ਸਿੰਘ ਵੈਦ, ਜਥੇਦਾਰ ਉਦੈ ਸਿੰਘ, ਭਾਈ ਅਵਤਾਰ ਸਿੰਘ ਮਾਲੂਵਾਲ, ਰਵਿੰਦਰ ਸਿੰਘ ਕੰਗ, ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ: ਜੋਗਿੰਦਰ ਸ਼ਰਮਾ, ਡਾ: ਰੁਪਿੰਦਰ ਸਿੰਘ ਸਮੇਤ ਵੱਖ-ਵੱਖ ਜਥੇਬੰਦੀਆਂ ਤੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਇਸ ਕਾਨੂੰਨ ਬਣਾਉਣ 'ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਦਾ ਮਾਨ ਸਨਮਾਨ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਜਨਗਣਨਾ 'ਚ ਅਪਮਾਨਜਨਕ ਸ਼ਬਦ ਹਟਾਉਣ ਲਈ

# ਬੰਨੀ ਖਹਿਰਾ ਨੇ ਮੁੱਖ ਮੰਤਰੀ ਦਫ਼ਤਰ ਵਿੱਚ ਦਿੱਤਾ ਮੰਗ ਪੱਤਰ

**ਧੂਰੀ ( ਰਣਜੀਤ ਸਿੰਘ ਪੇਧਨੀ )**-ਕਾਂਗਰਸ ਐਸੀ ਵਿੰਗ ਪੰਜਾਬ ਦੇ ਸੀਨੀਅਰ ਆਗੂ ਹਲਕਾ ਮਹਿਲ ਕਲਾਂ ਤੋਂ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਬੰਨੀ ਖਹਿਰਾ ਅਤੇ ਧੂਰੀ ਹਲਕੇ ਤੋਂ ਕਾਗਰਸ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ ਦੀ ਯੋਗ ਅਗਵਾਈ ਹੇਠ 2027 ਦੀ ਜਨਗਣਨਾ ਨਾਲ ਸੰਬੰਧਿਤ ਜਾਰੀ ਨੋਟੀਫਿਕੇਸ਼ਨ ਵਿੱਚ ਸ਼ਿਡਊਲ ਕਾਸਟ ਭਾਈਚਾਰੇ ਲਈ "ਚੂੜੇ", "ਚਮਾਰ" ਅਤੇ "ਭੰਗੀ" ਵਰਗੇ ਅੱਪ ਸ਼ਬਦਾਂ ਨੂੰ ਠੀਕ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ ਤੇ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਅਤੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬੰਨੀ ਖਹਿਰਾ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਨੇ ਹਰ ਨਾਗਰਿਕ ਨੂੰ ਸਮਾਨਤਾ ਅਤੇ ਸਨਮਾਨ ਨਾਲ ਜੀਣ ਦਾ ਅਧਿਕਾਰ ਦਿੱਤਾ ਹੈ। ਡਾ. ਭੀਮ ਰਾਓ ਅੰਬੇਡਕਰ ਜੀ ਦੇ ਬਣਾਏ ਸੰਵਿਧਾਨ ਵਿੱਚ ਕਿਸੇ ਵੀ ਵਰਗ ਨੂੰ ਹੀਣ ਜਾਂ ਤੋਹੀਨ ਜਨਕ ਸ਼ਬਦਾਂ ਨਾਲ ਸੰਬੋਧਨ ਕਰਨ ਦੀ ਕੋਈ ਥਾਂ ਨਹੀਂ ਹੈ। ਇਸ ਤਰ੍ਹਾਂ ਦੀ ਸ਼ਬਦਾਵਲੀ ਨਾਲ ਸਡਿਊਲ ਕਾਸਟ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੀ ਹੈ। ਉਨ੍ਹਾਂ ਕਿਹਾ ਕਿ 2027 ਦੀ ਜਨਗਣਨਾ ਦੇ ਨੋਟੀਫਿਕੇਸ਼ਨ ਵਿੱਚੋਂ ਤੁਰੰਤ ਪ੍ਰਭਾਵ ਨਾਲ "ਚੂੜੇ", "ਚਮਾਰ" ਅਤੇ "ਭੰਗੀ" ਵਰਗੇ ਅਪਮਾਨਜਨਕ ਸ਼ਬਦ ਹਟਾਏ ਜਾਣ।



ਆਵਾਜ਼ਿ ਕੌਮ AWAZE QAUM International Newspaper & WEB TV

ਜੇਕਰ ਸਾਡੀ ਮੰਗ ਨੂੰ 10 ਦਿਨਾਂ ਦੇ ਅੰਦਰ ਅੰਦਰ ਠੀਕ ਜਾ ਸੋਧ ਨਾ ਕੀਤੀ ਗਈ ਤਾਂ ਆਉਣ ਵਾਲੇ ਦਿਨਾਂ ਵਿੱਚ ਪਾਰਟੀ ਨਾਲ ਸਲਾਹ ਮਸ਼ਵਰਾ ਕਰਕੇ ਇਸ ਨੂੰ ਵੱਡੇ ਪੱਧਰ ਤੇ ਪੂਰਾ ਦਲਿਤ ਸਮਾਜ ਸੜਕਾਂ ਤੇ ਉਤਰੇਗਾ। ਹਦਾਇਤਾਂ ਜਾਰੀ ਕੀਤੀਆਂ ਜਾਣ।

# ਸਿਹਤ ਵਿਭਾਗ ਵੱਲੋਂ ਕਾਰਪੋਰੇਸ਼ਨ ਦੇ ਸਹਿਯੋਗ ਨਾਲ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਦੀ ਕੀਤੀ ਸ਼ੁਰੂਆਤ



**ਚੌਕ ਮਹਿਤਾ,8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਸਤਿੰਦਰਜੀਤ ਸਿੰਘ ਬਜਾਜ ਸਿੰਘ ਬਜਾਜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਵੱਲੋਂ ਕਾਰਪੋਰੇਸ਼ਨ ਦੇ ਸਹਿਯੋਗ ਨਾਲ, ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਐਂਟੀ ਲਾਰਵਾ ਗਤੀਵਿਧੀਆਂ, ਫੌਗਿੰਗ, ਸਪਰੇ ਅਤੇ ਜਾਗਰੂਕਤਾ ਅਭਿਆਨ ਦਾ ਅਗਾਜ਼ ਕੰਪਨੀ ਬਾਗ ਵਿਖੇ ਸਥਿਤ ਸਰਵਿਸ ਕਲੱਬ ਤੋਂ ਕੀਤਾ ਗਿਆ। ਇਸ ਅਵਸਰ ਤੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ ਕੌਰ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਹੀ ਹੈ, ਪਰ ਇਸਦੇ ਨਾਲ ਹੀ ਜਿਥੇ ਪਾਣੀ ਇੱਕਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸੱਭ ਦੀ ਇਹ ਜਿੰਮੇਵਾਰੀ ਬਣਦੀ ਹੈ, ਕਿ ਮੱਛਰ ਦੀ ਪੈਦਾਵਰ ਨੂੰ ਰੋਕਿਆ ਜਾਵੇ। ਇਸ ਲਈ ਸਿਹਤ ਵਿਭਾਗ ਦਾ ਸਹਿਯੋਗ ਕੀਤਾ ਜਾਵੇ ਅਤੇ ਸਿਹਤ ਵਿਭਾਗ ਵੱਲੋਂ ਚਲਾਈ ਜਾ ਰਹੀ ਮੁਹਿੰਮ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਵਿੱਚ ਆਪਣਾ ਯੋਗਦਾਨ ਪਾਇਆ ਜਾਵੇ। ਉਹਨਾਂ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਹਫਤੇ ਦੇ ਹਰ ਸ਼ੁਕਰਵਾਰ ਵਾਲੇ ਦਿਨ ਆਪਣੇ ਘਰਾਂ ਵਿਚ ਕੂਲਰਾਂ, ਫਰਿਜਾਂ, ਗਮਲਿਆਂ, ਟੈਂਕੀਆਂ, ਛੱਤ ਤੇ ਪਿਆ ਨਾਕਾਰਾ ਸਾਮਾਨ ਅਦਿ ਵਿਚ ਪਾਣੀ ਇੱਕਠਾ ਨਾਂ ਹੋਣ ਦਈਏ ਕਿਓਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ। ਇਸ ਦੇ ਨਾਲ ਹੀ ਪੂਰੀ ਬਾਹਵਾਂ ਤੇ ਕੱਪੜੇ ਪਹਿਨੇ ਜਾਣ ਅਤੇ ਮੱਛਰ ਭਜਾਉਣ ਵਾਲੀਆ ਕਰੀਮਾਂ ਆਦੀ ਦਾ ਇਸਤੇਮਾਲ ਕੀਤਾ ਜਾਵੇ। ਇਸ ਸੰਬਧੀ ਵਧੇਰੇ ਜਾਣਕਾਰੀ ਦਿੰਦਿਆ ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜੀਆ ਵਿੱਚੋ ਖੂਨ ਵਗਣਾ ਆਦੀ ਹੈ। ਡੇਂਗੂ ਬੁਖਾਰ ਦੇ ਸ਼ੱਕ ਹੋਣ, ਦੀ ਸੂਰਤ ਵਿੱਚ ਤੂਰੰਤ ਸਰਕਾਰੀ ਹਸਪਤਾਲ ਤੋ ਮੁਫ਼ਤ ਚੈਕ-ਅੱਪ ਅਤੇ ਇਲਾਜ ਕਰਵਾਉਣ। ਇਸ ਤੋਂ ਪਹਿਲਾਂ ਸਮੂਹ ਆਸ਼ਾ ਵਰਕਰਾਂ, ਨਰਸਿੰਗ ਸਟੂਡੈਂਟਸ ਅਤੇ ਪੈਰਾ ਮੈਡੀਕਲ ਸਟਾਫ ਨੂੰ ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ ਵੱਲੋਂ ਇਸ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਅਵਸਰ ਤੇ ਸਹਾਇਕ ਮਲੇਰੀਆ ਅਫਸਰ ਗੁਰਦੇਵ ਸਿੰਘ ,ਬਲਜੀਤ ਸਿੰਘ , ਐਸ ਆਈ ਸੁਖਦੇਵ ਸਿੰਘ ,ਹਰਵਿੰਦਰ ਸਿੰਘ ਹਰਕਮਲ ਸਿੰਘ , ਆਈਸੀ ਹਰਮੀਤ ਸਿੰਘ, ਬਿਕਰਮਜੀਤ ਸਿੰਘ, ਰਣਜੋਧ ਸਿੰਘ,ਸੰਜੀਵ ਕੁਮਾਰ, ਕੁਲਦੀਪ ਸਿੰਘ ਕਾਰਪੋਰੇਸ਼ਨ ਤੋਂ ਸੀਐਸਓ ਮਲਕੀਤ ਸਿੰਘ, ਐਸਆਈ ਸ਼ਾਮ ਸਿੰਘ, ਸੁਪਰਵਾਈਜ਼ਰ ਪ੍ਰਦੀਪ ਕੁਮਾਰ, ਨਰਸਿੰਗ ਸਟੂਡੈਂਟ ਅਤੇ ਆਸ਼ਾ ਵਰਕਰਾਂ ਨੇ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਸੈਲਫ ਡਿਫੈਂਸ ਸੈਮੀਨਾਰ ਕਰਵਾਇਆ ਗਿਆ



ਤਲਵੰਡੀ ਸਾਬੋ, 8 ਮਈ (ਗੁਰਜੰਟ ਸਿੰਘ ਨਥੇਹਾ)- ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਵਿਦਿਆਰਥੀਆਂ ਨੂੰ ਸਵੈ ਰੱਖਿਆ ਪ੍ਰਤੀ ਜਾਗਰੂਕ ਕਰਨ ਲਈ ਸੈਲਫ ਡਿਫੈਂਸ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮਧੂ ਬਾਂਸਲ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਸਵੈ ਰੱਖਿਆ ਦੇ ਗੁਰ ਸਿਖਾਏ ਗਏ।ਸੈਮੀਨਾਰ ਦੌਰਾਨ ਟ੍ਰੇਨਿੰਗ ਇਨਸਟ੍ਰੱਕਟਰ ਮੈਡਮ ਮਨੀਸ਼ਾ ਰੁੱਥ ਸਪੋਰਟਸ ਕਰਾਟੇ ਐਸੋਸੀਏਸ਼ਨ (ਬਠਿੰਡਾ), ਗੁਰਹਸਨ ਸਿੰਘ, ਮਮਤਾ ਅਤੇ ਕੋਚ ਬੂਟਾ ਸਿੰਘ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਸੈਲਫ ਡਿਫੈਂਸ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਸਵੈ ਰੱਖਿਆ ਦੀ ਸਿਖਲਾਈ ਹਰ ਵਿਦਿਆਰਥੀ ਲਈ ਬਹੁਤ ਜ਼ਰੂਰੀ ਹੈ। ਟ੍ਰੇਨਰਾਂ ਨੇ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਡੈਮੋ ਦੇ ਰਾਹੀਂ ਖਤਰੇ ਦੀ ਸਥਿਤੀ ਵਿੱਚ ਆਪਣੇ ਆਪ ਨੂੰ ਸੁਰੱਖਿਅਤ ਰੱਖਣ ਦੇ ਤਰੀਕੇ ਵੀ ਸਿਖਾਏ ਅਤੇ ਆਤਮ ਵਿਸ਼ਵਾਸ ਨਾਲ ਹਰ ਸਥਿਤੀ ਦਾ ਸਾਹਮਣਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਮਧੂ ਬਾਂਸਲ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ, ਖਾਸ ਕਰਕੇ ਲੜਕੀਆਂ ਲਈ ਸੈਲਫ ਡਿਫੈਂਸ ਦੀ ਜਾਣਕਾਰੀ ਹੋਣਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਸਵੈ ਰੱਖਿਆ ਦੀ ਟ੍ਰੇਨਿੰਗ ਨਾਲ ਵਿਦਿਆਰਥੀਆਂ ਵਿੱਚ ਨਾ ਸਿਰਫ ਆਤਮ ਵਿਸ਼ਵਾਸ ਵਧਦਾ ਹੈ, ਸਗੋਂ ਉਹ ਹਰ ਤਰ੍ਹਾਂ ਦੀ ਸਥਿਤੀ ਦਾ ਡਟ ਕੇ ਸਾਹਮਣਾ ਕਰਨ ਯੋਗ ਬਣਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸਰੀਰਕ ਤੰਦਰੁਸਤੀ ਵੱਲ ਵੀ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਪ੍ਰਿੰਸੀਪਲ ਸ੍ਰੀਮਤੀ ਮਧੂ ਬਾਂਸਲ ਨੇ ਆਏ ਹੋਏ ਟ੍ਰੇਨਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸੈਮੀਨਾਰ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਅਤੇ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿੱਦਿਆ ਦਾ ਵਣਜਾਰਾ ਸ੍ਰ. ਗੁਰਲਾਭ ਸਿੰਘ ਸਿੱਧੂ



**ਪੰਜਾਬ** ਦੀ ਮਿੱਟੀ ਵਿੱਚੋਂ ਜੰਮੀ ਇੱਕ ਸੋਚ, ਜਿਸਨੇ ਸਿਰਫ਼ ਆਪਣੇ ਲਈ ਨਹੀਂ, ਸਗੋਂ ਪੂਰੇ ਸਮਾਜ ਲਈ ਰਾਹ ਬਣਾਉਣ ਦਾ ਸੰਕਲਪ ਕੀਤਾ, ਇਹ ਕਹਾਣੀ ਹੈ ਸ੍ਰ. ਗੁਰਲਾਭ ਸਿੰਘ ਸਿੱਧੂ ਦੀ। ਬਠਿੰਡਾ ਜ਼ਿਲ੍ਹੇ ਦੇ ਇੱਕ ਸਧਾਰਨ ਪਿੰਡ ਬੱਲੂਆਣਾ ਤੋਂ ਉੱਠ ਕੇ ਉਨ੍ਹਾਂ ਨੇ ਸਿੱਖਿਆ ਨੂੰ ਬਦਲਾਅ ਦਾ ਸਭ ਤੋਂ ਮਜ਼ਬੂਤ ਸਾਧਨ ਬਣਾਇਆ ਅਤੇ ਇੱਕ ਅਜਿਹਾ ਮਾਡਲ ਪੇਸ਼ ਕੀਤਾ ਜੋ ਪਿੰਡਾਂ ਦੀ ਤਰੱਕੀ, ਕਿਸਾਨਾਂ ਦੀ ਭਲਾਈ ਅਤੇ ਸਮਾਜ ਦੇ ਪਿੱਛੜੇ ਵਰਗਾਂ ਦੀ ਚੜ੍ਹਦੀ ਕਲਾ ਨਾਲ ਗਹਿਰਾਈ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਦੀ ਯਾਤਰਾ ਦੀ ਸ਼ੁਰੂਆਤ ਇੱਕ ਅਹਿਸਾਸ ਨਾਲ ਹੋਈ, "ਪ੍ਰਤਿਭਾ ਦੀ ਘਾਟ ਨਹੀਂ, ਮੌਕਿਆਂ ਦੀ ਘਾਟ ਹੈ"।ਆਪਣੇ ਆਲੇ-ਦੁਆਲੇ ਉਨ੍ਹਾਂ ਨੇ ਕਈ ਹੋਣਹਾਰ ਨੌਜਵਾਨ ਵੇਖੇ, ਜੋ ਸਹੀ ਮਾਰਗਦਰਸ਼ਨ ਅਤੇ ਪਲੇਟਫਾਰਮ ਦੀ ਕਮੀ ਕਾਰਨ ਅੱਗੇ ਨਹੀਂ ਵੱਧ ਸਕੇ। ਇੱਕ ਵਿਦਿਆਰਥੀ ਦੇ ਸ਼ਬਦ "ਸਰ, ਯੋਗਤਾ ਤਾਂ ਹੈ, ਪਰ ਮੰਚ ਨਹੀਂ" ਉਨ੍ਹਾਂ ਦੇ ਮਨ ਵਿੱਚ ਵੱਸ ਗਏ। ਇਹੀ ਉਹ ਮੋੜ ਸੀ ਜਿਸਨੇ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਇੱਕ ਵੱਡਾ ਬਦਲਾਅ ਲਿਆਉਣ ਲਈ ਪ੍ਰੇਰਿਤ ਕੀਤਾ। ਉਹਨਾਂ ਨੂੰ ਇਸ ਯਾਤਰਾ ਦੌਰਾਨ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਸੀਮ ਪ੍ਰੇਰਣਾ ਵੀ ਮਿਲੀ, ਜਿਨ੍ਹਾਂ ਨੇ ਤਲਵੰਡੀ ਸਾਬੋ ਵਿੱਚ ਨਿਵਾਸ ਕੀਤਾ, ਜੋ ਸਥਾਨ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਨਾਮ ਨਾਲ ਪ੍ਰਸਿੱਧ ਹੈ। ਇੱਥੇ ਹੀ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸੰਪੂਰਨ ਸਰੂਪ ਤਿਆਰ ਕੀਤਾ ਗਿਆ ਅਤੇ ਇਸ ਧਰਤੀ ਨੂੰ "ਏਹ ਹੈ ਪਰਗਟਿਓ ਹਮਾਰੀ ਕਾਸ਼ੀ" ਦਾ ਆਸ਼ੀਰਵਾਦ ਮਿਲਿਆ।ਅਰਥਾਤ, ਇਹ ਜਗ੍ਹਾ ਵਿਦਿਆ ਦਾ ਕੇਂਦਰ ਬਣੇਗੀ। ਇਹ ਆਤਮਿਕ ਦ੍ਰਿਸ਼ਟੀ ਸ੍ਰ. ਸਿੱਧੂ ਲਈ ਬੇਅੰਤ ਸ਼ਕਤੀ ਅਤੇ ਦਿਸ਼ਾ ਦਾ ਸਰੋਤ ਬਣੀ। ਉਨ੍ਹਾਂ ਦਾ ਦ੍ਰਿੜ ਵਿਸ਼ਵਾਸ ਹੈ ਕਿ ਇਹ ਧਰਤੀ ਵਿਦਿਆ ਦੇ ਕੇਂਦਰ ਵਜੋਂ ਉਭਰਨ ਲਈ ਹੀ ਬਣੀ ਹੈ। ਇਸ ਪ੍ਰੇਰਣਾ ਨਾਲ ਸ਼ੁਰੂਆਤੀ ਦੌਰ ਵਿੱਚ ਇਹ ਯਤਨ ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਐਜੂਕੇਸ਼ਨ ਦੇ ਰੂਪ ਵਿੱਚ ਚਲਾਇਆ ਗਿਆ। ਬਾਅਦ ਵਿੱਚ ਉਨ੍ਹਾਂ ਨੇ ਮੌਜੂਦਾ ਸਥਾਨ 'ਤੇ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਸਥਾਪਨਾ ਕਰਨ ਦਾ ਬੀੜਾ ਚੁੱਕਿਆ, ਜੋ 2011 ਵਿੱਚ ਪੰਜਾਬ ਸਰਕਾਰ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਐਕਟ ਨੰ. 37 ✤✚ 2011 ਅਧੀਨ ਸਥਾਪਿਤ ਕੀਤੀ ਗਈ ਅਤੇ ਜਿਸ ਨੂੰ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਵੱਲੋਂ ਸਾਲ 2016 ਵਿੱਚ ਮਾਣਤਾ ਮਿਲ ਗਈ। ਨੈਕ 1++ ਵਰਗੀਆਂ ਮਾਨਤਾਵਾਂ ਅਤੇ ਯੂਜੀਸੀ, ਆਈਸੀਏਆਰ, ਪੀਸੀਆਈ, ਬੀਸੀਆਈ ਆਦਿ ਸਟੈਚੂਟਰੀ ਸੰਸਥਾਂਵਾ ਤੋਂ ਪ੍ਰਾਪਤ ਮਨਜ਼ੂਰੀਆਂ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਉੱਚ ਅਕਾਦਮਿਕ ਗੁਣਵੱਤਾ ਨੂੰ ਦਰਸਾਉਂਦੀਆਂ ਹਨ। ਸਚਮੁੱਚ ਜੋ ਇਲਾਕਾ ਕਦੇ ਪਿੱਛੜਿਆ ਮੰਨਿਆ ਜਾਂਦਾ ਸੀ, ਉਹ ਅੱਜ ਹੌਲੀ-ਹੌਲੀ ਸਿੱਖਿਆ ਦਾ ਕੇਂਦਰ ਬਣ ਰਿਹਾ ਹੈ, ਅਤੇ ਸ੍ਰ. ਸਿੱਧੂ ਦਾ ਪੂਰਾ ਵਿਸ਼ਵਾਸ ਹੈ ਕਿ ਜਲਦੀ ਹੀ ਇਹ ਆਪਣੀ ਅਕਾਦਮਿਕ ਪ੍ਰਤਿਭਾ ਲਈ ਜਾਣਿਆ ਜਾਵੇਗਾ।ਅੱਜ ਵੀ ਉਨ੍ਹਾਂ ਦਾ ਦ੍ਰਿਸ਼ਟੀਕੋਣ ਉਹੀ ਹੈ ਕਿ ਸਿੱਖਿਆ ਨੂੰ ਕੇਵਲ ਡਿਗਰੀ ਤੱਕ ਸੀਮਿਤ ਨਾ ਰੱਖਿਆ ਜਾਵੇ, ਬਲਕਿ ਇਸਨੂੰ ਸਸ਼ਕਤੀਕਰਨ ਦਾ ਸਭ ਤੋਂ ਵੱਡਾ ਸਾਧਨ ਬਣਾਇਆ ਜਾਵੇ, ਜੋ ਨਾ ਸਿਰਫ਼ ਵਿਅਕਤੀ, ਸਗੋਂ ਪੂਰੇ ਸਮਾਜ ਅਤੇ ਦੇਸ਼ ਦਾ ਭਵਿੱਖ ਨਿਰਮਾਣ ਕਰੇ। ਇਸ ਵਿਜ਼ਨ ਨੂੰ ਪੂਰਾ ਕਰਨ ਲਈ ਉਨ੍ਹਾਂ ਵੱਲੋਂ ਲਗਾਤਾਰ ਪ੍ਰਯਾਸ ਕੀਤੇ ਜਾ ਰਹੇ ਹਨ। ਉਨ੍ਹਾਂ ਨੂੰ ਪਰਿਵਾਰ, ਸਮਾਜ ਅਤੇ ਸਰਕਾਰ ਦਾ ਪੂਰਾ ਸਹਿਯੋਗ ਪ੍ਰਾਪਤ ਹੈ, ਅਤੇ ਪਰਮਾਤਮਾ ਦੀ ਕਿਰਪਾ ਨਾਲ ਉਹ ਸਮਾਜ ਦੀ ਭਲਾਈ ਵਾਸਤੇ ਨਿਰੰਤਰ ਯੋਗਦਾਨ ਪਾ ਰਹੇ ਹਨ। ਚਾਂਸਲਰ ਸਿਧੂ ਦੀ ਵਿਸ਼ੇਸ਼ ਦਿਲਚਸਪੀ ਪਿੰਡਾਂ ਦੇ ਵਿਕਾਸ ਵਿੱਚ ਸਿੱਖਿਆ ਰਾਹੀਂ ਬਦਲਾਅ ਲਿਆਉਣ 'ਤੇ ਕੇਂਦਰਿਤ ਰਹੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਜੇ ਪਿੰਡ ਮਜ਼ਬੂਤ ਹੋਣਗੇ ਤਾਂ ਦੇਸ਼ ਆਪਣੇ ਆਪ ਮਜ਼ਬੂਤ ਹੋਵੇਗਾ। ਇਸ ਲਈ ਯੂਨੀਵਰਸਿਟੀ ਦੇ ਪ੍ਰੋਗਰਾਮਾਂ ਅਤੇ ਆਊਟਰੀਚ ਗਤੀਵਿਧੀਆਂ ਰਾਹੀਂ ਉਨ੍ਹਾਂ ਨੇ ਪਿੰਡਾਂ ਦੇ ਨੌਜਵਾਨਾਂ ਨੂੰ ਸਿੱਖਿਆ, ਹੁਨਰ ਅਤੇ ਆਤਮਨਿਰਭਰਤਾ ਨਾਲ ਜੋੜਿਆ ਹੈ। ਉਨ੍ਹਾਂ ਨੇ ਹਮੇਸ਼ਾ ਸਮਾਜ ਦੇ ਪਿੱਛੜੇ ਅਤੇ ਵੰਚਿਤ ਵਰਗਾਂ ਦੀ ਸਹਾਇਤਾ ਨੂੰ ਆਪਣੀ ਜ਼ਿੰਮੇਵਾਰੀ ਮੰਨਿਆ ਹੈ। ਸਕਾਲਰਸ਼ਿਪਾਂ, ਸਹਾਇਤਾ ਯੋਜਨਾਵਾਂ ਅਤੇ ਸਮਾਜਿਕ ਮੁਹਿੰਮਾਂ ਰਾਹੀਂ ਉਨ੍ਹਾਂ ਨੂੰ ਸਿੱਖਿਆ ਦੇ ਮੌਕੇ ਪ੍ਰਦਾਨ ਕੀਤੇ ਗਏ ਹਨ, ਤਾਂ ਜੋ ਉਹ ਵੀ ਸਮਾਜ ਦੀ ਮੁੱਖ ਧਾਰਾ ਨਾਲ ਜੁੜ ਸਕਣ।ਅੱਜ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਭਾਰਤ ਦੇ ਅਨੇਕਾਂ ਰਾਜਾਂ ਤੇ ਵਿਦੇਸ਼ਾਂ ਤੋਂ ਵਿਦਿਆਰਥੀ ਇਸ ਯੂਨੀਵਰਸਿਟੀ ਤੋਂ ਵਿੱਦਿਆ ਹਾਸਲ ਕਰ ਰਹੇ ਹਨ। ਕਿਸਾਨਾਂ ਦੀ ਸਥਿਤੀ ਨੂੰ ਸੁਧਾਰਨ ਲਈ ਖੇਤੀਬਾੜੀ ਨੂੰ ਯੂਨੀਵਰਸਿਟੀ ਦਾ ਕੇਂਦਰੀ ਹਿੱਸਾ ਬਣਾਇਆ ਗਿਆ ਹੈ। ਨਵੀਆਂ ਤਕਨੀਕਾਂ, ਰਿਸਰਚ ਅਤੇ ਜਾਗਰੂਕਤਾ ਪ੍ਰੋਗਰਾਮਾਂ ਰਾਹੀਂ ਕਿਸਾਨਾਂ ਨੂੰ ਸਸ਼ਕਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਉਹ ਆਰਥਿਕ ਅਤੇ ਸਮਾਜਿਕ ਤੌਰ 'ਤੇ ਮਜ਼ਬੂਤ ਹੋ ਸਕਣ। ਇਸ ਮੰਤਵ ਲਈ ਯੂਨੀਵਰਸਿਟੀ ਦੇ ਲਾਗਲੇ 20 ਪਿੰਡਾ ਨੂੰ ਅਪਣਾਇਆ ਗਿਆ ਹੈ ਜਿੱਥੇ ਯੂਨੀਵਰਸਿਟੀ ਦੇ ਮਾਹਿਰ ਵਿਗਿਆਨੀ ਖੇਤੀ, ਕਾਨੂੰਨੀ ਜਾਣਕਾਰੀ, ਸਿਹਤ ਮੰਦੀ ਦੇ ਵਿਸ਼ਿਆਂ ਤੇ ਕੈਂਪ ਲਗਾ ਕੇ ਕਿਸਾਨਾਂ, ਨੌਜਵਾਨਾਂ ਅਤੇ ਪੇਂਡੂ ਸੁਆਣੀਆਂ ਨੂੰ ਗਿਆਨ ਵੰਡਿਆ ਜਾਂਦਾ ਹੈ। ਸਮਾਜਿਕ ਬੁਰਾਈਆਂ: ਖ਼ਾਸ ਕਰਕੇ ਨਸ਼ੇ ਦੀ ਸਮੱਸਿਆ ਨੂੰ ਦੂਰ ਕਰਨ ਲਈ ਵੀ ਯੂਨੀਵਰਸਿਟੀ ਨੇ ਅਹਿਮ ਕਦਮ ਚੁੱਕੇ ਹਨ। ਸਰਕਾਰੀ ਅਤੇ ਅਕਾਦਮਿਕ ਸਹਿਯੋਗ ਨਾਲ ਚਲ ਰਹੀਆਂ ਮੁਹਿੰਮਾਂ ਰਾਹੀਂ ਨੌਜਵਾਨਾਂ ਨੂੰ ਸਹੀ ਦਿਸ਼ਾ ਵਿੱਚ ਲਿਜਾਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸ੍ਰ. ਸਿੱਧੂ ਮੰਨਦੇ ਹਨ ਕਿ ਪੰਜਾਬ ਦੀ ਮਿੱਟੀ ਤੋਂ ਲੈ ਕੇ ਇੱਕ ਗਲੋਬਲ ਅਕੈਡਮਿਕ ਵਿਜ਼ਨ ਤੱਕ ਦਾ ਇਹ ਸਫਰ ਸਿਰਫ਼ ਸੰਸਥਾਗਤ ਵਿਕਾਸ ਨਹੀਂ, ਸਗੋਂ ਕਦਰਾਂ ਕੀਮਤਾਂ ਨਾਲ ਜੁੜੀ ਇੱਕ ਯਾਤਰਾ ਰਿਹਾ ਹੈ। ਜਿਸ ਵਿੱਚ ਸਮਾਜ ਨਾਲ ਗਹਿਰਾ ਨਾਤਾ, ਸੇਵਾ ਦਾ ਭਾਵ ਅਤੇ ਸਰਵਪੱਖੀ ਵਿਕਾਸ ਦੀ ਸੋਚ ਪ੍ਰਮੁੱਖ ਹਨ। ਉਨ੍ਹਾਂ ਨੇ ਖੇਡਾਂ ਲਈ ਉੱਤਮ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ ਹਨ, ਜਿੱਥੇ ਵਿਦਿਆਰਥੀਆਂ ਨੇ ਖੇਲੋ ਇੰਡੀਆ ਵਿੱਚ ਪੰਜਵਾਂ ਸਥਾਨ ਹਾਸਲ ਕਰਕੇ ਆਪਣੀ ਯੋਗਤਾ ਸਾਬਤ ਕੀਤੀ ਹੈ। ਨਾਲ ਹੀ, ਪਰੰਪਰਾਗਤ ਮਾਰਸ਼ਲ ਆਰਟ ਗੱਤਕਾ ਨੂੰ ਦੁਬਾਰਾ ਸੁਰਜੀਤ ਕਰਕੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਲਿਜਾਣ ਦੇ ਯਤਨ ਕੀਤੇ ਜਾ ਰਹੇ ਹਨ। ਵਿਸ਼ਵ ਪੱਧਰ 'ਤੇ ਯੂਨੀਵਰਸਿਟੀ ਨੂੰ ਮਜ਼ਬੂਤ ਕਰਨ ਲਈ ਦੇਸ਼-ਵਿਦੇਸ਼ ਦੀਆਂ ਸੰਸਥਾਵਾਂ ਨਾਲ ਸਾਂਝੇਦਾਰੀਆਂ ਕੀਤੀਆਂ ਗਈਆਂ ਹਨ ਅਤੇ ਇੱਕ ਮਜ਼ਬੂਤ ਅੰਤਰਰਾਸ਼ਟਰੀ ਸਲਾਹਕਾਰ ਬੋਰਡ ਬਣਾਇਆ ਗਿਆ ਹੈ। ਇਹ ਦ੍ਰਿਸ਼ਟੀਕੋਣ ਸਿਰਫ਼ ਇੱਕ ਵਿਅਕਤੀ ਦੀ ਸਫਲਤਾ ਨਹੀਂ, ਸਗੋਂ ਇੱਕ ਐਸੇ ਭਵਿੱਖ ਦੀ ਨੀਂਹ ਹੈ ਜਿੱਥੇ ਸਿੱਖਿਆ ਰਾਹੀਂ ਪਿੰਡਾਂ ਦੀ ਤਰੱਕੀ, ਕਿਸਾਨਾਂ ਦੀ ਖ਼ੁਸ਼ਹਾਲੀ ਅਤੇ ਸਮਾਜ ਦੇ ਹਰ ਵਰਗ ਦਾ ਸਮਾਨ ਵਿਕਾਸ ਸੰਭਵ ਹੈ। ਭਾਰਤ ਨੂੰ ਗਲੋਬਲ ਐਜੂਕੇਸ਼ਨ ਹੱਬ ਬਣਾਉਣ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਵਰਗੀਆਂ ਸੰਸਥਾਵਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਹ ਨੌਜਵਾਨਾਂ ਨੂੰ ਅਕਸਰ ਪ੍ਰੇਰਿਤ ਕਰਦੇ ਹਨ ਕਿ "ਆਪਣੀਆਂ ਜੜ੍ਹਾਂ ਨਾਲ ਜੁੜੇ ਰਹੋ, ਪਰ ਆਪਣੀ ਸੋਚ ਨੂੰ ਆਸਮਾਨ ਜਿੰਨੀ ਉੱਚੀ ਰੱਖੋ।" ਸਪਨੇ ਵੱਡੇ ਦੇਖੋ, ਪਰ ਉਨ੍ਹਾਂ ਨੂੰ ਪੂਰਾ ਕਰਨ ਲਈ ਅਨੁਸ਼ਾਸਨ, ਮਿਹਨਤ ਅਤੇ ਧੀਰਜ ਨੂੰ ਆਪਣਾ ਸਾਥੀ ਬਣਾਓ। ਸਿਰਫ਼ ਕਾਮਯਾਬੀ ਦੀ ਦੌੜ ਨਾ ਲਗਾਓ, ਸਗੋਂ ਕਦਰਾਂ ਕੀਮਤਾਂ ਨਾਲ ਭਰਪੂਰ ਜੀਵਨ ਜਿਉਣ ਦੀ ਕੋਸ਼ਿਸ਼ ਕਰੋ। ਹਮੇਸ਼ਾ ਯਾਦ ਰੱਖੋ। ਮੌਕੇ ਉਡੀਕ ਨਹੀਂ ਕਰਦੇ, ਉਨ੍ਹਾਂ ਨੂੰ ਬਣਾਉਣਾ ਪੈਂਦਾ ਹੈ।

**-ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ**
**ਵਾਈਸ ਚਾਂਸਲਰ, ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ (ਬਠਿੰਡਾ)**

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲੀ ਦਲ ਵਾਰਿਸ ਪੰਜਾਬ ਦੇ ਦਫਤਰ ਵਿਖੇ

# ਬਾਬੂ ਸਿੰਘ ਜੰਡਿਆਲਾ ਨੇ ਬਾਬਾ ਬਿਬੇਕ ਸਿੰਘ ਨਾਲ ਮੁਲਾਕਾਤ ਕੀਤੀ



**ਜੰਡਿਆਲਾ ਗੁਰੂ 8 ਮਈ (ਕੁਲਵੰਤ ਸਿੰਘ ਵਿਰਦੀ )**-ਪਿਛਲੇ ਦਿਨੀ ਬਾਬੂ ਸਿੰਘ ਜੰਡਿਆਲਾ ਜੋ ਕਿ ਜੰਡਿਆਲਾ ਗੁਰੂ ਦੇ ਵਸਨੀਕ ਹਨ ਅਤੇ ਪਿਛਲੇ ਦਿਨੀ ਉਹ ਆਮ ਆਦਮੀ ਪਾਰਟੀ ਦੀਆਂ ਮਾਰੂ ਨੀਤੀਆਂ ਤੋਂ ਤੰਗ ਹੋ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਜਥੇਬੰਦੀ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਵੱਡੇ ਕਾਫਲੇ ਨਾਲ ਸਮੂਲੀਅਤ ਕੀਤੀ,ਜਿਸ ਦੇ ਚਲਦਿਆਂ ਕੱਲ੍ਹ ਬਾਬੂ ਸਿੰਘ, ਨੇ ਜੰਡਿਆਲਾ ਗੁਰੂ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਜੰਡਿਆਲਾ ਗੁਰੂ ਦੇ ਸੇਵਾਦਾਰ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਨਾਲ ਗੁਰਦੁਆਰਾ ਸਾਹਿਬ ਵਿਖੇ ਬਣੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਫਤਰ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ।ਇਥੇ ਗੱਲ ਇਹ ਦੱਸਣਯੋਗ ਹੈ ਕਿ ਪਿਛਲੇ ਦਿਨੀ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਬਾਬੂ ਸਿੰਘ ਜੰਡਿਆਲਾ ਨੂੰ ਜਥੇਬੰਦੀ ਵਿੱਚ ਸ਼ਾਮਿਲ ਕਰਨ ਮੌਕੇ ਬਾਬਾ ਬਿਬੇਕ ਸਿੰਘ ਆਪਣੇ ਨਿੱਜੀ ਕੰਮ ਲਈ ਪੰਜਾਬ ਤੋਂ ਬਾਹਰ ਗਏ ਹੋਏ ਸਨ !ਇਸ ਕਰਕੇ ਬਾਬੂ ਸਿੰਘ ਨੇ ਬੀਤੇ ਦਿਨ ਸਪੈਸ਼ਲ ਤੌਰ ਤੇ ਦਫਤਰ ਵਿਖੇ ਉਹਨਾਂ ਨੂੰ ਮਿਲਣ ਲਈ ਪਹੁੰਚੇ ਅਤੇ ਉਨਾਂ ਨੇ ਕਿਹਾ ਕਿ ਪਾਰਟੀ ਦੀ ਚੜ੍ਹਦੀ ਕਲ੍ਹਾ ਲਈ ਬਾਬਾ ਬਿਬੇਕ ਸਿੰਘ ਜੀ ਅਤੇ ਸਮੂਹ ਜੰਡਿਆਲਾ ਗੁਰੂ ਦੇ ਆਗੂਆਂ ਨਾਲ ਮੋਢੇ ਨਾਲ ਮੋਢਾ ਜੋੜ ਕਿ ਪਾਰਟੀ ਲਈ ਸੇਵਾਵਾਂ ਨਿਭਾਉਣਗੇ । ਇਸ ਮੌਕੇ ਤੇ ਪਾਰਟੀ ਪ੍ਰਤੀ ਹੋਰ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਬੇਅਦਬੀ ਸਬੰਧੀ ਬਣਾਏ ਗਏ ਕਾਨੂੰਨ ਸਬੰਧੀ ਕੱਢੀ ਗਈ ਸ਼ੁਕਰਾਨਾ ਯਾਤਰਾ ਸਮੇਂ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਐਮ ਪੀ ਲੋਕ ਸਭਾ ਹਲਕਾ ਖਡੂਰ ਸਾਹਿਬ ਦੀ ਮਾਤਾ ਬਲਵਿੰਦਰ ਕੌਰ ਜੀ ਵੱਲੋਂ ਜਦੋਂ ਮੁੱਖ ਮੰਤਰੀ ਸਾਹਬ ਨੂੰ ਭਾਈ ਸਾਹਬ ਦੀ ਐਨ ਐਸ ਏ ਖਤਮ ਹੋਣ ਤੇ ਪੰਜਾਬ ਕਿਉਂ ਨਹੀਂ ਲਿਆਂਦਾ ਜਾ ਰਿਹਾ ਸੰਬੰਧੀ ਸਵਾਲ ਕੀਤਾ ਤਾਂ ਮੁੱਖ ਮੰਤਰੀ ਮਾਨ ਵੱਲੋਂ ਸਵਾਲ ਦਾ ਜੁਆਬ ਦੇਣ ਦੀ ਬਜਾਏ ਮਾਤਾ ਜੀ ਕੋਲੋਂ ਹੱਥ ਛੁਡਵਾ ਕਿ ਦੁਰਵਿਵਹਾਰ ਕੀਤਾ ਗਿਆ ਜਿਸ ਦੀ ਘੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ !ਇਸ ਮੌਕੇ ਭਾਈ ਅਮਨਦੀਪ ਸਿੰਘ ਡੱਡੂਆਣਾ ਜਿਲਾ ਪ੍ਰਧਾਨ,ਬਚਿੱਤਰ ਸਿੰਘ ਤਰਸਿੱਕਾ, ਭਾਈ ਜਰਮਨਜੀਤ ਸਿੰਘ ਤਰਸਿੱਕਾ, ਭਾਈ ਸੁਖਜਿੰਦਰ ਸਿੰਘ ਨਿਜਾਮਪੁਰ , ਭਾਈ ਹਰਕਮਲਪ੍ਰੀਤ ਸਿੰਘ, ਜਸਪਾਲ ਸਿੰਘ ਨਵਾਂ ਪਿੰਡ, ਭਾਈ ਜਸਪਾਲ ਸਿੰਘ, ਰਾਣਾ ਬੰਡਾਲਾ ਕਿਸਾਨ ਯੂਨੀਅਨ, ਮਾਸਟਰ ਕੁਲਵੰਤ ਸਿੰਘ, ਗੁਰਦੇਵ ਸਿੰਘ, ਸਿਮਰਨਜੀਤ ਸਿੰਘ ਜੰਡਿਆਲਾ ਗੁਰੂ , ਸਕੱਤਰ ਸਿੰਘ, ਕੇਵਲ ਸਿੰਘ ਮਹਿਤਾ, ਭਾਈ ਗੁਰਦਿਆਲ ਸਿੰਘ ਟਾਂਗਰਾ, ਬਿਕਰਮਜੀਤ ਸਿੰਘ ਗਹਿਰੀ, ਬਿਕਰਮਜੀਤ ਸਿੰਘ ਨਰੈਣਗੜ੍ਹ, ਕੰਵਲਪ੍ਰੀਤ ਸਿੰਘ ਰਵੀ,ਮੰਗਲ ਸਿੰਘ, ਮਨਿੰਦਰ ਸਿੰਘ ਹਨੀ,ਜਸਪਾਲ ਸਿੰਘ, ਬਾਪੂ ਜਸਬੀਰ ਸਿੰਘ, ਬਾਬਾ ਮਨੋਜ ਸਿੰਘ, ਲੱਕੀ ਸਿੰਘ, ਗੁਰਪ੍ਰੀਤ ਸਿੰਘ ਢਪੱਈਆ ,ਸੁਖਦੇਵ ਸਿੰਘ, ਭਾਈ ਮਨਿੰਦਰ ਸਿੰਘ ਖਾਲਸਾ ਬੰਡਾਲਾ ਬਲਾਕ ਪ੍ਰਧਾਨ, ਭਾਈ ਜਤਿੰਦਰ ਸਿੰਘ ਕਾਰਜਕਾਰੀ ਸਕੱਤਰ ,ਸ੍ਰ ਸਰਦੂਲ ਸਿੰਘ ਸਰਜਾ ਆਦਿ ਹਾਜ਼ਰ ਸਨ!

### ਮੁੱਖ ਮੰਤਰੀ ਪੰਜਾਬ ਵੱਲੋਂ ਮਾਤਾ ਬਲਵਿੰਦਰ ਕੋਰ ਨਾਲ ਕੀਤੇ ਦੁਰਵਿਵਹਾਰ ਦੀ ਘੋਰ ਸਬਦਾਂ ਚ ਨਿੰਦਾ ਕੀਤੀ ਜਾਂਦੀ-ਬਾਬਾ ਬਿਬੇਕ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

# ਪੈਨਸ਼ਨਰ ਸੇਵਾ ਪੋਰਟਲ ਰੱਦ ਕਰਨ ਦੀ ਮੰਗ : ਪੈਨਸ਼ਨਰ ਆਗੂ



**ਧੂਰੀ (ਰਣਜੀਤ ਸਿੰਘ ਪੇਧਨੀ)**-ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ: ਧੂਰੀ ਦੀ ਇੱਕ ਅਹਿਮ ਮੀਟਿੰਗ ਪ੍ਰਧਾਨ ਜੈ ਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਪੈਨਸ਼ਨ ਦਫ਼ਤਰ ਵਿੱਚ ਹੋਈ ਜਿਸ ਵਿੱਚ ਪ੍ਰਧਾਨ ਜੈ ਦੇਵ ਸ਼ਰਮਾ, ਜਸਵਿੰਦਰ ਸਿੰਘ ਮੂਲੋਵਾਲ ਜਨਰਲ ਸਕੱਤਰ, ਕੁਲਵੰਤ ਸਿੰਘ ਵਰਨ, ਹਰਦੇਵ ਸਿੰਘ ਜਵੰਦਾ,ਕਰਮ ਸਿੰਘ ਮਾਨ, ਆਦਿ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 6 ਤਾਰੀਖ ਤੱਕ ਪੈਨਸ਼ਨ ਅਤੇ ਤਨਖਾਹ ਨਾ ਮਿਲੀ ਹੋਵੇ।ਇਸ ਤੋਂ ਇਲਾਵਾ ਸਰਕਾਰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 18% ਡੀ ਏ ਦੇਣ ਦੇ ਫੈਸਲੇ ਨੂੰ ਵੀ ਟਿੱਚ ਕਰਕੇ ਜਾਣਦੀ ਹੈ। ਜੱਥੇਬੰਦੀ ਸਰਕਾਰ ਵੱਲੋਂ ਜਾਰੀ ਕੀਤੇ ਪੈਨਸ਼ਨ ਪੋਰਟਲ ਦੀ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਇਸ ਨੂੰ ਤੁਰੰਤ ਬੰਦ ਕੀਤਾ ਜਾਵੇ ਤਾਂ ਕਿ ਬਿਰਧ ਪੈਨਸ਼ਨਰਜ਼, ਫੈਮਲੀ ਪੈਨਸ਼ਨਰਜ਼ ਖਜ਼ਲ ਖੁਆਰੀ ਤੋਂ ਬਚ ਸਕਣ। ਪੈਨਸ਼ਨਰਜ਼ ਦੀ ਮੁੱਖ ਮੰਗ 2.59 ਦਾ ਗੁਣਾਕ , ਪੇ ਕਮਿਸ਼ਨ ਦਾ ਬਕਾਇਆ ਕਿਸ਼ਤਾਂ ਦੀ ਵਜਾਏ ਯਕਮੁਕਤ ਇੱਕ ਕਿਸਤ ਵਿੱਚ ਦੇਣ ਦੀ ਪੁਰਜ਼ੋਰ ਮੰਗ ਕੀਤੀ ਗਈ। ਇਸ ਮੌਕੇ ਸੁਖਦੇਵ ਸਿੰਘ ਖੰਗੂੜਾ, ਭਰਭੂਰ ਸਿੰਘ ਭੋਜੋਵਾਲੀ, ਰਣਜੀਤ ਸਿੰਘ ਢੀਂਡਸਾ, ਹਰਬੰਸ ਸਿੰਘ ਸੋਢੀ,ਜੰਗ ਸਿੰਘ,ਚਿਰੰਜੀ ਲਾਲ,ਦਿਆਲ ਸਿੰਘ ਧੂਰਾ,ਰਾਮ ਲਾਲ ਸ਼ਰਮਾ , ਬਲਦੇਵ ਸਿੰਘ, ਬੁੱਧ ਸਿੰਘ,ਰਾਏ ਚੰਦ, ਬਚਿੱਤਰ ਸਿੰਘ,ਵਿੱਕੀ ਸਿੰਘ ਮੂਲੋਵਾਲ, ਗਿਰਧਾਰੀ ਲਾਲ ਵਿੱਤ ਸਕੱਤਰ, ਹਰਿੰਦਰ ਸਿੰਘ ਪਲਾਸੌਰ, ਗੁਰਦਿਆਲ ਸਿੰਘ ਮੀਰਹੇੜੀ, ਪ੍ਰੀਤਮ ਸਿੰਘ ਧੂਰਾ, ਰਾਮ ਗੋਪਾਲ ਸ਼ਰਮਾ,ਹਰਚਰਨ ਸਿੰਘ ਲਹਿਰੀ,ਸਾਧੂ ਸਿੰਘ ਪੇਧਨੀ ਅਤੇ ਕਰਨੈਲ ਸਿੰਘ ਬਰੜਵਾਲ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਲ੍ਹੀਆਂ ਵਿਖੇ ਰਾਜ ਭਨੋਟ ਆਸਟਰੇਲੀਆ ਵੱਲੋਂ ਠੰਡੇ ਪਾਣੀ ਕੂਲਰ ਭੇਟ ਕੀਤਾ




**ਜੰਡਿਆਲਾ ਗੁਰੂ , 8 ਮਈ ( ਕੁਲਵੰਤ ਸਿੰਘ ਵਿਰਦੀ )**-ਪਿੰਡ ਮੱਲੀਆਂ ਦੇ ਜੰਮਪਲ ਰਾਜ ਭਨੋਟ ਆਸਟਰੇਲੀਆ ਜੋ ਕਿ ਇਸ ਵਕਤ ਆਪਣੇ ਪਰਿਵਾਰ ਸਮੇਤ ਆਸਟਰੇਲੀਆ ਵਿੱਚ ਰਹਿ ਰਹੇ ਹਨ। ਅਤੇ ਪਿੰਡ ਪ੍ਰਤੀ ਉਹਨਾਂ ਦਾ ਅਥਾਹ ਮੋਹ ਪਿਆਰ ਹੈ, ਤੇ ਆਮ ਆਦਮੀ ਪਾਰਟੀ ਦੇ ਉਹ ਜੁਝਾਰੂ ਵਰਕਰ ਵੀ ਹਨ।, ਤੇ ਇਸ ਟਾਈਮ ਤੇ ਆਸਟਰੇਲੀਆ ਵਿੱਚ ਰਹਿ ਕੇ ਵੀ ਆਮ ਆਦਮੀ ਪਾਰਟੀ ਪ੍ਰਤੀ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ।, ਤੇ ਆਮ ਆਦਮੀ ਪਾਰਟੀ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇ ਹਨ।, ਜਿੱਥੇ ਉਹ ਪਾਰਟੀ ਪ੍ਰਤੀ ਸੇਵਾਵਾਂ ਨਿਭਾ ਰਹੇ ਹਨ ਉਥੇ ਹੀ ਉਹ ਪਿੰਡ ਪ੍ਰਤੀ ਵੀ ਅਥਾਹ ਮੋਹ ਪਿਆਰ ਰੱਖਦੇ ਹਨ ਅਤੇ ਪਿੰਡ ਵਿੱਚ ਉਹ ਲਗਾਤਾਰ ਹੀ ਲੋੜਵੰਦ ਪਰਿਵਾਰਾਂ ਦੀ ਮਦਦ ਕਰਨ ਵਿੱਚ ਤਤਪਰ ਰਹਿੰਦੇ ਹਨ।, ਇਸ ਤੋਂ ਇਲਾਵਾ ਉਹ, ਹਰ ਸਾਲ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਪਿੰਡ ਵਿੱਚ ਟੂਰਨਾਮੈਂਟ ਵੀ ਕਰਾਉਂਦੇ ਹਨ। ਅਤੇ ਸਮੇਂ ਸਮੇਂ ਅਨੁਸਾਰ ਲੋੜਵੰਦ ਪਰਿਵਾਰਾਂ ਦੀ ਮਦਦ ਵੀ ਕਰਦੇ ਹਨ। ਅਤੇ ਹਰ ਸਾਲ ਆਪਣੀ ਬੇਟੀ ਦੇ ਜਨਮ ਦਿਨ ਮੌਕੇ ਉਹ ਬੱਚਿਆਂ ਨੂੰ ਕਿਤਾਬਾਂ ਪੈਨਸਲਾਂ ਅਤੇ ਸਟੇਸ਼ਨਰੀ ਦਾ ਸਮਾਨ ਵੀ ਭੇਜਦੇ ਹਨ ਬੀਤੇ ਦਿਨ ਪਿੰਡ ਮੱਲੀਆਂ ਦੇ ਸੀਨੀਅਰ ਸੈਕੈਂਡਰੀ ਸਕੂਲ ਵਿੱਚ ਗਰਮੀਆਂ ਦੇ ਮੌਸਮ ਦੇ ਚੱਲਦਿਆਂ ਪੀਣ ਵਾਲੇ ਪਾਣੀ ਦੇ ਕੂਲਰ ਦਾ ਕੋਈ ਪ੍ਰਬੰਧ ਨਾ ਹੋਣ ਕਰਕੇ, ਬੱਚਿਆਂ ਨੂੰ ਪਾਣੀ ਦੀ ਕਾਫੀ ਦਿੱਕਤ ਆ ਰਹੀ ਸੀ।, ਇਸ ਸਬੰਧੀ ਉਨਾਂ ਨਾਲ ਵਾਰਤਾ ਲਾਪ ਕੀਤਾ ਗਿਆ ਤਾਂ ਉਨਾਂ ਨੇ ਬਗੈਰ ਕਿਸੇ ਦੇਰੀ ਤੋਂ ਬੱਚਿਆਂ ਦੀ ਇਹ ਲੋੜ ਨੂੰ ਵੇਖਦੇ ਹੋਏ ਆਪਣੇ ਵੱਡੇ ਭਰਾ ਸੰਦੀਪ ਭਨੋਟ ਦੇ ਨਾਲ ਸੰਪਰਕ ਕਰਕੇ ਇੱਕ ਕੂਲਰ ਦੀ ਸੇਵਾ ਕੀਤੀ ਗਈ।ਇੱਥੇ ਇਹ ਦੱਸਣ ਯੋਗ ਹੈ ਕਿ ਰਾਜ ਭਨੋਟ ਉਮੀਦ ਆਰਗਨਾਈਜ਼ੇਸ਼ਨ ਸੰਸਥਾ ਵੀ ਚਲਾ ਰਹੇ ਹਨ। ਜਿਸ ਵਿੱਚ ਸਮੇਂ ਸਮੇਂ ਅਨੁਸਾਰ ਲੋੜਵੰਦ ਪਰਿਵਾਰਾਂ ਦੀ ਮਦਦ ਕੀਤੀ ਜਾਂਦੀ ਹੈ। ਇਸ ਮੌਕੇ ਤੇ ਸਮਾਜ ਸੇਵਕ ਨਵਕਰਣ ਸਿੰਘ ਮੱਲੀ, ਸੰਜੀਵ ਭਨੋਟ, ਸਕੂਲ ਦੇ ਪ੍ਰਿੰਸੀਪਲ ਸਰਦਾਰ ਪਰਮਜੀਤ ਸਿੰਘ, ਗੁਰਭੇਜ ਸਿੰਘ ਚੱਕੀ ਵਾਲੇ, ਭਾਈਆ ਕਸ਼ਮੀਰ ਸਿੰਘ ਸਤਨਾਮ ਸਿੰਘ, ਗਰਜਿੰਦਰ ਸਿੰਘ, ਸੁਵਿੰਦਰਜੀਤ ਸਿੰਘ ,ਜਰਨੈਲ ਸਿੰਘ ਸਾਬ ਮੱਲੀ,ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲ ਯੂਨੀਵਰਸਿਟੀ ਵਿਖੇ

# 'ਅਕਾਲ ਐਜੂਕੇਸ਼ਨ ਐਵਾਰਡ-2026' ਦਾ ਸ਼ਾਨਦਾਰ ਆਯੋਜਨ





ਤਲਵੰਡੀ ਸਾਬੋ, 8 ਮਈ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦੀ ਹੌਂਸਲਾ ਅਫ਼ਜ਼ਾਈ ਲਈ ਅੱਜ ਸਥਾਨਕ ਅਕਾਲ ਯੂਨੀਵਰਸਿਟੀ ਵਿਖੇ 'ਅਕਾਲ ਐਜੂਕੇਸ਼ਨ ਐਵਾਰਡ-2026' ਸਮਾਰੋਹ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਵਿਸ਼ਾਲ ਸਮਾਗਮ ਦੌਰਾਨ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਹੋਏ ਪ੍ਰਿੰਸੀਪਲਾਂ, ਪ੍ਰਬੰਧਕੀ ਮੈਂਬਰਾਂ ਅਤੇ ਅਧਿਆਪਕਾਂ ਨੂੰ ਉਨ੍ਹਾਂ ਦੀਆਂ ਵਿਸ਼ੇਸ਼ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦੇ ਇਲਾਹੀ ਕੀਰਤਨ ਨਾਲ ਹੋਈ, ਜਿਸ ਉਪਰੰਤ ਆਏ ਹੋਏ ਮਹਿਮਾਨਾਂ ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਨਿੱਘਾ ਸਵਾਗਤ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਡਾ. ਰਮਨਦੀਪ ਕੌਰ ਨੇ ਬਖ਼ੂਬੀ ਨਿਭਾਈ। ਇਸ ਮੌਕੇ ਡਾ. ਉਪਿੰਦਰਜੀਤ ਕੌਰ ਨੇ 'ਅਕਾਲ ਐਜੂਕੇਸ਼ਨ ਐਵਾਰਡ-2026' ਦੇ ਉਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਸਮਾਗਮ ਵਿੱਚ ਪਹੁੰਚੇ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ।ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਧਿਆਪਕ ਕੇਵਲ ਸਿਲੇਬਸ ਨਹੀਂ ਪੜ੍ਹਾਉਂਦੇ, ਸਗੋਂ ਉਹ ਵਿਦਿਆਰਥੀਆਂ ਦੇ ਚਰਿੱਤਰ ਦਾ ਨਿਰਮਾਣ ਕਰਕੇ ਦੇਸ਼ ਦਾ ਭਵਿੱਖ ਸਿਰਜਦੇ ਹਨ। ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੀ ਜ਼ਿਲ੍ਹਾ ਸਿੱਖਿਆ ਅਫ਼ਸਰ ਬਠਿੰਡਾ, ਸ਼੍ਰੀਮਤੀ ਮਮਤਾ ਖੁਰਾਣਾ ਨੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਗੁਰਬਾਣੀ ਵਿੱਚੋਂ ਅਹਿਮ ਉਦਾਹਰਨਾਂ ਦੇ ਕੇ ਸਿੱਖਿਆ ਦੇ ਅਸਲ ਅਰਥ ਸਮਝਾਏ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਅਧਿਆਪਕਾਂ ਵਿੱਚ ਨਵਾਂ ਜੋਸ਼ ਭਰਦੇ ਹਨ। ਸਮਾਰੋਹ ਦੌਰਾਨ ਉਨ੍ਹਾਂ ਅਧਿਆਪਕਾਂ ਨੂੰ ਵਿਸ਼ੇਸ਼ ਤੌਰ 'ਤੇ ਨਿਵਾਜਿਆ ਗਿਆ ਜਿਨ੍ਹਾਂ ਨੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਨਵੀਨ ਤਕਨੀਕਾਂ ਦੀ ਵਰਤੋਂ ਕੀਤੀ ਅਤੇ ਵਿਦਿਆਰਥੀਆਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਮੱਲਾਂ ਮਾਰਨ ਲਈ ਤਿਆਰ ਕੀਤਾ। ਪ੍ਰੋਗਰਾਮ ਦੌਰਾਨ ਲਗਭਗ 500 ਸਨਮਾਨਿਤ ਅਧਿਆਪਕਾਂ ਨੇ ਯੂਨੀਵਰਸਿਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵਧੇਰੇ ਮਿਹਨਤ ਨਾਲ ਕੰਮ ਕਰਨ ਦੀ ਪ੍ਰੇਰਣਾ ਮਿਲੀ ਹੈ। ਸਮਾਗਮ ਦੇ ਅੰਤ ਵਿੱਚ ਆਏ ਹੋਏ ਪਤਵੰਤੇ ਸੱਜਣਾਂ ਲਈ ਦੁਪਹਿਰ ਦੇ ਖਾਣੇ ਅਤੇ ਰਿਫ੍ਰੈਸ਼ਮੈਂਟ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਪੀ.ਕੇ.ਐੱਸ ਇੰਟਰਨੈਸ਼ਨਲ ਸਕੂਲ ਵਿਖੇ 'ਤਾਜਪੋਸ਼ੀ ਸਮਾਗਮ' ਦਾ ਸ਼ਾਨਦਾਰ ਆਯੋਜਨ

# ਕਰਨਵੀਰ ਹੈੱਡ ਬੁਆਏ ਤੇ ਅਮਨਪ੍ਰੀਤ ਹੈੱਡ ਗਰਲ ਨਿਯੁਕਤ











ਬਠਿੰਡਾ, 08 ਮਈ (ਗੁਰਜੰਟ ਸਿੰਘ ਨਥੇਹਾ)- ਪੀ.ਕੇ.ਐੱਸ ਇੰਟਰਨੈਸ਼ਨਲ ਸਕੂਲ ਵਿਖੇ ਅਕਾਦਮਿਕ ਸੈਸ਼ਨ 2026-27 ਲਈ ਵਿਦਿਆਰਥੀ ਕੌਂਸਲ ਦੀ ਚੋਣ ਕਰਨ ਹਿੱਤ ਤਾਜਪੋਸ਼ੀ ਸਮਾਗਮ ਬੜੇ ਉਤਸ਼ਾਹ ਅਤੇ ਮਰਿਆਦਾ ਨਾਲ ਕਰਵਾਈ ਗਈ। ਸਮਾਗਮ ਦਾ ਆਗਾਜ਼ ਲੀਡਰਸ਼ਿਪ, ਸੇਵਾ ਅਤੇ ਜ਼ਿੰਮੇਵਾਰੀ ਦੇ ਪ੍ਰੇਰਨਾਦਾਇਕ ਸ਼ਬਦਾਂ ਨਾਲ ਹੋਇਆ, ਜਿਸ ਨੇ ਮਾਹੌਲ ਨੂੰ ਸੰਜੀਦਗੀ ਅਤੇ ਜੋਸ਼ ਨਾਲ ਭਰ ਦਿੱਤਾ।ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਕਾਬਲੀਅਤਾਂ ਅਨੁਸਾਰ ਅਹੁਦੇ ਸੌਂਪੇ ਗਏ। ਦਸਵੀਂ ਜਮਾਤ ਦੇ ਕਰਨਵੀਰ ਸਿੰਘ ਨੂੰ 'ਹੈੱਡ ਬੁਆਏ' ਅਤੇ ਅਮਨਪ੍ਰੀਤ ਕੌਰ ਨੂੰ 'ਹੈੱਡ ਗਰਲ' ਵਜੋਂ ਚੁਣਿਆ ਗਿਆ। ਖੇਡਾਂ ਦੇ ਖੇਤਰ ਵਿੱਚ ਅਗਵਾਈ ਲਈ ਸੁਖਬੀਰ ਸਿੰਘ ਨੂੰ 'ਸਪੋਰਟਸ ਕੈਪਟਨ ਬੁਆਏ' ਅਤੇ ਪ੍ਰਨੀਤ ਕੌਰ ਨੂੰ 'ਸਪੋਰਟਸ ਕੈਪਟਨ ਗਰਲ' ਦੇ ਖਿਤਾਬ ਨਾਲ ਨਿਵਾਜਿਆ ਗਿਆ। ਇਨ੍ਹਾਂ ਚੁਣੇ ਗਏ ਨੁਮਾਇੰਦਿਆਂ ਨੂੰ ਵਿਸ਼ੇਸ਼ ਸੈਸ਼ੇ ਅਤੇ ਬੈਜ ਭੇਟ ਕਰਕੇ ਉਨ੍ਹਾਂ ਦੀਆਂ ਨਵੀਆਂ ਭੂਮਿਕਾਵਾਂ ਦਾ ਰਸਮੀ ਆਗਾਜ਼ ਕੀਤਾ ਗਿਆ।ਸਕੂਲ ਦੇ ਵੱਖ-ਵੱਖ ਹਾਊਸਾਂ ਦੇ ਅਨੁਸ਼ਾਸਨ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਕਪਤਾਨਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਤੋਂ ਪ੍ਰਿੰਸਪ੍ਰੀਤ ਸਿੰਘ, ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਤੋਂ ਨਿਆਮਤ ਕੌਰ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਤੋਂ ਹਰਜੋਤ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਹਾਊਸ ਤੋਂ ਸੁਮਨਪ੍ਰੀਤ ਕੌਰ ਨੂੰ ਕਪਤਾਨ ਵਜੋਂ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਵੱਖ-ਵੱਖ ਹਾਊਸਾਂ ਦੇ ਵਾਈਸ ਕੈਪਟਨ ਅਤੇ ਪ੍ਰੀਫੈਕਟ ਵੀ ਚੁਣੇ ਗਏ। ਆਪਣੇ ਅਹੁਦੇ ਸੰਭਾਲਦਿਆਂ ਸਮੂਹ ਨਿਯੁਕਤ ਵਿਦਿਆਰਥੀਆਂ ਵੱਲੋਂ ਸਕੂਲ ਦੀਆਂ ਕਦਰਾਂ-ਕੀਮਤਾਂ, ਅਨੁਸ਼ਾਸਨ ਅਤੇ ਅਕਾਦਮਿਕ ਮਰਿਆਦਾਵਾਂ ਨੂੰ ਤਨਦੇਹੀ ਨਾਲ ਬਣਾਈ ਰੱਖਣ ਲਈ ਸਹੁੰ ਚੁੱਕੀ ਗਈ। ਵਿਦਿਆਰਥੀਆਂ ਦੇ ਚਿਹਰਿਆਂ 'ਤੇ ਆਪਣੀ ਨਵੀਂ ਜ਼ਿੰਮੇਵਾਰੀ ਪ੍ਰਤੀ ਮਾਣ ਅਤੇ ਦ੍ਰਿੜਤਾ ਸਾਫ਼ ਝਲਕ ਰਹੀ ਸੀ।ਪ੍ਰਬੰਧਕਾਂ ਵਲੋਂ ਹੌਸਲਾ-ਅਫਜ਼ਾਈ: ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਅਕਾਦਮਿਕ ਡਾਇਰੈਕਟਰ ਸ੍ਰੀਮਤੀ ਇੰਦਰਜੀਤ ਕੌਰ ਨੇ ਜੇਤੂ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਨੂੰ ਆਤਮ-ਵਿਸ਼ਵਾਸੀ ਅਤੇ ਦੂਰਦਰਸ਼ੀ ਆਗੂ ਬਣਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਸ੍ਰੀਮਤੀ ਮਨਜੋਤ ਕੌਰ ਨੇ ਸਮੂਹ ਅਹੁਦੇਦਾਰਾਂ ਨੂੰ ਆਪਸੀ ਤਾਲਮੇਲ ਅਤੇ ਟੀਮ ਵਰਕ ਨਾਲ ਕੰਮ ਕਰਨ ਦੀ ਮਹੱਤਤਾ ਸਮਝਾਈ। ਸਕੂਲ ਦੇ ਚੇਅਰਮੈਨ ਮਹਿੰਦਰ ਸਿੰਘ ਭੋਲਾ ਜੀ ਨੇ ਬੱਚਿਆਂ ਦੀ ਹੌਸਲਾ ਅਫਜਾਈ ਕਰਦੇ ਹੋਏ ਚੜ੍ਹਦੀਕਲਾ ਲਈ ਅਸ਼ੀਰਵਾਦ ਦਿੱਤਾ। ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਦੇ ਉਚਾਰਨ ਨਾਲ ਹੋਈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਦਫਤਰ ਵਿਖੇ ਚੇਅਰਮੈਨ ਘੁੱਲੀ ਨੇ ਸੁਣੀਆਂ ਮੁਸਕਲਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਧੂਰੀ ਦਫਤਰ ਵਿਖੇ ਦਫਤਰ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਵੱਲੋਂ ਧੂਰੀ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਗਿਆ। ਇਸ ਮੌਕੇ ਦਫ਼ਤਰ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਧੂਰੀ ਹਲਕੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵੱਲੋਂ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈ ਕੇ ਉਨ੍ਹਾਂ ਨੂੰ ਜਲਦੀ ਪੂਰਾ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਪਿਛਲੇ ਦਿਨੀ ਮੁੱਖ ਮੰਤਰੀ ਰਾਹਤ ਵੰਡ ਵਿਚੋਂ 80 ਲੱਖ ਦੇ ਕਰੀਬ ਕੱਚੇ ਘਰਾਂ ਨੂੰ ਪੱਕੇ ਬਣਾਉਣ ਲਈ ਹਲਕੇ ਦੇ ਲੋਕਾਂ ਨੂੰ ਚੈੱਕ ਵੰਡੇ ਗਏ ਹਨ ਜਿਨ੍ਹਾਂ ਦੇ ਰਹਿ ਗਏ ਉਹ ਆਪਣੀ ਅਰਜੀਆ ਮੁੱਖ ਮੰਤਰੀ ਦਫ਼ਤਰ ਵਿੱਚ ਦੇ ਕੇ ਆਪਣੀਆ ਮੁਸ਼ਕਲਾਂ ਦਾ ਹੱਲ ਕਰਵਾ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਫਤਿਹਗੜ੍ਹ ਛੰਨਾ ਵਿਖੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਆਧੁਨਿਕ ਲਾਇਬਰੇਰੀ ਦਾ ਨੀਂਹ ਪੱਥਰ ਰੱਖਿਆ



**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )** -ਹਲਕਾ ਸੰਗਰੂਰ ਦੀ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਫਤਿਹਗੜ੍ਹ ਛੰਨਾ ਵਿੱਚ ਲਗਭਗ 25 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਜਾਣ ਵਾਲੀ ਆਧੁਨਿਕ ਲਾਇਬਰੇਰੀ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਵਿਧਾਇਕ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਪਿੰਡ ਦੇ ਵਿਕਾਸ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਅਤੇ ਪਿੰਡ ਪੱਧਰ 'ਤੇ ਆਧੁਨਿਕ ਸਹੂਲਤਾਂ ਉਪਲਬਧ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਲਾਇਬਰੇਰੀ ਪਿੰਡ ਦੇ ਵਿਦਿਆਰਥੀਆਂ, ਨੌਜਵਾਨਾਂ ਅਤੇ ਮੁਕਾਬਲੇ ਦੀਆਂ ਪਰੀਖਿਆਵਾਂ ਦੀ ਤਿਆਰੀ ਕਰਨ ਵਾਲਿਆਂ ਲਈ ਇੱਕ ਮਹੱਤਵਪੂਰਨ ਕੇਂਦਰ ਸਾਬਤ ਹੋਵੇਗੀ। ਉਨ੍ਹਾਂ ਨੇ ਦੱਸਿਆ ਕਿ ਲਾਇਬਰੇਰੀ ਵਿੱਚ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਕਿਤਾਬਾਂ, ਅਖ਼ਬਾਰਾਂ ਅਤੇ ਰਸਾਲਿਆਂ ਦੇ ਨਾਲ-ਨਾਲ ਡਿਜੀਟਲ ਪੜ੍ਹਾਈ ਲਈ ਵੀ ਸੁਵਿਧਾਵਾਂ ਉਪਲਬਧ ਕਰਵਾਈਆਂ ਜਾਣਗੀਆਂ। ਇਸ ਦੇ ਨਾਲ ਹੀ ਵਿਦਿਆਰਥੀਆਂ ਲਈ ਸ਼ਾਂਤ ਅਤੇ ਸੁਖਦ ਪੜ੍ਹਾਈ ਦਾ ਮਾਹੌਲ ਤਿਆਰ ਕੀਤਾ ਜਾਵੇਗਾ ਤਾਂ ਜੋ ਉਹ ਆਪਣੇ ਟੀਚਿਆਂ ਨੂੰ ਹਾਸਲ ਕਰ ਸਕਣ। ਵਿਧਾਇਕ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਯੋਜਨਾਵਾਂ ਨਾਲ ਪਿੰਡਾਂ ਦੇ ਨੌਜਵਾਨ ਆਪਣੇ ਪਿੰਡ ਵਿੱਚ ਹੀ ਵਧੀਆ ਸਹੂਲਤਾਂ ਦਾ ਲਾਭ ਲੈ ਸਕਣਗੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜ ਨੌਜਵਾਨਾਂ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ। ਇਸ ਮੌਕੇ ਉਨ੍ਹਾਂ ਨੇ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਲਾਇਬਰੇਰੀ ਦੇ ਨਿਰਮਾਣ ਦੇ ਕੰਮ ਨੂੰ ਨਿਰਧਾਰਿਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕੀਤਾ ਜਾਵੇ, ਤਾਂ ਜੋ ਪਿੰਡ ਵਾਸੀਆਂ ਨੂੰ ਜਲਦੀ ਤੋਂ ਜਲਦੀ ਇਸ ਦਾ ਲਾਭ ਮਿਲ ਸਕੇ। ਇਸ ਸਮਾਗਮ ਦੌਰਾਨ ਪਿੰਡ ਦੇ ਮੋਹਤਵਾਰ, ਪੰਚਾਇਤ ਮੈਂਬਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਨਦੀਪ ਸਿੰਘ ਸਿੱਧੂ ਅੱਜ ਕਾਤਰੋਂ ਵਿਖੇ ਵੱਡੇ ਇਕੱਠ ਨੂੰ ਸੰਬੋਧਨ ਕਰਨਗੇ : ਭਾਈ ਜਗਰਾਜ ਸਿੰਘ ਕਾਤਰੋਂ

**ਧੂਰੀ ( ਰਣਜੀਤ ਸਿੰਘ ਪੇਧਨੀ )**-ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਕਾਨਗੜ ਦੀ ਅਗਵਾਈ ਦੇ ਹੇਠ ਅਤੇ ਜਥੇਦਾਰ ਜਗਰਾਜ ਸਿੰਘ ਕਾਤਰੋਂ ਅਰਬਾਂ ਖਰਬਾਂ ਦੀ ਪ੍ਰਧਾਨਗੀ ਹੇਠ ਇੱਕ ਵਿਸ਼ਾਲ ਮੀਟਿੰਗ ਕਾਤਰੋਂ ਅਨਾਜ ਮੰਡੀ ਵਿਖੇ ਕੀਤੀ ਜਾ ਰਹੀ ਹੈ। ਜਿਸ ਵਿੱਚ ਵਾਰਿਸ਼ ਪੰਜਾਬ ਜਥੇਬੰਦੀ ਦੇ ਜਨਰਲ ਸਕੱਤਰ ਕੌਮੀ ਸ਼ਹੀਦ ਦੀਪ ਸਿੱਧੂ ਦੇ ਭਰਾ ਭਾਈ ਮਨਦੀਪ ਸਿੰਘ ਸਿੱਧੂ ਸੰਗਤਾਂ ਦੇ ਦਰਸ਼ਨ ਕਰਨ ਲਈ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਜਗਰਾਜ ਸਿੰਘ ਕਾਤਰੋਂ ਨੇ ਧੂਰੀ ਹਲਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਭਾਈ ਮਨਦੀਪ ਸਿੰਘ ਸਿੱਧੂ ਦੇ ਵਿਚਾਰ ਸੁਣਨ ਦੇ ਲਈ ਵੀ ਅੱਜ ਠੀਕ ਸਹੀ 10:30 ਵਜੇ ਕਾਤਰੋਂ ਦੀ ਅਨਾਜ ਮੰਡੀ ਵਿਖੇ ਪਹੁੰਚ ਕੇ ਆਏ ਹੋਏ ਬੁਲਾਰਿਆਂ ਦੇ ਵਿਚਾਰ ਸਰਵਣ ਕਰੋ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚੱਲਦਾ ਕਰਨ ਦੇ ਲਈ ਵਾਰਿਸ ਪੰਜਾਬ ਜਥੇਬੰਦੀ ਦੇ ਨਾਲ ਜੁੜ ਕੇ ਪੰਜਾਬ ਦੀ ਕਿਸਾਨੀ, ਜਵਾਨੀ, ਆੜਤੀਆਂ, ਵਪਾਰੀਆਂ, ਮਜ਼ਦੂਰਾਂ ਦੀ ਗੱਲ ਕਰਨ ਦੇ ਲਈ ਵੱਧ ਤੋਂ ਵੱਧ ਵਾਰਿਸ਼ ਪੰਜਾਬ ਜਥੇਬੰਦੀ ਦੇ ਮੈਂਬਰ ਬਣੋ।



### ਰਵਿਦਾਸੀਆਂ ਭਾਈਚਾਰੇ ਵੱਲੋਂ ਆਪਣੀਆਂ ਮੰਗਾਂ ਸੰਬੰਧੀ

# ਮੁੱਖ ਮੰਤਰੀ ਦਫ਼ਤਰ ’ਚ ਮੰਗ ਪੱਤਰ ਦਿੱਤਾ



**ਧੂਰੀ ( ਰਣਜੀਤ ਸਿੰਘ ਪੇਧਨੀ )** -ਸਤਿਗੁਰ ਰਵਿਦਾਸ, ਸ਼ਹੀਦ ਬਾਬਾ ਜੀਵਨ ਸਿੰਘ ਕਲੱਬ ਅਤੇ ਸਮੂਹ ਸੰਗਤ ਪਿੰਡ ਬੇਨੜਾ ਦਾ ਇਕ ਵਫ਼ਦ ਕਾਫਲੇ ਦੇ ਰੂਪ ਵਿੱਚ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਮਾਨ ਦਫ਼ਤਰ ਪਹੁੰਚਿਆ। ਉਨ੍ਹਾਂ ਨੇ ਮੁੱਖ ਮੰਤਰੀ ਦੇ ਨਾ ਤੇ ਆਪਣੀਆਂ ਮੰਗਾਂ ਸੰਬੰਧੀ ਇਕ ਮੰਗ ਪੱਤਰ ਡਾ. ਅਨਵਰ ਮੈਂਬਰ ਵਕਫ਼ ਬੋਰਡ ਅਤੇ ਸ੍ਰ.ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਨੂੰ ਦਿੱਤਾ । ਇਸ ਮੌਕੇ ਆਗੂਆਂ ਨੇ ਪਿੰਡ ਬੇਨੜਾ ਦੀ ਗ੍ਰਾਮ ਸਭਾ ਦੀਆਂ ਬੁਨਿਆਦੀ ਮੰਗਾਂ ਸਬੰਧੀ ਮੁੱਖ ਮੰਤਰੀ ਪੰਜਾਬ ਦੇ ਨਾਮ ਇੱਕ ਵਿਸਥਾਰਪੂਰਵਕ ਬੇਨਤੀ ਪੱਤਰ ਸੌਂਪਿਆ। ਇਸ ਵਿੱਚ ਖਸਰਾ ਨੰਬਰ 527 ਸ਼ਾਮਲਾਤ ਜ਼ਮੀਨ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 1 ਦੀ ਨਵੀਂ ਇਮਾਰਤ, ਡਾ. ਭੀਮ ਰਾਓ ਅੰਬੇਡਕਰ ਭਵਨ, ਪਾਰਕ ਦੀ ਉਸਾਰੀ, ਚਾਰਦੀਵਾਰੀ ਅਤੇ ਲੋੜੀਂਦੀਆਂ ਗ੍ਰਾਂਟਾਂ ਜਾਰੀ ਕਰਨ ਦੀ ਮੰਗ ਕੀਤੀ ਗਈ। ਵਫ਼ਦ ਨੂੰ ਭਰੋਸਾ ਦਿੱਤਾ ਗਿਆ ਕਿ ਪਿੰਡ ਬੇਨੜਾ ਦੀਆਂ ਜਾਇਜ਼ ਮੰਗਾਂ ਪ੍ਰਤੀ ਪੰਜਾਬ ਸਰਕਾਰ ਗੰਭੀਰ ਹੈ ਅਤੇ ਜਲਦ ਹੀ ਗ੍ਰਾਂਟਾਂ ਜਾਰੀ ਕਰਕੇ ਵਿਕਾਸ ਕਾਰਜ ਸ਼ੁਰੂ ਕੀਤੇ ਜਾਣਗੇ। ਖ਼ਾਸ ਤੌਰ ‘ਤੇ ਖਸਰਾ ਨੰਬਰ 527 ਸ਼ਾਮਲਾਤ ਜ਼ਮੀਨ ਦੀ ਸਰਕਾਰੀ ਨਿਸ਼ਾਨਦੇਹੀ ਅਨੁਸਾਰ ਪਹਿਲ ਦੇ ਆਧਾਰ ‘ਤੇ ਚਾਰਦੀਵਾਰੀ ਕਰਨ ਦਾ ਵੀ ਭਰੋਸਾ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਸੰਗਤ ਦੇ ਆਗੂਆਂ ਨੇ ਕਿਹਾ ਕਿ ਪਿੰਡ ਦੇ ਗਰੀਬ ਸਿੱਖਾਂ, ਮਜ਼ਦੂਰਾਂ ਅਤੇ ਬੱਚਿਆਂ ਦੇ ਹੱਕਾਂ ਲਈ ਸੰਘਰਸ਼ ਲਗਾਤਾਰ ਜਾਰੀ ਰਹੇਗਾ ਅਤੇ ਜਦ ਤੱਕ ਮੰਗਾਂ ਨੂੰ ਜਮੀਨੀ ਪੱਧਰ ‘ਤੇ ਲਾਗੂ ਨਹੀਂ ਕੀਤਾ ਜਾਂਦਾ, ਉਦੋਂ ਤੱਕ ਲੋਕ ਇਕਜੁੱਟ ਰਹਿਣਗੇ।ਇਸ ਮੌਕੇ ਸੇਵਾ ਮੁਕਤ ਲੈਕਚਰਾਰ ਰਾਮ ਸਿੰਘ, ਸਕੱਤਰ ਸਾਬਕਾ ਬਲਾਕ ਸੰਮਤੀ ਮੈਂਬਰ ਦਰਬਾਰ ਸਿੰਘ, ਸਹਾਇਕ ਸਕੱਤਰ ਮਿਸਤਰੀ ਰਾਮ ਸਿੰਘ, ਖਜ਼ਾਨਚੀ ਸਾਬਕਾ ਫੌਜੀ ਗੁਰਦੀਪ ਸਿੰਘ, ਮਿਸਤਰੀ ਜਗਤਾਰ ਸਿੰਘ ਤਾਰੀ, ਅਮਰਜੀਤ ਸਿੰਘ, ਗਿੰਦਰ ਸਿੰਘ, ਪ੍ਰੈੱਸ ਸਕੱਤਰ ਲਖਵਿੰਦਰ ਸਿੰਘ, ਸੰਦੀਪ ਸਿੰਘ, ਮੀਤ ਪ੍ਰਧਾਨ ਹਰਦੀਪ ਸਿੰਘ ਬੇਨੜਾ, ਸਾਬਕਾ ਸਰਪੰਚ ਹਰਜਿੰਦਰ ਸਿੰਘ, ਬਹਾਲ ਸਿੰਘ ਬੇਨੜਾ, ਔਰਤ ਵਿੰਗ ਪ੍ਰਧਾਨ ਪਰਮਜੀਤ ਕੌਰ , ਸਕੱਤਰ ਕਿਰਨਦੀਪ ਕੌਰ ਹਾਜ਼ਰ ਸਨ।

### “ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਨੂੰ ਸੰਗਰੂਰ ਹਲਕੇ ’ਚ ਲੋਕ ਅੰਦੋਲਨ ਬਣਾਉਣ ਵੱਲ ਵੱਡਾ ਕਦਮ

# ਨਰਿੰਦਰ ਕੌਰ ਭਰਾਜ ਨੇ ਤਿੰਨ ਜਾਗਰੂਕਤਾ ਈ-ਰਿਕਸ਼ਾ ਨੂੰ ਦਿੱਤੀ ਹਰੀ ਝੰਡੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ “ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਸੰਗਰੂਰ ਵਿੱਚ ਈ-ਰਿਕਸ਼ਾ ਆਧਾਰਿਤ ਵਿਸ਼ਾਲ ਜਾਗਰੂਕਤਾ ਅਭਿਆਨ ਦੀ ਸ਼ੁਰੂਆਤ ਇੱਥੇ ਪੀ.ਡਬਲਿਊ.ਡੀ. ਰੈਸਟ ਹਾਊਸ ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਵੱਲੋਂ ਹਰੀ ਝੰਡੀ ਦੇ ਕੇ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਸੰਗਰੂਰ ਸਤੀਸ਼ ਚੰਦਰ, ਡੀ.ਐਸ.ਪੀ ਸੁਖਦੇਵ ਸਿੰਘ, ਵੀ ਮੌਜੂਦ ਸਨ। ਵਿਧਾਇਕ ਸ਼੍ਰੀਮਤੀ ਭਰਾਜ ਨੇ ਦੱਸਿਆ ਕਿ ਹਲਕਾ ਸੰਗਰੂਰ ਦੇ ਵੱਖ ਵੱਖ ਪਿੰਡਾਂ ਅਤੇ ਸੰਗਰੂਰ ਅਤੇ ਭਵਾਨੀਗੜ੍ਹ ਦੇ ਸ਼ਹਿਰੀ ਖੇਤਰਾਂ ਵਿੱਚ 03 ਨਸ਼ਾ ਵਿਰੋਧੀ ਈ-ਰਿਕਸ਼ਾ ਲਗਾਤਾਰ ਇੱਕ ਮਹੀਨੇ ਤੱਕ ਚਲਾਏ ਜਾਣਗੇ। ਇਹ ਈ-ਰਿਕਸ਼ਾ ਸਾਊਂਡ ਸਿਸਟਮ ਅਤੇ ਨਸ਼ਾ ਵਿਰੋਧੀ ਸੰਦੇਸ਼ਾਂ ਨਾਲ ਲੈਸ ਹੋਣਗੇ, ਜੋ ਪਿੰਡ-ਪਿੰਡ ਅਤੇ ਗਲੀ-ਗਲੀ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਖ਼ਤਰਨਾਕ ਪ੍ਰਭਾਵਾਂ ਬਾਰੇ ਜਾਗਰੂਕ ਕਰਨਗੇ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਦੀ ਜ਼ਿੰਦਗੀ ਨਹੀਂ ਬਰਬਾਦ ਕਰਦਾ, ਸਗੋਂ ਪਰਿਵਾਰਾਂ ਦੀਆਂ ਖੁਸ਼ੀਆਂ, ਮਾਪਿਆਂ ਦੇ ਸੁਪਨੇ ਅਤੇ ਨੌਜਵਾਨਾਂ ਦਾ ਭਵਿੱਖ ਵੀ ਤਬਾਹ ਕਰ ਦਿੰਦਾ ਹੈ। ਇਸ ਲਈ ਸਮਾਜ ਦੇ ਹਰ ਵਰਗ ਨੂੰ ਇਸ ਲੜਾਈ ਵਿੱਚ ਅੱਗੇ ਆਉਣਾ ਹੋਵੇਗਾ। ਸ਼੍ਰੀਮਤੀ ਭਰਾਜ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਈ-ਰਿਕਸ਼ਾ ’ਤੇ ਵਿਸ਼ੇਸ਼ ਸ਼ਿਕਾਇਤ ਬਾਕਸ ਵੀ ਲਗਾਏ ਗਏ ਹਨ ਤਾਂ ਜੋ ਕੋਈ ਵੀ ਵਿਅਕਤੀ ਬਿਨਾਂ ਡਰ ਜਾਂ ਝਿਜਕ ਦੇ ਨਸ਼ਾ ਵੇਚਣ ਵਾਲਿਆਂ ਜਾਂ ਉਨ੍ਹਾਂ ਦੀ ਮਦਦ ਕਰਨ ਵਾਲਿਆਂ ਬਾਰੇ ਜਾਣਕਾਰੀ ਦੇ ਸਕੇ। ਉਨ੍ਹਾਂ ਭਰੋਸਾ ਦਿਵਾਇਆ ਕਿ ਹਰ ਜਾਣਕਾਰੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਇਹ ਜੰਗ ਇਕੱਲੀ ਸਰਕਾਰ ਜਾਂ ਪੁਲਿਸ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਲੜਾਈ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ, ਤੰਦਰੁਸਤ ਅਤੇ ਸੁਰੱਖਿਅਤ ਪੰਜਾਬ ਦੀ ਸਿਰਜਣਾ ਲਈ ਸਰਕਾਰ ਅਤੇ ਪ੍ਰਸ਼ਾਸਨ ਦਾ ਪੂਰਾ ਸਾਥ ਦੇਣ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਗੁਰਦੁਆਰਾ ਕਮੇਟੀ ਨੂੰ ਆਰਥਿਕ ਤੌਰ ’ਤੇ ਕਮਜ਼ੋਰ ਸਿੱਖਾਂ ਲਈ ਕਾਰਡਾਂ ਦੀ ਸਿਫਾਰਸ਼ ਦਾ ਅਧਿਕਾਰ ਦੇਣ ਦੀ ਮੰਗ: ਜਸਵਿੰਦਰ ਸਿੰਘ ਜੌਲੀ



ਨਵੀਂ ਦਿੱਲੀ, 8 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਘੱਟ ਗਿਣਤੀ ਸੈਲ ਦੇ ਚੇਅਰਮੈਨ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਦਿੱਲੀ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਦਿੱਲੀ ਗੁਰਦੁਆਰਾ ਕਮੇਟੀ ਨੂੰ ਸਿੱਖ ਸੰਗਤ ਨੂੰ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਕਾਰਡ ਜਾਰੀ ਕਰਨ ਵਾਸਤੇ ਸਿਫਾਰਸ਼ ਕਰਨ ਦਾ ਅਧਿਕਾਰ ਦਿੱਤਾ ਜਾਵੇ। ਉਪ ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ, ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਅਤੇ ਸਰਦਾਰ ਮਨਜਿੰਦਰ ਸਿੰਘ ਸਿਰਸਾ ਸਮੇਤ ਦਿੱਲੀ ਦੇ ਮੰਤਰੀਆਂ ਨੂੰ ਲਿਖੇ ਪੱਤਰ ਵਿਚ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੂੰ ਸਿੱਖ ਸੰਗਤ ਨੂੰ ਆਰਥਿਕ ਤੌਰ ’ਤੇ ਕਮਜ਼ੋਰ ਵਰਗ (ਈ ਡਬਲਿਊ ਐਸ) ਸਰਟੀਫਿਕੇਟ/ਕਾਰਡ ਜਾਰੀ ਕਰਨ ਵਾਸਤੇ ਸਿਫਾਰਸ਼ ਕਰਨ ਦਾ ਅਧਿਕਾਰ ਦਿੱਤਾ ਜਾਵੇ। ਉਹਨਾਂ ਕਿਹਾ ਕਿ ਸਿੱਖ ਕੌਮ ਤੋਂ ਵੱਡੀ ਗਿਣਤੀ ਵਿਚ ਬਿਨੈਕਾਰਾਂ ਨੇ ਦਿੱਲੀ ਗੁਰਦੁਆਰਾ ਕਮੇਟੀ ਕੋਲ ਪਹੁੰਚ ਕਰ ਕੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਲਈ ਸਰਟੀਫਿਕੇਟ/ਕਾਰਡ ਹਾਸਲ ਕਰਨ ਵਿਚ ਸਹਾਇਤਾ ਦੀ ਮੰਗ ਕੀਤੀ ਹੈ ਤਾਂ ਜੋ ਉਹ ਵੱਖ-ਵੱਖ ਸਰਕਾਰੀ ਸਕੀਮਾਂ, ਵਿਦਿਅਕ ਅਦਾਰਿਆਂ ਵਿਚ ਦਾਖਲਿਆਂ ਤੇ ਭਲਾਈ ਸਕੀਮਾਂ ਦਾ ਲਾਭ ਲੈ ਸਕਣ। ਉਹਨਾਂ ਕਿਹਾ ਕਿ ਇਸ ਵੇਲੇ ਈ ਡਬਲਿਊ ਐਸ ਸਰਟੀਫਿਕੇਟ ਦਿੱਲੀ ਸਰਕਾਰ ਵੱਲੋਂ ਈ ਡਿਸਟ੍ਰਿਕ ਪੋਰਟਲ ਰਾਹੀਂ ਜਾਰੀ ਕੀਤੇ ਜਾਂਦੇ ਹਨ ਜਿਸ ਵਾਸਤੇ ਬਹੁ ਸਾਰੀਆਂ ਰਸਮੀ ਕਾਰਵਾਈਆਂ ਪੂਰੀਆਂ ਕਰਨੀਆਂ ਪੈਂਦੀਆਂ ਹਨ ਤੇ ਬਹੁਤ ਸਾਰੇ ਦਸਤਾਵੇਜ਼ ਜਿਵੇਂ ਕਿ ਸ਼ਨਾਖ਼ਤੀ ਕਾਰਡ, ਰਿਹਾਇਸ਼ ਦਾ ਸਬੂਤ, ਵਿਦਿਅਕ ਦਸਤਾਵੇਜ਼, ਘਰ ਦੇ ਕਾਗਜ਼, ਖੇਤੀਬਾੜੀ ਜ਼ਮੀਨ ਦੇ ਵੇਰਵੇ, ਇਨਕਮ ਟੈਕਸ ਰਿਟਰਨਾਂ, ਬੈਂਕ ਪਾਸਬੁੱਕ/ਬੈਂਕ ਸਟੇਟਮੈਂਟ ਤੇ ਹੋਰ ਦਸਤਾਵੇਜ਼ ਦੇਣ ਲਈ ਆਖਿਆ ਜਾਂਦਾ ਹੈ। ਉਹਨਾਂ ਕਿਹਾ ਕਿ ਇੰਨੇ ਸਾਰੇ ਦਸਤਾਵੇਜ਼ਾਂ ਤੇ ਰਸਮੀ ਪ੍ਰਕਿਰਿਆ ਕਾਰਨ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਅਨੇਕਾਂ ਬਿਨੈਕਾਰ ਪ੍ਰਕਿਰਿਆ ਪੂਰੀ ਕਰਨ ਵਿਚ ਮੁਸ਼ਕਿਲਾਂ ਦਾ ਸਾਹਮਣਾ ਕਰਦੇ ਹਨ। ਉਹਨਾਂ ਕਿਹਾ ਕਿ ਜਾਗਰੂਕਤਾ ਦੀ ਘਾਟ ਅਤੇ ਤਕਨੀਕੀ ਚੁਣੌਤੀਆਂ ਇਹ ਈ ਡਬਲਿਊ ਐਸ ਸਰਟੀਫਿਕੇਟ ਹਾਸਲ ਕਰਨ ਵਿਚ ਹੋਰ ਵੀ ਮੁਸ਼ਕਿਲਾਂ ਖੜ੍ਹੀਆਂ ਕਰਦੀਆਂ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਕਿਉਂਕਿ ਸਿੱਖ ਕੌਮ ਦਾ ਇਕ ਨੁਮਾਇੰਦਾ ਅਦਾਰਾ ਹੈ ਅਤੇ ਕਾਨੂੰਨੀ ਤੌਰ ’ਤੇ ਮਾਨਤਾ ਪ੍ਰਾਪਤ ਹੈ ਤੇ ਸਮਾਜਿਕ ਭਲਾਈ ਕਾਰਜਾਂ ਤੇ ਲੋਕਾਂ ਦੀ ਸੇਵਾ ਵਾਸਤੇ ਸਰਗਰਮੀ ਨਾਲ ਕੰਮ ਕਰਦਾ ਅਦਾਰਾ ਹੈ। ਉਹਨਾਂ ਕਿਹਾ ਕਿ ਜੇਕਰ ਦਿੱਲੀ ਗੁਰਦੁਆਰਾ ਕਮੇਟੀ ਨੂੰ ਇਹ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਸਰਟੀਫਿਕੇਟ/ਕਾਰਡ ਬਣਾਉਣ ਲਈ ਸਿਫਾਰਸ਼ ਕਰਨ ਦਾ ਅਧਿਕਾਰ ਮਿਲਦਾ ਹੈ ਤਾਂ ਇਸ ਨਾਲ ਸੰਗਤ ਤੋਂ ਯੋਗ ਬਿਨੈਕਾਰਾਂ ਦੀ ਮਦਦ ਕਰਨ ਵਿਚ ਲਾਭ ਮਿਲੇਗਾ, ਰਸਮੀ ਪ੍ਰਕਿਰਿਆ ਦੀਆਂ ਉਣਤਾਈਆਂ ਤੋਂ ਬਚਾਅ ਹੋ ਸਕੇਗਾ, ਲੋਕਾਂ ਵਾਸਤੇ ਪਹੁੰਚ ਸੌਖੀ ਹੋਵੇਗੀ ਤੇ ਜਾਗਰੂਕਤਾ ਆਵੇਗੀ, ਸਮੇਂ ਸਿਰ ਈ ਡਬਲਿਊ ਕਾਰਡ ਜਾਰੀ ਹੋ ਸਕਣਗੇ ਅਤੇ ਸਰਕਾਰੀ ਭਲਾਈ ਸਕੀਮਾਂ ਲਾਗੂ ਕਰਨ ਨੂੰ ਮਜ਼ਬੂਤੀ ਮਿਲੇਗੀ। ਉਹਨਾਂ ਬੇਨਤੀ ਕੀਤੀ ਕਿ ਦਿੱਲੀ ਸਰਕਾਰ ਦਿੱਲੀ ਗੁਰਦੁਆਰਾ ਕਮੇਟੀ ਨੂੰ ਨਵੀਂ ਦਿੱਲੀ, ਜਾਮਨਗਰ ਹਾਊਸ ਵਿਚ ਯੋਗ ਬਿਨੈਕਾਰਾਂ ਦੀ ਤਸਦੀਕ ਕਰ ਕੇ ਈ ਡਬਲਿਊ ਐਸ ਕਾਰਡ ਬਣਾਉਣ ਵਾਸਤੇ ਸਰਕਾਰੀ ਨਿਯਮਾਂ ਮੁਤਾਬਕ ਸਿਫਾਰਸ਼ ਕਰਨ ਦਾ ਅਧਿਕਾਰ ਦੇਵੇ। ਉਹਨਾਂ ਕਿਹਾ ਕਿ ਇਸ ਕਦਮ ਨਾਲ ਸਿੱਖ ਕੌਮ ਦੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਇਹ ਯਕੀਨੀ ਬਣਾਇਆ ਜਾ ਸਕੇਗਾ ਕਿ ਅਸਲ ਤੇ ਯੋਗ ਬਿਨੈਕਾਰਾਂ ਦੀ ਸਮੇਂ ਸਿਰ ਮਦਦ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਸੋਨੀ ਬਾਂਗਰੂ ਹੋਏ ਬੀਜੇਪੀ ਵਿੱਚ ਸ਼ਾਮਿਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਪੰਜਾਬ ਦੇ ਲੋਕ ਆਪ ਮੁਹਾਰੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਕੇ ਬੀਜੇਪੀ ਪਰਿਵਾਰ ਦੇ ਵਿੱਚ ਵਾਧਾ ਕਰ ਰਹੇ ਹਨ। ਇਸੇ ਹੀ ਤਰ੍ਹਾਂ ਹਲਕਾ ਧੂਰੀ ਤੋਂ ਬੀਜੇਪੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ਜਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਦੀ ਹਾਜਰੀ ਵਿੱਚ ਧੂਰੀ ਦੇ ਉੱਘੇ ਸਮਾਜ ਸੇਵੀ ਸੋਨੀ ਬਾਂਗਰੂ ਆਪਣੇ ਸਾਥੀਆਂ ਸਮੇਤ ਬੀਜੇਪੀ ਵਿੱਚ ਸ਼ਾਮਿਲ ਹੋਏ । ਇਸ ਮੌਕੇ ਬੀਜੇਪੀ ਦੇ ਮੰਡਲ ਪ੍ਰਧਾਨ ਅਸੀਸ ਗਰਗ, ਬੀਜੇਪੀ ਦੇ ਸੀਨੀਅਰ ਆਗੂ ਪ੍ਰਦੀਪ ਗਰਗ, ਬੀਜੇਪੀ ਦੇ ਸਟੇਟ ਆਗੂ ਭੁਪੇਸ਼ ਜਿੰਦਲ, ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਭਿੰਦੀ, ਗੋਰਾ ਐਮਸੀ ਧੂਰੀ, ਰਵੀ ਗੋਇਲ ਹਾਜ਼ਰ ਸਨ।





ਜਨਮ ਦਿਨ ਮੁਬਾਰਕ

ਸਮਰਵੀਰ ਸਿੰਘ ਵਾਲੀਆ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼ੁਕਰਾਨਾ ਯਾਤਰਾ ਦੇ ਅਧੀਨ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ

# ਪੰਜਾਬ ਦੀ ਧਰਤੀ ਪਿਆਰ, ਭਾਈਚਾਰੇ ਅਤੇ ਇਨਸਾਨੀਅਤ ਦੀ ਧਰਤੀ- ਮੁੱਖ ਮੰਤਰੀ ਭਗਵੰਤ ਮਾਨ




**ਤਲਵੰਡੀ ਸਾਬੋ, 08 ਮਈ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਦੀ ਜਰਖੇਜ਼ ਧਰਤੀ 'ਤੇ ਨਫ਼ਰਤ ਦਾ ਬੀਜ ਨਾ ਕਦੇ ਉੱਗਿਆ ਹੈ ਅਤੇ ਨਾ ਹੀ ਕਦੇ ਉੱਗੇਗਾ। ਇਹ ਧਰਤੀ ਹਮੇਸ਼ਾਂ ਪਿਆਰ, ਭਾਈਚਾਰੇ ਅਤੇ ਇਨਸਾਨੀਅਤ ਦਾ ਸੰਦੇਸ਼ ਦੇਣ ਵਾਲੀ ਧਰਤੀ ਰਹੀ ਹੈ, ਜੋ ਪਿਆਰ ਦੇ ਬੀਜ ਨੂੰ ਦੁੱਗਣਾ ਕਰਕੇ ਵਾਪਸ ਮੋੜਦੀ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਅੱਜ ਆਪਣੀ "ਸ਼ੁਕਰਾਨਾ ਯਾਤਰਾ"

ਆਵਾਜ਼ਿ ਕੌਮ AWAZE QAUM International Newspaper & WEB TV





ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਨਤਮਸਤਕ ਹੋਣ ਤੋਂ ਬਾਅਦ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਤਖ਼ਤ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਪਰੰਤ ਹਲਕਾ ਵਿਧਾਇਕਾ, ਕੈਬਨਿਟ ਰੈਂਕ ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ ਅਤੇ ਸੰਗਤਾਂ ਵੱਲੋਂ ਮੁੱਖ ਮੰਤਰੀ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ ਅਤੇ ਫਕੀਰਾਂ ਦੀ ਧਰਤੀ ਹੈ, ਜਿਸ ਨੇ ਹਮੇਸ਼ਾ ਦੁਨੀਆ ਨੂੰ ਸ਼ਾਂਤੀ, ਸਾਂਝ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੁਝ ਤਾਕਤਾਂ ਲੋਕਾਂ ਵਿਚ ਨਫ਼ਰਤ ਫੈਲਾਉਣ ਦੀ ਕੋਸ਼ਿਸ਼ ਕਰਦੀਆਂ ਹਨ ਪਰ ਪੰਜਾਬ ਦੇ ਲੋਕ ਹਮੇਸ਼ਾਂ ਇਕਜੁੱਟ ਰਹੇ ਹਨ ਅਤੇ ਅੱਗੇ ਵੀ ਇਕੱਠੇ ਰਹਿਣਗੇ। ਉਨ੍ਹਾਂ ਆਪਣੀ ਸਰਕਾਰ ਦੇ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਸਿੱਖਿਆ, ਸਿਹਤ, ਬਿਜਲੀ, ਸੜਕਾਂ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਕੰਮ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ, ਆਮ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਇਆ ਗਿਆ ਹੈ। ਸ੍ਰ. ਮਾਨ ਨੇ ਕਿਹਾ ਕਿ ਕਿਸਾਨਾਂ ਲਈ ਨਹਿਰੀ ਪਾਣੀ ਦੀ ਸਹੂਲਤ ਵਿੱਚ ਸੁਧਾਰ ਕੀਤਾ ਗਿਆ ਹੈ ਅਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ ਅਤੇ ਪੰਜਾਬ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਇਲਾਕਾ ਵਾਸੀਆਂ ਨੇ ਹਾਜ਼ਰੀ ਭਰੀ ਅਤੇ ਮੁੱਖ ਮੰਤਰੀ ਦੀ ਸ਼ੁਕਰਾਨਾ ਯਾਤਰਾ ਦਾ ਭਰਪੂਰ ਸਵਾਗਤ ਕੀਤਾ।

### ਸੇਵਾ ਮੁੱਕਤ ਪਟਵਾਰੀਆਂ, ਕਾਨੂੰਗੋਆਂ, ਨਾਇਬ ਤਹਿਸੀਲਦਾਰਾਂ ਦੀਆਂ ਜਿਲ੍ਹਾ ਪੱਧਰ ਅਤੇ ਤਹਿਸੀਲਾਂ ਪੱਧਰ 'ਤੇ

# ਮੰਗਾਂ ਦਾ ਨਹੀਂ ਹੋ ਰਿਹਾ ਨਿਪਟਾਰਾ : ਬਾਜਵਾ, ਕੋਹਲੀ



**ਜੰਡਿਆਲਾ ਗੁਰੂ, 8 ਮਈ ( ਕੁਲਵੰਤ ਸਿੰਘ ਵਿਰਦੀ )**-ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਸ. ਲਖਵਿੰਦਰ ਸਿੰਘ ਕੋਹਾਲੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਪ੍ਰਧਾਨ ਸ. ਨਿਰਮਲਜੀਤ ਸਿੰਘ ਬਾਜਵਾ ਜੀ ਵਿਸ਼ੇਸ਼ ਤੌਰ ਤੇ ਪੁੱਜੇ ।ਮੀਟਿੰਗ ਵਿੱਚ ਕਾਫੀ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਬਾਰੇ ਚਿੰਤਾ ਜ਼ਾਹਰ ਕੀਤੀ ਗਈ। ਪਹਿਲਾਂ ਵੀ ਕਈ ਵਾਰ ਜਿਲ੍ਹਾ ਮਾਲ ਅਫਸਰ ਅਤੇ ਮਾਣਯੋਗ ਡਿਪਟੀ ਕਮਿਸ਼ਨਰ ਜੀ ਦੇ ਧਿਆਨ ਵਿੱਚ ਉੱਕਤ ਮੰਗਾਂ ਲਿਆਂਦੀਆਂ ਗਈਆਂ ਸਨ ਪਰ ਮੰਗਾਂ ਜਿਉ ਦੀਆਂ ਤਿਉਂ ਹੀ ਬਕਾਇਆ ਹਨ । ਕੁਲਵੰਤ ਡੇਹਰੀਵਾਲ ਨੇ ਪੱਤਰਕਾਰਾਂ ਨਾਲ਼ ਜਿਕਰ ਕਰਦਿਆਂ ਦੱਸਿਆ ਕਿ ਅਸੀਂ ਸੇਵਾ ਮੁੱਕਤ ਸਾਥੀਆਂ ਨੇ ਆਪਣੀ ਸਾਰੀ ਜੁਆਨੀ ਜਿਸ ਮਹਿਕਮੇ ਵਿੱਚ ਕੰਮ ਕਰਦਿਆਂ ਗੁਜ਼ਾਰ ਦਿੱਤੀ ਹੈ ਤੇ ਹੁਣ ਉਸੇ ਮਹਿਕਮੇ ਵਿੱਚ ਸਾਡਾ ਕੱਲਾ ਕੱਲਾ ਸਾਥੀ ਆਪਣੇ ਕੰਮਾਂ ਖਾਤਰ ਖੱਜਲ ਖ਼ੁਆਰ ਹੁੰਦਾ ਫਿਰੇ ਇਹ ਗੱਲ ਜੱਥੇਬੰਦੀ ਹਰਗਿੱਜ ਬਰਦਾਸ਼ਤ ਨਹੀਂ ਕਰੇਗੀ ।ਜੱਥੇਬੰਦੀ ਜਿਲ੍ਹਾ ਪ੍ਰਸ਼ਾਸ਼ਨ ਨੂੰ ਬੇਨਤੀ ਕਰਦੀ ਹੈ ਕਿ ਸਾਡੇ ਸੇਵਾ ਮੁੱਕਤ ਸਾਥੀਆਂ ਨੂੰ ਇਸ ਉੱਮਰ ਦੇ ਆਖਰੀ ਪੜਾਅ ਚ ਖੱਜਲ ਖ਼ੁਆਰ ਨਾ ਕਰੇ ।ਸਾਡੀਆਂ ਉੱਕਤ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਤਾਂ ਜਿਲ੍ਹਾ ਮਾਲ ਅਫ਼ਸਰ ਦਾ ਘਿਰਾਓ ਕੀਤਾ ਜਾਵੇਗਾ ਜਿਸ ਦੀ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ ।ਜੱਥੇਬੰਦੀ ਵੱਲੋਂ ਜਿਲ੍ਹਾ ਮਾਲ ਅਫਸਰ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ । ਇਸ ਮੀਟਿੰਗ ਵਿੱਚ ਮੇਜਰ ਸਿੰਘ ਭੋਮਾ , ਤਰਸੇਮ ਸਿੰਘ ਫੱਤੂਭੀਲਾ , ਸੁਖਵਿੰਦਰ ਸਿੰਘ ਸਾਬੀ , ਹਰਮਿੰਦਰ ਸਿੰਘ , ਪਲਵਿੰਦਰ ਸਿੰਘ , ਥੰਮਣ ਸਿੰਘ, ਹਰਦੇਵ ਸਿੰਘ ਭੋਮਾ, ਬਲਦੇਵ ਸਿੰਘ ਬੱਬਰ ,ਜਸਬੀਰ ਸਿੰਘ ਬੱਲ , ਰਵਿੰਦਰ ਕੁਮਾਰ ਰਵੀ ,ਰਜਿੰਦਰ ਕੁਮਾਰ , ਰਮੇਸ਼ ਪਾਲ ਸਿੰਘ, ਜਗਜੀਤ ਸਿੰਘ,ਸੁਸ਼ੀਲ ਹਾਂਡਾ, ਵਿਨੋਦ ਕੁਮਾਰ, ਜੋਗਿੰਦਰ ਪਾਂਡੇ , ਡਾਂ ਤਜਿੰਦਰ ਸਿੰਘ, ਹਰੀਸ਼ ਕੁਮਾਰ , ਹਰਭਜਨ ਸਿੰਘ , ਕੇਵਲ ਕ੍ਰਿਸ਼ਨ, ਆਦਿ ਨੇ ਸੰਬੋਧਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰਾਂ ਚਲਾ ਰਹੀਆਂ ਪਾਰਟੀਆਂ ਨੂੰ ਲੋਕਤੰਤਰ ਦਾ ਮਜਾਕ ਉਡਾਉਣਾ ਬੰਦ ਕਰਨਾ ਚਾਹੀਦੈ - ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੋਸ਼ ਲਾਉਂਦਿਆ ਕਿਹਾ ਕਿ ਪੰਜਾਬ ਅਤੇ ਕੇਂਦਰ ਵਿੱਚ ਰਾਜ ਕਰ ਰਹੀਆਂ ਸਰਕਾਰਾਂ ਆਪਣੀਆਂ ਬਦਲਾ ਲਊ ਕਾਰਵਾਈਆਂ ਨਾਲ ਲੋਕਤੰਤਰਿਕ ਪ੍ਰਕਿਰਿਆ ਦਾ ਮਜਾਕ ਉਡਾ ਰਹੀਆਂ ਹਨ। ਉਹਨਾਂ ਕਿਹਾ ਕਿ ਲੋਕ ਆਪਣਾ ਕੀਮਤੀ ਵੋਟ ਦੇ ਕੇ ਸਰਕਾਰ ਚੁਣਦੇ ਹਨ ਕਿ ਬਣਨ ਵਾਲੀ ਸਰਕਾਰ ਮੁਸ਼ਕਲਾਂ ਹੱਲ ਕਰਕੇ ਉਹਨਾਂ ਦੇ ਜੀਵਨ ਪੱਧਰ ਨੂੰ ਉਚਾ ਅਤੇ ਸੌਖਾ ਬਣਾਏਗੀ। ਪਰ ਰਾਜ ਸ਼ਕਤੀ ਦੇ ਅੰਨੇ ਨਸ਼ੇ ਵਿੱਚ ਸਰਕਾਰਾਂ ਲੋਕਾਂ ਵਾਸਤੇ ਕੰਮ ਕਰਨ ਦੀ ਬਜਾਏ ਆਪਸੀ ਦੁਸ਼ਮਣੀਆਂ ਚ ਉਲਝੀਆਂ ਹੋਈਆਂ ਹਨ। ਜਿਵੇਂ ਪਿਛਲੇ ਦਿਨੀ ਈ ਡੀ ਦੇ ਛਾਪਿਆਂ ਤੋਂ ਬਾਦ ਇਕ ਪਾਰਟੀ ਦੇ ਚੁਣੇ ਹੋਏ ਸੱਤ ਰਾਜ ਸਭਾ ਮੈਂਬਰ ਹੀ ਕੇਂਦਰ ਸਰਕਾਰ ਨਾਲ ਜਾ ਮਿਲੇ। ਬਦਲੇ ਵਿੱਚ ਪੰਜਾਬ ਸਰਕਾਰ ਉਹਨਾਂ ਜਾਣ ਵਾਲੇ ਮੈਂਬਰਾਂ ਦੀ ਸੁਰੱਖਿਆ ਵਾਪਸੀ ਦੇ ਨਾਲ-ਨਾਲ ਪਰਚੇ ਵੀ ਦਰਜ ਕਰ ਰਹੀ ਹੈ। ਇਸ ਦੇ ਅਗਲੇ ਵਾਰ ਵਜੋਂ ਕੇਂਦਰ ਨੇ ਪੰਜਾਬ ਸਰਕਾਰ ਦੇ ਖਿਲਾਫ ਈ ਡੀ ਨੂੰ ਸਰਗਰਮ ਕਰ ਦਿੱਤਾ ਹੈ ਅਤੇ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਵਿਵਸਥਾ ਵਿਘੜ ਰਹੀ ਹੈ। ਲਗਾਤਾਰ ਬੰਬ ਧਮਾਕੇ ਹੋ ਰਹੇ ਹਨ। ਜਿਸ ਦਾ ਇਲਜ਼ਾਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੰਜੇ ਸਿੰਘ ਸਿੱਧਾ ਬੀਜੇਪੀ ਉਤੇ ਲਗਾ ਰਹੇ ਹਨ। ਏਹੋ ਜਿਹੇ ਇਲਜ਼ਾਮ ਪੰਜਾਬ ਭਾਜਪਾ ਦੇ ਲੀਡਰ ਆਮ ਆਦਮੀ ਪਾਰਟੀ 'ਤੇ ਲਗਾ ਰਹੇ ਹਨ। ਅਜਿਹੇ ਸਮੇਂ ਲੋਕ ਆਪਣੀ ਸੁਰੱਖਿਆ ਅਤੇ ਭਲਾਈ ਲਈ ਕਿਸ ਵੱਲ ਵੇਖਣ ? ਪੰਜਾਬ ਪੁਲਿਸ ਇਹਨਾਂ ਧਮਾਕਿਆਂ ਦੇ ਦੋਸ਼ ਵਿੱਚ ਸੈਂਕੜੇ ਨੌਜਵਾਨਾਂ ਨੂੰ ਗ੍ਰਿਫਤਾਰ ਕਰਕੇ ਇਲਜ਼ਾਮ ਪਾਕਿਸਤਾਨ ਸਿਰ ਲਗਾ ਰਹੀ ਹੈ। ਕੀ ਆਪਣੀ ਸੁਰੱਖਿਆ ਲਈ ਚੁਣੀਆਂ ਸਰਕਾਰਾਂ ਦਾ ਕੰਮ ਸਿਰਫ ਭੰਬਲਭੂਸੇ ਪੈਦਾ ਕਰਕੇ ਲੋਕਾਂ ਵਿੱਚ ਡਰ ਫੈਲਾਉਣਾ ਹੀ ਰਹਿ ਗਿਆ ਹੈ ? ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਅਨੁਸਾਰ ਨਸ਼ਾ ਤਸਕਰੀ ਵਿੱਚ ਪੰਜਾਬ ਪਹਿਲੇ ਨੰਬਰ 'ਤੇ ਹੈ ਜਦ ਕਿ ਪੰਜਾਹ ਕਿਲੋਮੀਟਰ ਦੀ ਬਾਰਡਰ ਪੱਟੀ ਬੀ ਐਸ ਐਫ ਅਧੀਨ ਕੇਂਦਰ ਦੇ ਕਬਜੇ ਵਿੱਚ ਹੈ। ਨਸ਼ੇ ਨਾਲ ਹੋਣ ਵਾਲੀਆਂ ਮੌਤਾਂ ਵਿੱਚ ਪੰਜਾਬ ਦੇਸ਼ ਭਰ ਚੋਂ ਦੂਜੇ ਨੰਬਰ 'ਤੇ ਹੈ। ਬਾਕੀ ਨੌਜਵਾਨ ਗੈਂਗਸਟਰ ਵਾਦ ਵੱਲ ਧੱਕੇ ਜਾ ਰਹੇ ਹਨ। 'ਗੈਂਗਸਟਰਾਂ 'ਤੇ ਵਾਰ' ਤਹਿਤ ਪੁਲਿਸ ਵੱਲੋਂ ਰੋਜਾਨਾ ਸੈਂਕੜੇ ਨੌਜਵਾਨ ਚੁੱਕੇ ਜਾ ਰਹੇ ਹਨ। ਫਿਰ ਵੀ ਲੋਕਾਂ ਨੂੰ ਫਿਰੌਤੀਆਂ ਲਈ ਲਗਾਤਾਰ ਧਮਕੀਆਂ ਮਿਲ ਰਹੀਆਂ ਹਨ। ਕੀ ਕੇਂਦਰ ਅਤੇ ਪੰਜਾਬ ਸਰਕਾਰ ਰਲ ਮਿਲ ਕੇ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਰਹੀਆਂ ਹਨ ਜਾਂ ਆਪਸੀ ਦੁਸ਼ਮਣੀ ਵਿੱਚ ਤਬਾਹ ਕਰ ਰਹੀਆਂ ਹਨ ?

ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਵੱਖ-ਵੱਖ ਪਾਰਟੀਆਂ ਨੂੰ ਵੋਟ ਰਾਹੀਂ ਚੁਣਨਾ, ਆਮ ਲੋਕਾਂ ਦਾ ਅਧਿਕਾਰ ਹੈ ਅਤੇ ਵੋਟ ਰਾਹੀਂ ਰਾਜ ਸ਼ਕਤੀ ਹਾਸਲ ਕਰਨ ਵਾਲੇ ਇਹਨਾਂ ਲੀਡਰਾਂ ਨੂੰ ਲੋਕਾਂ ਦੇ ਉਸ ਅਧਿਕਾਰ ਦਾ ਸਨਮਾਨ ਕਰਨਾ ਚਾਹੀਦਾ ਹੈ। ਇਸ ਤਰਾਂ ਹੀ ਲੋਕਤੰਤਰਿਕ ਕਦਰਾਂ ਕੀਮਤਾਂ ਬਚੀਆਂ ਰਹਿ ਸਕਦੀਆਂ ਹਨ। ਕੇਂਦਰ ਦੀ ਭਾਜਪਾ ਸਰਕਾਰ ਨੂੰ ਸੂਬਾ ਸਰਕਾਰਾਂ ਦੇ ਕੰਮਾਂ ਵਿੱਚ ਅੜਿੱਕੇ ਡਾਹੁਣ ਦੀ ਥਾਂ ਦੇਸ਼ ਨੂੰ ਮਜ਼ਬੂਤ ਕਰਨ ਲਈ ਸਾਰਿਆਂ ਨੂੰ ਨਾਲ ਲੈ ਕੇ ਚਲਣਾ ਚਾਹੀਦਾ ਹੈ। ਏਸੇ ਤਰਾਂ ਸੂਬੇ ਦੀ ਸਰਕਾਰ ਨੂੰ ਵੀ ਬਦਲੇ ਦੀ ਰਾਜਨੀਤੀ ਕਰਨ ਦੀ ਬਜਾਏ ਉਹਨਾਂ ਲੋਕਾਂ ਲਈ ਕੰਮ ਕਰਨਾ ਚਾਹੀਦੈ, ਜਿੰਨਾਂ ਨੇ ਉਹਨਾਂ ਨੂੰ ਭਾਰੀ ਬਹੁਮਤ ਨਾਲ ਸੂਬੇ ਦਾ ਰਾਜ ਦਿੱਤਾ ਹੈ। ਸਰਕਾਰਾਂ ਵਿਚ ਬੈਠੇ ਲੋਕ ਇਹ ਨਾ ਭੁੱਲਣ ਕਿ ਅਸਲ ਸ਼ਕਤੀ ਲੋਕਾਂ ਕੋਲ ਹੈ ਅਤੇ ਸਰਕਾਰਾਂ ਬਦਲਣ ਲੱਗੇ ਉਹ ਜਰਾ ਵੀ ਰਹਿਮ ਨਹੀਂ ਕਰਦੇ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰੋ. ਨਵ ਸੰਗੀਤ ਸਿੰਘ ਦੀ 18ਵੀਂ ਕਿਤਾਬ ਜਾਰੀ



ਤਲਵੰਡੀ ਸਾਬੋ, 08 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਦੇ ਜਾਣੇ-ਪਛਾਣੇ ਅਨੁਵਾਦਕ, ਲੇਖਕ ਅਤੇ ਰੀਵਿਊਕਾਰ ਪ੍ਰੋ. ਨਵ ਸੰਗੀਤ ਸਿੰਘ ਵੱਲੋਂ ਹਿੰਦੀ ਤੋਂ ਅਨੁਵਾਦਿਤ ਇੱਕ ਨਾਵਲ 'ਜ਼ਿੰਦਗੀ ਦਾਅ 'ਤੇ' ਅੱਜ ਇੱਥੇ ਜਾਰੀ ਕੀਤਾ ਗਿਆ। ਪ੍ਰੈੱਸ ਨੂੰ ਜਾਰੀ ਇੱਕ ਬਿਆਨ ਵਿੱਚ ਉਨ੍ਹਾਂ ਨੇ ਦੱਸਿਆ ਕਿ ਇਹ ਉਨ੍ਹਾਂ ਦੀ 18ਵੀਂ ਕਿਤਾਬ ਹੈ, ਜੋ ਉਨ੍ਹਾਂ ਨੇ ਹਿੰਦੀ ਤੋਂ ਅਨੁਵਾਦ ਕੀਤੀ ਹੈ, ਜੋ ਕਿ ਅਸਲ ਵਿੱਚ ਆਸਟ੍ਰੀਅਨ ਲੇਖਕ ਸਟੈਫ਼ਨ ਜ਼ਵੇਗ ਦੀ ਲਿਖੀ ਹੋਈ ਹੈ। ਮੂਲ ਅੰਗਰੇਜ਼ੀ ਵਿੱਚ ਇਸ ਪੁਸਤਕ ਦਾ ਨਾਂ ਹੈ "ਟਵੰਟੀ-ਫ਼ੋਰ ਆਵਰਜ਼ ਇਨ ਏ ਵੁਮੈਨ'ਜ਼ ਲਾਈਫ਼"। ਪ੍ਰੋ. ਸਿੰਘ ਨੇ ਦੱਸਿਆ ਕਿ ਸਟੈਫ਼ਨ ਜ਼ਵੇਗ (1881-1942) ਦਾ 1920-1930 ਤੱਕ ਦਾ ਸਮਾਂ ਉਹਦੇ ਸਾਹਿਤਕ ਜੀਵਨ ਦੇ ਸਿਖ਼ਰ ਦਾ ਦਹਾਕਾ ਸੀ। ਇਸ ਨਾਵਲ ਵਿੱਚ ਇਹ ਦੱਸਿਆ ਗਿਆ ਹੈ ਕਿ ਆਦਮੀ ਦੇ ਜੀਵਨ ਦੀ ਧਾਰਾ ਸਿੱਧ-ਪੱਧਰੀ ਧਰਤੀ ਤੇ ਵਹਿੰਦੀ-ਵਹਿੰਦੀ ਕਦੇ-ਕਦੇ ਅਜਿਹਾ ਮੋੜ ਲੈ ਲੈਂਦੀ ਹੈ ਕਿ ਉਹਦਾ ਸਮੁੱਚਾ ਅਸਤਿੱਤਵ ਹੀ ਬਦਲ ਜਾਂਦਾ ਹੈ ਅਤੇ ਉਹ ਪਲ ਉਹਦੀ ਸਮੁੱਚੀ ਜ਼ਿੰਦਗੀ ਤੇ ਹਮੇਸ਼ਾ ਲਈ ਛਾ ਜਾਂਦੇ ਹਨ। ਪੂਰੇ ਦਾ ਪੂਰਾ ਨਾਵਲ ਇੰਨਾ ਰੌਚਕ ਅਤੇ ਦਿਲ-ਟੁੰਬਵਾਂ ਹੈ ਕਿ ਨਾਵਲ ਖ਼ਤਮ ਹੋ ਜਾਣ ਤੇ ਵੀ ਪਾਠਕ ਦਾ ਮਨ ਕਾਫੀ ਚਿਰ ਤੱਕ ਉਸ ਵਿੱਚ ਖੁੱਭਿਆ ਰਹਿੰਦਾ ਹੈ। ਇਸ ਕਿਤਾਬ ਦੇ ਛੋਟੇ-ਛੋਟੇ ਕੁੱਲ 12 ਕਾਂਡ ਹਨ। ਸਿਰਫ਼ 86 ਪੰਨਿਆਂ ਦੇ ਇਸ ਨਾਵਲ ਨੂੰ ਸਾਹਿਤਯਸ਼ਿਲਾ ਪ੍ਰਕਾਸ਼ਨ, ਦਿੱਲੀ ਨੇ ਬੜੇ ਸੋਹਣੇ ਢੰਗ ਨਾਲ ਛਾਪਿਆ ਹੈ। ਜ਼ਿਕਰਯੋਗ ਹੈ ਕਿ ਪ੍ਰੋ ਸਿੰਘ ਨੇ ਇਸ ਤੋਂ ਪਹਿਲਾਂ 15 ਕਿਤਾਬਾਂ ਦੇ ਅਨੁਵਾਦ ਕੀਤੇ ਹਨ, ਇੱਕ ਕਿਤਾਬ ਦਾ ਲਿਪੀਆਂਤਰ ਕੀਤਾ ਹੈ ਤੇ ਇੱਕ ਆਲੋਚਨਾ ਦੀ ਕਿਤਾਬ ਲਿਖੀ ਹੈ। ਪ੍ਰੋ. ਸਿੰਘ ਨੂੰ ਉਨ੍ਹਾਂ ਦੀ ਇਸ ਨਵ-ਪ੍ਰਕਾਸ਼ਿਤ ਪੁਸਤਕ ਲਈ ਦੂਰੋਂ ਨੇੜਿਓਂ ਵਧਾਈ ਸੰਦੇਸ਼ ਮਿਲ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਕੂਲੀ ਬੱਚਿਆਂ ਨੂੰ ਕੀਤਾ ਸਿਹਤ ਪ੍ਰਤੀ ਸੁਹਿਰਦ



ਫ਼ਿਰੋਜ਼ਪੁਰ, 08 ਮਈ (ਮਨੋਹਰ ਲਾਲ) :— ਕਈ ਦਹਾਕਿਆਂ ਤੋਂ ਇਲਾਕੇ ਵਿਚ ਸਮਾਜ ਸੇਵੀ ਕਾਰਜ ਕਰਦੇ ਆ ਰਹੇ ਪ੍ਰਕਾਸ਼ ਚੰਦ ਕੁਮਾਰ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਸ਼ਹਾਲ ਸਿੰਘ ਵਾਲਾ (ਰੱਖੜੀ) ਵਿਖੇ ਪਹੁੰਚ ਕਰਕੇ ਬੱਚਿਆਂ ਨੂੰ ਸਿਹਤ ਪ੍ਰਤੀ ਸੁਹਿਰਦ ਕੀਤਾ ਗਿਆ। ਇਸ ਮੌਕੇ ਬੋਲਦਿਆਂ ਪੀ.ਸੀ ਕੁਮਾਰ ਨੇ ਸਕੂਲ ਵਿਚ ਬੱਚਿਆਂ ਨੂੰ ਸਿਹਤ ਸਿੱਖਿਆ ਅਤੇ ਵਾਤਾਵਰਣ ਦੀ ਸੰਭਾਲ ਲਈ ਪ੍ਰੇਰਿਤ ਕੀਤਾ ਗਿਆ ਅਤੇ ਬੱਚਿਆਂ ਨੂੰ ਸਮਾਜ ਵਿਚ ਕਿਤਾ ਵਿਚਰਣਾ ਹੈ, ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਸਰੀਰਕ ਅਤੇ ਮਾਨਸਿਕ ਅਤੇ ਸਮਾਜ ਤੌਰ ਤੇ ਸਰਬਪੱਖੀ ਵਿਕਾਸ ਅਤੇ ਵਾਤਾਵਰਣ ਦੀ ਸੰਭਾਲ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਬੱਚਿਆਂ ਵੱਲੋਂ ਵੀ ਵਿਸਵਾਸ਼ ਦਿਵਾਇਆ ਗਿਆ ਕਿ ਅਸੀਂ ਵਾਤਾਵਰਣ ਦੀ ਸੰਭਾਲ ਪੌਦੇ ਲਗਵਾਉਣ ਦੇ ਨਾਲ—ਨਾਲ ਉਨ੍ਹਾਂ ਦੀ ਸਾਂਭ—ਸੰਭਾਲ ਕਰਾਂਗੇ। ਇਸ ਮੌਕੇ ਸ੍ਰੀ ਪੀ.ਸੀ ਕੁਮਾਰ ਨੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ ਅਤੇ ਸਕੂਲ ਸਟਾਫ ਵੱਲੋਂ ਵੀ ਇਸ ਮੁਹਿੰਮ ਨੂੰ ਅਮਲੀ ਜਾਮਾ ਪਹਿਨਾਉਣ ਦਾ ਪ੍ਰਣ ਕੀਤਾ ਗਿਆ, ਜਿਸ ਦੇ ਆਉਣ ਵਾਲੇ ਸਮੇਂ ਵਿਚ ਚੰਗੇ ਨਤੀਜੇ ਆਉਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਨਾ ਵਲੋਂ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ

# 'ਆਪ' ਦੇ ਬੇਅਦਬੀ ਕਾਨੂੰਨ ਵਿਰੁੱਧ ਸਟੈਂਡ ਦਾ ਪੂਰਾ ਸਮਰਥਨ ਕਰਨ ਦੀ ਅਪੀਲ



ਨਵੀਂ ਦਿੱਲੀ, 8 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਸਿੱਖ ਸੰਗਤ ਨੂੰ ਜ਼ੋਰਦਾਰ ਅਪੀਲ ਕੀਤੀ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਵੱਲੋਂ ਪੰਜਾਬ ਵਿੱਚ 'ਆਪ' ਸਰਕਾਰ ਵੱਲੋਂ ਪਾਸ ਕੀਤੇ ਵਿਵਾਦਪੂਰਨ ਬੇਅਦਬੀ ਵਿਰੋਧੀ ਕਾਨੂੰਨ ਸਬੰਧੀ ਲਏ ਗਏ ਸਟੈਂਡ ਦਾ ਪੂਰੀ ਤਰ੍ਹਾਂ ਸਮਰਥਨ ਕਰਨ । ਜਾਰੀ ਕੀਤੇ ਇੱਕ ਬਿਆਨ ਵਿੱਚ, ਸਰਨਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਲਾਗੂ ਕੀਤੇ ਗਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਨੂੰ ਇੱਕਪਾਸੜ ਕਦਮ ਦੱਸਿਆ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਵਉੱਚ ਅਧਿਕਾਰ ਅਤੇ ਖਾਲਸਾ ਪੰਥ ਦੀ ਸਮੂਹਿਕ ਇੱਛਾ ਨੂੰ ਨਜ਼ਰਅੰਦਾਜ਼ ਕਰਦਾ ਹੈ। ਉਨ੍ਹਾਂ ਨੇ ਹਰ ਸਿੱਖ ਅਤੇ ਹਰ ਗੁਰੂ ਨਾਨਕ ਨਾਮ ਲੇਵਾ ਨੂੰ ਜਥੇਦਾਰ ਦੇ ਇਸ ਸਟੈਂਡ ਨਾਲ ਦ੍ਰਿੜਤਾ ਨਾਲ ਖੜ੍ਹੇ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਕਿ ਗੁਰੂ ਸਾਹਿਬ ਦੇ ਅਦਬ ਸਤਿਕਾਰ ਅਤੇ ਸਿੱਖ ਧਾਰਮਿਕ ਮਾਮਲਿਆਂ ਬਾਰੇ ਕੋਈ ਵੀ ਕਾਨੂੰਨ ਸਮੁੱਚੇ ਪੰਥ ਦੀ ਸਹਿਮਤੀ ਅਤੇ ਪ੍ਰਵਾਨਗੀ ਤੋਂ ਬਿਨਾਂ ਲਾਗੂ ਨਹੀਂ ਕੀਤਾ ਜਾ ਸਕਦਾ। ਸਰਨਾ ਨੇ ਕਿਹਾ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਨੇ ਪੰਥਕ ਦ੍ਰਿਸ਼ਟੀਕੋਣ ਨੂੰ ਸਪੱਸ਼ਟ ਤੌਰ 'ਤੇ ਪ੍ਰਗਟ ਕੀਤਾ ਹੈ। 'ਆਪ' ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਹੀ ਸਲਾਹ-ਮਸ਼ਵਰੇ ਤੋਂ ਬਿਨਾਂ ਇਹ ਕਾਨੂੰਨ ਪਾਸ ਕਰਕੇ ਸਿੱਖ ਸੰਸਥਾਵਾਂ ਪ੍ਰਤੀ ਪੂਰੀ ਤਰ੍ਹਾਂ ਅਣਦੇਖੀ ਦਿਖਾਈ ਹੈ। ਸੰਗਤ ਨੂੰ ਜਥੇਦਾਰ ਦੇ ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨੀ ਚਾਹੀਦੀ ਹੈ। ਇਹ ਸਿਰਫ਼ ਇੱਕ ਕਾਨੂੰਨੀ ਮਾਮਲਾ ਨਹੀਂ ਹੈ - ਇਹ ਸਿੱਖ ਪੰਥ ਦੀ ਪ੍ਰਭੂਸੱਤਾ ਅਤੇ ਮਰਿਆਦਾ ਬਾਰੇ ਹੈ। ਉਹਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਦੀ ਰੌਸ਼ਨੀ 'ਚ ਉਨ੍ਹਾਂ ਪ੍ਰਬੰਧਾਂ 'ਤੇ ਇਤਰਾਜ਼ ਕੀਤਾ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪਾਂ ਦੇ ਪ੍ਰਬੰਧਨ ਅਤੇ ਸੰਭਾਲ ਸਬੰਧੀ ਵਿੱਚ ਦਖਲ ਦੇ ਸਕਦੇ ਹਨ, ਗੁਰਦੁਆਰਾ ਪ੍ਰਬੰਧਕਾਂ 'ਤੇ ਅਣਉਚਿਤ ਜਵਾਬਦੇਹੀ ਪੈਦਾ ਕਰ ਸਕਦੇ ਹਨ, ਅਤੇ ਸਥਾਪਤ ਸਿੱਖ ਸੰਸਥਾਵਾਂ ਨੂੰ "ਕਮਜ਼ੋਰ ਕਰਨ ਦੀ ਅਸਿੱਧੇ ਤਰੀਕੇ ਕੋਸ਼ਿਸ਼ ਕਰ ਸਕਦੇ ਹਨ । ਉਨ੍ਹਾਂ ਨੇ ਪਹਿਲਾਂ ਬਿੱਲ ਦੀ ਹੱਦੋਂ ਵੱਧ ਪਹੁੰਚ ਅਤੇ ਵਿਆਪਕ ਪੰਥਕ ਸਲਾਹ-ਮਸ਼ਵਰੇ ਦੀ ਘਾਟ ਲਈ ਆਲੋਚਨਾ ਕੀਤੀ ਸੀ। ਦਿੱਲੀ ਤੋਂ ਅਕਾਲੀ ਦਲ ਦੇ ਪ੍ਰਧਾਨ ਨੇ ਸੰਸਾਰ ਭਰ ਦੇ ਸਿੱਖ ਭਾਈਚਾਰੇ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਰਦੇਸ਼ਾਂ ਅਨੁਸਾਰ ਏਕਤਾ ਅਤੇ ਅਨੁਸ਼ਾਸਨ ਬਣਾਈ ਰੱਖਣ ਦੀ ਅਪੀਲ ਕੀਤੀ। ਅਕਾਲ ਤਖ਼ਤ ਪੰਥ ਦਾ ਚਾਨਣ ਮੁਨਾਰਾ ਹੈ। ਇਸਦੇ ਹੁਕਮਨਾਮੇ ਜਾਂ ਸਟੈਂਡ ਤੋਂ ਕੋਈ ਵੀ ਭਟਕਣਾ ਸਾਨੂੰ ਸਾਰਿਆਂ ਨੂੰ ਕਮਜ਼ੋਰ ਕਰਦੀ ਹੈ। ਸਾਨੂੰ ਕਿਸੇ ਵੀ ਸਰਕਾਰੀ ਹੁਕਮ ਨੂੰ ਰੱਦ ਕਰਨਾ ਚਾਹੀਦਾ ਹੈ ਜੋ ਪੰਥ ਦੀ ਪ੍ਰਵਾਨਗੀ ਤੋਂ ਬਿਨਾਂ ਵਿਸ਼ਵਾਸ ਦੇ ਮਾਮਲਿਆਂ ਨੂੰ ਕਾਨੂੰਨ ਬਣਾਉਣ ਦੀ ਕੋਸ਼ਿਸ਼ ਕਰਦਾ ਹੈ। ਸਰਨਾ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀ ਧਾਰਮਿਕ ਸੰਵੇਦਨਸ਼ੀਲਤਾਵਾਂ 'ਤੇ ਰਾਜਨੀਤਿਕ ਲਾਭਾਂ ਨੂੰ ਤਰਜੀਹ ਦੇਣ ਲਈ ਵੀ ਆਲੋਚਨਾ ਕੀਤੀ, ਸਿੱਖਾਂ ਨੂੰ ਸੰਵਿਧਾਨਕ ਅਤੇ ਪੰਥਕ ਤਰੀਕਿਆਂ ਨਾਲ ਗੁਰੂ ਦੇ ਸਤਿਕਾਰ ਦੀ ਰੱਖਿਆ ਲਈ ਸੁਚੇਤ ਅਤੇ ਇਕਜੁੱਟ ਰਹਿਣ ਦੀ ਵੀ ਉਹਨਾਂ ਅਪੀਲ ਕੀਤੀ।

### ਪੱਤਰਕਾਰ ਹਰਿੰਦਰਪਾਲ ਸਿੰਘ ਦੇ ਪਿਤਾ ਸ੍ਰ ਮਲਕੀਅਤ ਸਿੰਘ ਜੀ ਦੀ ਅੰਤਿਮ ਅਰਦਾਸ ਮੌਕੇ

# ਵੱਖ-ਵੱਖ ਰਾਜਨੀਤਿਕ ਧਾਰਮਿਕ ਸਮਾਜ ਸੇਵਕ ਆਗੂਆਂ ਨੇ ਦਿੱਤੀ ਸ਼ਰਧਾਂਜਲੀ



ਜੰਡਿਆਲਾ ਗੁਰੂ 8 ਮਈ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨੀਂ ਪੱਤਰਕਾਰ ਹਰਿੰਦਰਪਾਲ ਸਿੰਘ ਦੇ ਪਿਤਾ ਸ੍ਰ; ਮਲਕੀਅਤ ਸਿੰਘ ਠੇਕੇਦਾਰ ਜੀ ਅਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ! ਸ੍ਰ ਮਲਕੀਅਤ ਸਿੰਘ ਜੀ ਦੇ ਪ੍ਰਥਾਏ ਉਨਾਂ ਦੇ ਗ੍ਰਹਿ ਵਿਖੇ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ ਸਰਧਾਂਜਲੀ ਸਮਾਰੋਹ ਅਤੇ ਅੰਤਿਮ ਅਰਦਾਸ ਗੁਰਦੁਆਰਾ ਬਾਬਾ ਹੁੰਦਾਲ ਜੀ ਵਿਖੇ ਹੋਈ ! ਇਸ ਮੌਕੇ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਗੁਰੂ ਘਰ ਦੇ ਰਾਗੀ ਸਿੰਘਾਂ ਵੱਲੋਂ ਧੁਰ ਕੀ ਬਾਨੀ ਇਲਾਹੀ ਬਾਣੀ ਦੇ ਵਿਰਾਗ ਮਈ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਪ੍ਰਮਾਤਮਾ ਦੇ ਭਾਣੇ ਵਿੱਚ ਰਹਿ ਕਿ ਜੀਵਨ ਬਤੀਤ ਕਰਨ ਲਈ ਆਖਿਆ ! ਅਤੇ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸ੍ਰ ਮਲਕੀਅਤ ਸਿੰਘ ਜੀ ਦੇ ਪ੍ਰਥਾਏ ਅਰਦਾਸ ਬੇਨਤੀ ਕੀਤੀ ਗਈ ! ਇਸ ਸਰਧਾਂਜਲੀ ਸਮਾਰੋਹ ਮੌਕੇ ਇਲਾਕਾ ਨਿਵਾਸੀਆਂ, ਰਿਸ਼ਤੇਦਾਰਾਂ, ਪੱਤਰਕਾਰਾਂ ਤੋਂ ਇਲਾਵਾ ਸਾਬਕਾ ਵਿਧਾਇਕ ਅਤੇ ਅੰਮ੍ਰਿਤਸਰ ਦਿਹਾਤੀ ਕਾਂਗਰਸ ਦੇ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ,ਅਵਤਾਰ ਸਿੰਘ ਟੱਕਰ ਜਾਣੀਆਂ , ਸਤਿੰਦਰ ਸਿੰਘ ਭਰਾ ਕੈਬਨਿਟ ਮੰਤਰੀ ਹਰਭਜਨ ਸਿੰਘ, ਵਿਜੈ ਕੁਮਾਰ ਮੱਟੀ, ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ, ਰਣਧੀਰ ਸਿੰਘ ਮਲਹੋਤਰਾ ਮੀਤ ਪ੍ਰਧਾਨ ਨਗਰ ਕੌਂਸਲ, ਅਰਵਿੰਦਰ ਸਿੰਘ ਮਲਹੋਤਰਾ, ਪਰਮਦੀਪ ਸਿੰਘ ਹੈਰੀ, ਇੰਦਰਜੀਤ ਮਹਿਤਾ, ਪ੍ਰੀਕਸ਼ਤ ਸ਼ਰਮਾ ਯੂਥ ਅਕਾਲੀ ਆਗੂ, ਸਰਬਜੋਤ ਸਿੰਘ ਮਲਹੋਤਰਾ, ਨਿਰਮਲ ਸਿੰਘ ਨਿੰਮਾ, ਅਮਨ ਵਿਰਕ, ਰਾਜੇਸ਼ ਗਿੱਲ ਪ੍ਰਧਾਨ ਅੰਮ੍ਰਿਤਸਰ ਪ੍ਰੈਸ ਕਲੱਬ, ਸੁਨੀਲ ਦੇਵਗਨ ਪੀ ਟੀ ਸੀ ਵਾਲੇ, ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ , ਪੱਤਰਕਾਰ ਅਸ਼ਵਨੀ ਸ਼ਰਮਾ, ਕੰਵਲਜੀਤ ਸਿੰਘ ਲਾਡੀ, ਰਵਿੰਦਰ ਸਿੰਘ, ਸਵਿੰਦਰ ਸਿੰਘ ਚੰਦੀ, ਵਰੁਣ ਸੋਨੀ, ਨਰਿੰਦਰ ਸੂਰੀ, ਸੋਨੂੰ ਮਿਗਲਾਨੀ, ਹਰੀਸ਼ ਕੱਕੜ, ਜੀਵਨ ਸ਼ਰਮਾ, ਸ਼ਿੰਦਾ ਲਾਹੌਰੀਆ ਸਮੇਤ ਸਮੂਹ ਪੱਤਰਕਾਰ ਭਾਈਚਾਰਾ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਵੱਲੋਂ ਹਾਜਰੀਆਂ ਭਰੀਆਂ ਗਈਆਂ ਅਤੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ।

### ਜਲੰਧਰ ਤੇ ਅੰਮ੍ਰਿਤਸਰ ਧਮਾਕਿਆਂ ਤੇ ਸ਼ਿਵ ਸੈਨਾ ਦੀ ਤਿੱਖੀ ਪ੍ਰਤੀਕਿਰਿਆ

# ਫੌਜ ਨੂੰ ਮੈਦਾਨ ਵਿੱਚ ਉਤਾਰਨ ਦੀ ਕੀਤੀ ਮੰਗ



ਫ਼ਿਰੋਜ਼ਪੁਰ, 08 ਮਈ (ਮਨੋਹਰ ਲਾਲ) :— ਸ਼ਿਵ ਸੈਨਾ ਉਪ ਪ੍ਰਧਾਨ ਸ਼੍ਰੀ ਮਿੰਕੂ ਚੌਧਰੀ ਨੇ ਜਲੰਧਰ ਵਿੱਚ ਬੀ.ਐਸ.ਐਫ. ਹੈਡਕੁਆਰਟਰ ਦੇ ਸਾਹਮਣੇ ਅਤੇ ਅੰਮ੍ਰਿਤਸਰ ਵਿੱਚ ਆਰਮੀ ਕੈਂਪ ਦੇ ਕੋਲ ਹੋਏ ਬੰਬ ਧਮਾਕਿਆਂ ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਇਹ ਘਟਨਾਵਾਂ ਸਿਰਫ਼ ਧਮਾਕੇ ਨਹੀਂ, ਸਗੋਂ ਦੇਸ਼ ਦੀ ਸੁਰੱਖਿਆ ਨੂੰ ਇੱਕ ਖੁੱਲ੍ਹੀ ਚੁਣੌਤੀ ਹਨ। ਉਨ੍ਹਾਂ ਖਦਸ਼ਾ ਜਤਾਇਆ ਕਿ ਪੰਜਾਬ ਨੂੰ ਮੁੜ ਅਸ਼ਾਂਤ ਕਰਨ ਲਈ ਇੱਕ ਡੂੰਘੀ ਸਾਜ਼ਿਸ਼ ਰਚੀ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਗੱਲਬਾਤ ਕਰਦਿਆਂ ਮਿੰਕੂ ਚੌਧਰੀ ਨੇ ਕਿਹਾ ਕਿ ਹਾਲਾਂਕਿ ਪੰਜਾਬ ਪੁਲਿਸ ਆਪਣੀ ਜ਼ਿੰਮੇਵਾਰੀ ਨਿਭਾ ਰਹੀ ਹੈ, ਪਰ ਹਾਲਾਤ ਹੁਣ ਇੰਨੇ ਗੰਭੀਰ ਹੋ ਚੁੱਕੇ ਹਨ ਕਿ ਇਨ੍ਹਾਂ ਨੂੰ ਕੇਵਲ ਪੁਲਿਸ ਦੇ ਭਰੋਸੇ ਨਹੀਂ ਛੱਡਿਆ ਜਾ ਸਕਦਾ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਤੁਰੰਤ ਸਖ਼ਤ ਫੈਸਲਾ ਲੈਂਦੇ ਹੋਏ ਆਰਮੀ ਨੂੰ ਮੈਦਾਨ ਵਿੱਚ ਉਤਾਰਿਆ ਜਾਵੇ ਤਾਂ ਜੋ ਅੱਤਵਾਦ ਦੇ ਹਰ ਨੈਟਵਰਕ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਵਿੱਚ ਤੁਰੰਤ ਰਾਸ਼ਟਰਪਤੀ ਸ਼ਾਸਨ ਲਾਗੂ ਕੀਤਾ ਜਾਵੇ ਅਤੇ ਸੁਰੱਖਿਆ ਵਿਵਸਥਾ ਪੂਰੀ ਤਰ੍ਹਾਂ ਸੈਨਾ ਦੇ ਹਵਾਲੇ ਕੀਤੀ ਜਾਵੇ। ਗੱਲਬਾਤ ਕਰਦਿਆਂ ਚੌਧਰੀ ਨੇ ਚੇਤਾਵਨੀ ਦਿੱਤੀ ਕਿ ਜੇਕਰ ਹੁਣ ਵੀ ਢਿੱਲ ਵਰਤੀ ਗਈ ਤਾਂ ਆਉਣ ਵਾਲੇ ਸਮੇਂ ਵਿੱਚ ਅੱਤਵਾਦ ਮੁੜ ਖ਼ਤਰਨਾਕ ਰੂਪ ਲੈ ਸਕਦਾ ਹੈ। ਉਨ੍ਹਾਂ ਪਾਕਿਸਤਾਨ ਦੀ ਖੁਫੀਆ ਏਜੰਸੀ ਆਈ.ਐਸ.ਆਈ. ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਹ ਕੁਝ ਖਾਲਿਸਤਾਨੀ ਤੱਤਾਂ ਰਾਹੀਂ ਪੰਜਾਬ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿਰੋਧੀ ਤਾਕਤਾਂ ਨੂੰ ਕੁਚਲਣ ਲਈ ਹੁਣ ਕੇਵਲ ਬਿਆਨਬਾਜ਼ੀ ਨਹੀਂ, ਸਗੋਂ ਨਿਰਣਾਇਕ ਕਾਰਵਾਈ ਦੀ ਲੋੜ ਹੈ। ਪੰਜਾਬ ਦੀ ਸ਼ਾਂਤੀ ਨਾਲ ਖਿਲਵਾੜ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਣਾ ਚਾਹੀਦਾ।

# ਜੇਕਰ ਪੰਜਾਬ ਵਿਚ ਪੰਥਕ ਏਕਤਾ ਹੋ ਜਾਂਦੀ ਹੈ ਤਾਂ 2027 ਦੀਆਂ ਚੋਣਾਂ ਵਿਚ ਫ਼ਿਰੋਜ਼ਪੁਰ ਸ਼ਹਿਰ ਤੇ ਫ਼ਿਰੋਜ਼ਪੁਰ ਦਿਹਾਤੀ ਸੀਟ ਕਿਸ ਦੀ ਝੋਲੀ ਵਿਚ ਪਵੇਗੀ ?



ਫ਼ਿਰੋਜ਼ਪੁਰ, 08 ਮਈ (ਮਨੋਹਰ ਲਾਲ) :— ਜੇਕਰ ਪੰਜਾਬ ਵਿਚ ਪੰਥਕ ਏਕਤਾ ਹੋ ਜਾਂਦੀ ਹੈ ਤਾਂ 2027 ਦੀਆਂ ਚੋਣਾਂ ਵਿਚ ਫ਼ਿਰੋਜ਼ਪੁਰ ਸ਼ਹਿਰੀ ਸੀਟ ਅਤੇ ਫ਼ਿਰੋਜ਼ਪੁਰ ਦਿਹਾਤੀ ਸੀਟ ਕਿਸ ਨੂੰ ਮਿਲੇਗੀ। ਜੇਕਰ ਪੰਥਕ ਏਕਤਾ ਹੋ ਜਾਂਦੀ ਹੈ ਤਾਂ ਕੁਝ ਚਿਹਰੇ ਜਿਵੇਂ ਫ਼ਿਰੋਜ਼ਪੁਰ ਸ਼ਹਿਰ ਵਿਚ ਪੰਥਕ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਸ: ਤਜਿੰਦਰ ਸਿੰਘ ਦਿਉਲ ਦੋ ਵਾਰੀ ਇਲੈਕਸ਼ਨ ਲੜਿਆ ਹੈ, ਜ਼ੋ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੰਜਾਬ ਦੇ ਯੂਥ ਪ੍ਰਧਾਨ ਹਨ ਦੀਆਂ ਇਸ ਵਾਰ ਵੀ ਚੋਣ ਲੜਨ ਦੀਆਂ ਚਰਚਾਵਾਂ ਚੱਲ ਰਹੀਆਂ ਹਨ, ਦੂਸਰੇ ਪਾਸੇ ਸ: ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੀ ਪਿਛਲੀ ਵਾਰ ਐਮ.ਐਲ.ਏ ਦੀ ਚੋਣ ਲੜੀ ਸੀ, ਜਿਨ੍ਹਾਂ ਨੂੰ ਬਹੁਤ ਚੰਗੀ ਵੋਟ ਪਈ ਸੀ ਅਤੇ ਤਕਰੀਬਨ 17 ਹਜ਼ਾਰ ਵੋਟ ਲੈ ਗਏ ਸੀ। ਇਸ ਤੋਂ ਇਲਾਵਾ ਗੁਰਚਰਨ ਸਿੰਘ ਸੰਘਾ ਜ਼ੋ ਕਿ ਵਾਰਿਸ ਪੰਜਾਬ ਨੇ ਵੀ ਇਕੋ ਪੈਲਸ ਵਿਚ ਵੱਡਾ ਇਕੱਠ ਕੀਤਾ ਸੀ, ਉਹ ਵੀ 2027 ਦੀਆਂ ਵੋਟਾਂ ਵਿਚ ਆਪਣੀ ਕਿਸਮਤ ਅਜਮਾਉਣਗੇ। ਇਸੇ ਤਰ੍ਹਾਂ ਵਾਰਿਸ ਪੰਜਾਬ ਵੱਲੋਂ ਭਾਈ ਧਿਆਨ ਸਿੰਘ ਮੰਡ ਸਾਬਕਾ ਮੈਂਬਰ ਪਾਰਲੀਮੈਂਟ ਦੀਆਂ ਵੀ ਚਰਚਾਵਾਂ ਜ਼ੋਰਾਂ ਤੇ ਹਨ। ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸ: ਜ਼ਸਬੀਰ ਸਿੰਘ ਭੁੱਲਰ ਨੇ ਵੀ ਪਿਛਲੇ ਦਿਨੀਂ ਭਸੀਨ ਪੈਲੇਸ ਵਿਚ ਬਹੁਤ ਵੱਡਾ ਇਕੱਠ ਕੀਤਾ, ਜਿਸ ਵਿਚ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸ: ਜ਼ਸਬੀਰ ਸਿੰਘ ਭੁੱਲਰ ਨੂੰ ਹਲਕਾ ਇੰਚਾਰਜ ਨਿਯੁਕਤ ਕੀਤਾ, ਉਹ ਵੀ 2027 ਦੀਆਂ ਚੋਣਾਂ ਵਿਚ ਆਪਣੀ ਕਿਸਮਤ ਅਜਮਾ ਸਕਦੇ ਹਨ। ਇਥੇ ਇਹ ਵੇਖਣਾ ਹੋਵੇਗਾ ਕਿ ਜੇਕਰ ਪੰਥਕ ਗਠਜੋੜ ਹੁੰਦਾ ਹੈ ਤਾਂ ਇਹ ਸੀਟ ਕਿਸ ਦੀ ਝੋਲੀ ਵਿਚ ਜਾਵੇਗੀ। ਇਥੇ ਇਹ ਦਸਣਯੋਗ ਹੈ ਕਿ ਫ਼ਿਰੋਜ਼ਪੁਰ ਸ਼ਹਿਰੀ ਹਲਕੇ ਵਿਚ ਪੰਥਕ ਵੋਟ ਘੱਟ ਹੋਣਾ ਅਤੇ ਪੰਥਕ ਉਮੀਦਵਾਰ ਜਿਆਦਾ ਹੋਣਾ ਗਠਜੋੜ ਤੋਂ ਬਗੈਰ ਇਸ ਸੀਟ ਤੇ ਪੰਥਕ ਵੋਟ ਦਾ ਹਾਲ ਪਿਛਲੀ ਚੋਣਾਂ ਵਰਗਾ ਹੀ ਹੋਵੇਗਾ। ਇਸ ਲਈ ਪੰਥਕ ਵੋਟ ਨੂੰ ਇਕੱਠਾ ਰੱਖਣ ਲਈ ਸਾਰੀਆਂ ਪੰਥਕ ਧਿਰਾਂ ਨੂੰ ਇਕੋ ਉਮੀਦਵਾਰ ਦੇਣਾ ਚਾਹੀਦਾ ਹੈ, ਪਰ ਹਾਲੇ 2027 ਚੋਣਾਂ ਵਿਚ ਕੁਝ ਸਮਾਂ ਪਿਆ ਹੈ, ਜੇਕਰ ਇਨ੍ਹਾਂ ਦਾ ਗਠਜੋੜ ਹੋ ਜਾਂਦਾ ਹੈ ਤਾਂ ਇਨ੍ਹਾਂ ਨੂੰ ਕੋਈ ਵੀ ਨਹੀਂ ਹਰਾ ਸਕਦਾ। ਜੇਕਰ ਇਹ ਇਕੱਲੇ—ਇਕੱਲੇ ਚੋਣ ਲੜੀ ਤਾਂ ਇਨ੍ਹਾਂ ਦਾ ਹਾਲ ਵੀ ਪਿਛਲੀਆਂ ਚੋਣਾਂ ਵਾਂਗ ਹੋਵੇਗਾ, ਸੋ ਸਾਰੀਆਂ ਪੰਥਕ ਆਗੂ ਜੇਕਰ ਇਕੱਠੇ ਹੋ ਜਾਂਦੇ ਹਨ ਅਤੇ ਗਠਜੋੜ ਹੋ ਜਾਂਦਾ ਹੈ ਤਾਂ ਇਨ੍ਹਾਂ ਦਾ ਕੰਮ ਸਾਂਝਾ ਕਿਸਾਨਾਂ, ਸਾਰੀਆਂ ਜਥੇਬੰਦੀਆਂ ਆਪਸੀ ਮਤਭੇਦ ਭੁਲਾ ਕੇ ਬੰਦੀ ਸਿੰਘਾਂ ਦੀ ਰਿਹਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਇਨਸਾਫ ਲਈ ਸਾਂਝਾ ਸੰਘਰਸ਼ ਵਿੱਢਣ ਦਾ ਉਪਰਾਲਾ ਕਰਨਾ, ਕਿਉਂਕਿ ਪੰਥ ਦੀ ਚੜਦੀ ਕਲਾਂ ਲਈ ਇਕ ਨਿਸ਼ਾਨ, ਇਕ ਵਿਧਾਨ ਦੇ ਸਿਧਾਂਤ ਤੇ ਚਲਣਾ ਸਮੇਂ ਦੀ ਮੁੱਖ ਲੋੜ ਹੈ। ਇਸ ਲਈ ਸੰਗਤਾਂ ਨੂੰ ਅਪੀਲ ਹੈ ਕਿ ਉਹ ਕੂੜ ਪ੍ਰਚਾਰ ਤੋਂ ਬਚਣ ਅਤੇ ਪੰਥਕ ਏਕਤਾ ਦੇ ਇਸ ਕਾਫਲੇ ਦਾ ਹਿੱਸਾ ਬਣਨ। ਜਦੋਂ ਕੌਮ ਇਕਮੁੱਠ ਹੋ ਕੇ ਚਲਦੀ ਹੈ ਤਾਂ ਵੱਡੀਆਂ ਤੋਂ ਵੱਡੀਆਂ ਮੁਸੀਬਤਾਂ ਵੀ ਰਾਹ ਛੱਡ ਦਿੰਦੀਆਂ ਹਨ, ਇਸ ਲਈ ਗੁਰੂ ਮੇਹਰ ਕਰੇ।

# ਕਾਂਗਰਸ ਦੇ ਨਿਧੜਕ ਆਗੂ ਗੁਰਚਰਨ ਸਿੰਘ ਨਾਹਰ ਨੂੰ ਮਿਲੀ ਇਕ ਹੋਰ ਜਿੰਮੇਵਾਰੀ—ਤਰਨਤਾਰਨ ਐਸ.ਸੀ ਵਿਭਾਗ ਦਾ ਲਗਾਇਆ ਜ਼ਿਲ੍ਹਾ ਇੰਚਾਰਜ



ਫ਼ਿਰੋਜ਼ਪੁਰ, 08 ਮਈ (ਮਨੋਹਰ ਲਾਲ) :— ਕਾਂਗਰਸ ਦੇ ਨਿਧੜਕ ਆਗੂ ਗੁਰਚਰਨ ਸਿੰਘ ਨਾਹਰ ਨੂੰ ਜ਼ਿਲ੍ਹਾ ਤਰਨਤਾਰਨ ਐਸ.ਸੀ ਵਿਭਾਗ ਦਾ ਜ਼ਿਲ੍ਹਾ ਇੰਚਾਰਜ ਨਿਯੁਕਤ ਕੀਤਾ ਗਿਆ। ਦਸਣਯੋਗ ਹੈ ਕਿ ਆਲ ਇੰਡੀਆ ਕਾਂਗਰਸ ਕਮੇਟੀ ਦੇ ਐਸ.ਸੀ. ਵਿਭਾਗ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਿੱਚ ਜਥੇਬੰਦਕ ਫੇਰਬਦਲ ਕਰਦਿਆਂ ਨਵੀਆਂ ਨਿਯੁਕਤੀਆਂ ਦਾ ਐਲਾਨ ਕਰਦਿਆਂ ਫਿਰੋਜ਼ਪੁਰ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਗੁਰਚਰਨ ਸਿੰਘ ਨਾਹਰ ਦੀਆਂ ਪਾਰਟੀ ਪ੍ਰਤੀ ਵਫ਼ਾਦਾਰੀ ਅਤੇ ਲੰਬੇ ਸਮੇਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਐਸ.ਸੀ. ਵਿਭਾਗ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ।

ਐਸ.ਸੀ ਵਿਭਾਗ ਤਰਨਤਾਰਨ ਦਾ ਜ਼ਿਲ੍ਹਾ ਇੰਚਾਰਜ ਨਿਯੁਕਤ ਹੋਣ ਤੇ ਪਾਰਟੀ ਸੁਪਰੀਮੋ ਸ੍ਰੀ ਰਾਹੁਲ ਗਾਂਧੀ ਦਾ ਧੰਨਵਾਦ ਕਰਦਿਆਂ ਸ੍ਰੀ ਗੁਰਚਰਨ ਸਿੰਘ ਨਾਹਰ ਨੇ ਕਿਹਾ ਕਿ ਉਹ ਖੁਸ਼ਿਕਸਮਤ ਹਨ ਕਿ ਉਨ੍ਹਾਂ ਨੂੰ ਰਜਿੰਦਰਾ ਪਾਲ ਗੌਤਮ ਨੈਸ਼ਨਲ ਚੇਅਰਮੈਨ ਐਸ.ਸੀ ਡਿਪਾਰਟਮੈਂਟ ਆਲ ਇੰਡੀਆ ਕਾਂਗਰਸ ਕਮੇਟੀ, ਭੁਪੇਸ਼ ਬਘੇਲ ਏ.ਆਈ.ਸੀ.ਸੀ ਦੇ ਜਨਰਲ ਸਕੱਤਰ ਆਈ.ਸੀ ਪੰਜਾਬ, ਪ੍ਰਤਾਪ ਸਿੰਘ ਬਾਜਵਾ ਸੀ.ਐਲ.ਪੀ ਆਗੂ ਪੰਜਾਬ, ਕੇ. ਰਾਜੂ ਰਾਸ਼ਟਰੀ ਕੋਆਰਡੀਨੇਟਰ ਏ.ਆਈ.ਸੀ.ਸੀ ਸੁਤੰਤਰ ਚਾਰਜ ਐਸ.ਸੀ, ਐਸ.ਟੀ, ਓ.ਬੀ.ਸੀ ਅਤੇ ਘੱਟ ਗਿਣਤੀ ਵਿਭਾਗ, ਸੁਧੀਰ ਚੌਧਰੀ ਰਾਸ਼ਟਰੀ ਕੋਆਰਡੀਨੇਟਰ ਸੁਤੰਤਰ ਚਾਰਜ ਪੰਜਾਬ, ਅਨੁਸੂਚਿਤ ਜਾਤੀ ਵਿਭਾਗ ਏ.ਆਈ.ਸੀ.ਸੀ, ਗੁਰਪ੍ਰੀਤ ਸਿੰਘ ਲੱਕੀ ਪੱਖੋਕੇ ਚੇਅਰਮੈਨ ਐਸ.ਸੀ ਵਿਭਾਗ ਪੰਜਾਬ ਪ੍ਰਧਾਨ ਦੀ ਅਗਵਾਈ ਹੇਠ ਕੰਮ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਲੱਗੀ ਜਿੰਮੇਵਾਰੀ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਤਰੱਕੀ, ਉਨਤੀ ਲਈ ਬਣਦਾ ਯੋਗਦਾਨ ਅਦਾ ਕਰਦੇ ਹੋਏ ਘਰ—ਘਰ ਕਾਂਗਰਸ ਦੀਆਂ ਨੀਤੀਆਂ ਪਹੁੰਚਾਉਣ ਲਈ ਪਾਬੰਦ ਰਹਿਣਗੇ। ਸ: ਗੁਰਚਰਨ ਸਿੰਘ ਨਾਹਰ ਦੀ ਇਸ ਨਿਯੁਕਤੀ ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿਚ ਭਾਰੀ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਵੱਡੀ ਗਿਣਤੀ ਕਾਂਗਰਸੀਆਂ ਨੇ ਨਾਹਰ ਪਰਿਵਾਰ ਨੂੰ ਵਧਾਈ ਦਿੱਤੀ। ਸ੍ਰੀ ਗੁਰਚਰਨ ਸਿੰਘ ਨਾਹਰ ਦੇ ਘਰ ਵਧਾਈ ਦੇਣ ਪੁੱਜੇ ਆਗੂਆਂ ਨੇ ਕਿਹਾ ਕਿ ਗੁਰਚਰਨ ਸਿੰਘ ਨਾਹਰ ਇੱਕ ਮਿਹਨਤੀ ਅਤੇ ਜ਼ਮੀਨ ਨਾਲ ਜੁੜਿਆ ਹੋਇਆ ਨਿਧੜਕ ਆਗੂ ਹੈ ਅਤੇ ਇਨ੍ਹਾਂ ਦੀ ਅਗਵਾਈ ਨਾਲ ਕਾਂਗਰਸ ਹੋਰ ਮਜ਼ਬੂਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਸਾਲਾਨਾ ਬਰਸੀ ਬਾਬਾ ਬੀਰ ਸਿੰਘ ਸਾਹਿਬ ਜੀ ਨੌਰੰਗਾਬਾਦ ਪਿੰਡ ਗੱਗੋਬੂਹਾ (ਅੰਮ੍ਰਿਤਸਰ) ☛ ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

• ਸ਼ੁੱਕਰਵਾਰ 8 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ । • ਸ਼ਨਿੱਚਰਵਾਰ 9 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 10 ਮਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਬਲਜੀਤ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### 42ਵੇਂ ਮਹਾਨ ਸ਼ਹੀਦੀ ਸਮਾਗਮ ਮੌਕੇ ਸ਼ਹੀਦਾਂ ਦੇ ਸਤਿਕਾਰ 'ਚ

# ਸੰਗਤਾਂ 6 ਜੂਨ ਨੂੰ ਮਹਿਤੇ ਪਹੁੰਚਣ : ਬਾਬਾ ਹਰਨਾਮ ਸਿੰਘ ਖਾਲਸਾ

## ਸ਼੍ਰੀ ਗੁਰੂ ਗੋਬਿੰਦ ਸਿੰਘ ਸਕੂਲ ਚੂੰਗ 'ਚ ਸਜਾਏ ਵਿਸ਼ਾਲ ਸ਼ਹੀਦੀ ਦੀਵਾਨ











ਚੌਂਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸਾਕਾ ਨੀਲਾ ਤਾਰਾ (ਬਲਿਊ ਸਟਾਰ ਆਪ੍ਰੇਸ਼ਨ) ਦੌਰਾਨ ਸਹਾਦਤ ਦਾ ਜਾਮ ਪੀਣ ਵਾਲੇ ਕੌਮੀ ਯੋਧਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਸ਼ਬਦ ਕੀਰਤਨ ਅਤੇ ਕਥਾ ਸਮਾਗਮਾਂ ਦੀ ਚਲ ਰਹੀ ਲੜੀ ਦੇ ਤਹਿਤ ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) ਵੱਲੋਂ ਅੱਜ ਸ਼ਾਮ ਵੇਲੇ ਦੇ ਧਾਰਮਿਕ ਦੀਵਾਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰ ਨੈਸ਼ਨਲ ਪਬਲਿਕ ਸਕੂਲ ਚੂੰਗ ਵਿਖੇ ਸਜਾਏ ਗਏ। ਜਿੱਥੇ ਸੰਸਥਾ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਅਤੇ ਤੇਜਬੀਰ ਸਿੰਘ ਸੋਹਲ ਦੀ ਦੇਖਰੇਖ ਹੇਠ ਸੁੰਦਰ ਪ੍ਰਬੰਧ ਕੀਤੇ ਗਏ। ਇਸ ਦੌਰਾਨ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜੱਥੇ ਨੇ ਪਵਿੱਤਰ ਗੁਰਬਾਣੀ ਦਾ ਮਿੱਠੜਾ ਕੀਰਤਨ ਕੀਤਾ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਭਾਈ ਸੰਤੋਖ ਸਿੰਘ ਜੀ ਦੁਆਰਾ ਰਚਿਤ ਸ਼੍ਰੀ ਸੂਰਜ ਪ੍ਰਕਾਸ਼ ਗ੍ਰੰਥ 'ਚੋਂ ਮੀਰੀ ਪੀਰੀ ਦੇ ਮਾਲਕ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਗੁਰ ਇਤਹਾਸ ਦਾ ਲੜੀਵਾਰ ਪ੍ਰਸੰਗ ਸਰਵਨ ਕਰਵਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾਂ ਕੀਤਾ। ਗਿਆਨੀ ਖਾਲਸਾ ਨੇ ਸੰਗਤ ਦੇ ਰੂਪ ਵਿਚ ਬੈਠੇ ਸਕੂਲ ਦੇ ਵਿਦਿਆਰਥੀਆਂ ਨੂੰ ਦੁਨਿਆਵੀ ਪੜ੍ਹਾਈ ਦੇ ਨਾਲ ਨਾਲ ਧਾਰਮਿਕ ਵਿਦਿਆ ਵੀ ਗ੍ਰਹਿਣ ਕਰਨ ਦੀ ਸੇਧ ਦਿੱਤੀ। ਉਨਾਂ ਨੇ ਵਿਦਿਆਰਥੀਆਂ ਨੂੰ ਕੇਸ ਕਤਲ ਨਾ ਕਰਵਾ ਕੇ ਸਾਬਿਤ ਸੂਰਤ ਸਿੰਘ ਸੱਜਣ ਅਤੇ ਅੰਮ੍ਰਿਤ ਛਕਣ ਦੀ ਲੋੜ 'ਤੇ ਜੋਰ ਦਿੱਤਾ, ਉਨਾਂ ਕਿਹਾ ਕਿ ਗੁਰੂ ਵਾਲੇ ਬਣ ਕੇ ਸਾਡੇ ਬੱਚੇ ਨਸ਼ੇ ਅਤੇ ਹੋਰਨਾਂ ਸਮਾਜਿਕ ਬੁਰਾਈਆਂ ਤੋਂ ਬਚ ਸਕਦੇ ਹਨ। ਇਸ ਲਈ ਮਾਪੇ ਆਪਣੀ ਜਿੰਮੇਵਾਰੀ ਨੂੰ ਸਮਝਣ, ਬੱਚਿਆਂ ਨੂੰ ਗੁਰੂ ਘਰਾਂ ਦੇ ਨਾਲ ਜੋੜਨ ਅਤੇ ਨਿਤਨੇਮੀ ਬਣਾਉਣ ਵਿੱਚ ਬਣਦਾ ਫਰਜ ਨਿਭਾਉਣ। ਇਸ ਦੌਰਾਨ ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਅਤੇ ਸਟੇਜ ਸੰਚਾਲਨ ਦੀ ਸੇਵਾ ਪ੍ਰਿ. ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਸਮਾਗਮ ਦੇ ਅਖੀਰ ਵਿਚ ਸਕੂਲ ਪ੍ਰਬੰਧਕਾਂ ਨੇ ਸਿਰੋਪਾਓ ਅਤੇ ਦੁਸ਼ਾਲਾ ਭੇਟ ਕਰਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਸਤਿਕਾਰ ਕੀਤਾ। ਇਸ ਮੌਕੇ ਇਸ ਮੌਕੇ ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਬਾਬਾ ਗੁਰਮੀਤ ਸਿੰਘ ਬੱਦੋਵਾਲ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਜਤਿੰਦਰ ਸਿੰਘ ਲੱਧਾ ਮੁੰਡਾ, ਤਜਿੰਦਰਪਾਲ ਸਿੰਘ ਲਾਡੀ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਪ੍ਰਭਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

### ਹਾਈਕੋਰਟ ਵਿੱਚ ਅੱਜ ਮੀਰੀ ਪੀਰੀ ਹਸਪਤਾਲ ਸ਼ਾਹਬਾਦ ਮਾਮਲੇ ਤੇ ਹੋਈ ਬਹਿਸ ਮੁਕੰਮਲ

# ਜਸਟਿਸ ਹਾਈਕੋਰਟ ਨੇ ਫੈਸਲਾ ਰੱਖਿਆ ਰਾਖਵਾਂ

## ਸਾਨੂੰ ਪੂਰੀ ਆਸ ਹੈ ਕੇ ਮੀਰੀ ਪੀਰੀ ਹਸਪਤਾਲ ਅਤੇ ਕਾਲਜ ਸ਼ਾਹਬਾਦ ਮਾਰਕੰਡਾ ਜਲਦੀ ਹਰਿਆਣਾ ਕਮੇਟੀ ਦੇ ਪ੍ਰਬੰਧ ਹੇਠ ਹੋਵੇਗਾ : ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ














ਹਾਈਕੋਰਟ ਵਿੱਚ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਕੇਸ ਦੀ ਅੱਜ 8 ਮਈ 2026 ਨੂੰ ਸੁਣਵਾਈ ਹੋਈ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਦੱਸਿਆ ਕੇ ਹਾਈਕੋਰਟ ਵਿੱਚ ਅੱਜ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਡੇ ਸੀਨੀਅਰ ਵਕੀਲ ਸ੍ਰੀ ਗੌਰਵ ਚੋਪੜਾ ਅਤੇ ਵਕੀਲ ਆਰ ਐਸ ਸੋਹੀ ਪੇਸ਼ ਹੋਏ ਅਤੇ ਆਪਣਾ ਜ਼ਬਰਦਸਤ ਪੱਖ ਰੱਖਿਆ ਸ਼੍ਰੋਮਣੀ ਕਮੇਟੀ ਵੱਲੋਂ ਉਨਾਂ ਦੇ ਸੀਨੀਅਰ ਵਕੀਲ ਪੁਨੀਤ ਬਾਲੀ ਅਤੇ ਹਨੀਮਾ ਗਰੇਵਾਲ ਪੇਸ਼ ਹੋਏ ਉਨਾਂ ਨੇ ਆਪਣਾ ਪੱਖ ਰੱਖਿਆ ਮਾਨਯੋਗ ਜਸਟਿਸ ਸ੍ਰੀ ਜਗਮੋਹਨ ਬੰਸਲ ਵੱਲੋਂ ਦੋਨਾਂ ਧਿਰਾਂ ਦੀਆਂ ਤਕਰੀਬਨ ਡੇਢ ਘੰਟਾ ਦਲੀਲਾਂ ਸੁਣੀਆਂ ਜਿਸ ਤੋਂ ਬਾਅਦ ਫੈਸਲਾ ਰਾਖਵਾਂ ਰੱਖ ਲਿਆ ਹੁਣ ਹਾਈਕੋਰਟ ਕਿਸੇ ਵੇਲੇ ਵੀ ਫੈਸਲਾ ਸੁਣਾ ਸਕਦੀ ਹੈ ਕੇਸ ਦੀ ਸੁਣਵਾਈ ਲਈ ਅੱਜ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਸਰਦਾਰ ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ,ਸਰਦਾਰ ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ,ਸਰਦਾਰ ਦੀਦਾਰ ਸਿੰਘ ਨਲਵੀ ਸੀਨੀਅਰ ਮੈਂਬਰ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਪੰਚਕੂਲਾ ਮੈਂਬਰ,ਸਰਦਾਰ ਰਜਿੰਦਰ ਸਿੰਘ ਬਰਾੜਾ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ,ਸਕੱਤਰ ਸਰਬਜੀਤ ਸਿੰਘ ਜੰਮੂ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਪੁੱਜੇ ਹੋਏ ਸਨ ਉਨਾਂ ਵਲੋਂ ਗੁਰਦੁਆਰਾ ਸਾਹਿਬ ਦੇ ਦਰਸ਼ਨ ਦੀਦਾਰੇ ਕੀਤੇ ਅਤੇ ਵਿਚਾਰ ਵਟਾਂਦਰਾ ਕੀਤਾ। ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਸਾਨੂੰ ਪੂਰੀ ਆਸ ਹੈ ਕੇ ਮੀਰੀ ਪੀਰੀ ਹਸਪਤਾਲ ਅਤੇ ਕਾਲਜ ਸ਼ਾਹਬਾਦ ਮਾਰਕੰਡਾ ਜਲਦੀ ਹਰਿਆਣਾ ਕਮੇਟੀ ਦੇ ਪ੍ਰਬੰਧ ਹੇਠ ਹੋਵੇਗਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243